**ਸੂਚਨਾ**

ਸਮੂਹ ਪਾਠਕਾਂ, ਏਜੰਟ ਸਾਹਿਬਾਨ ਅਤੇ ਇਸ਼ਤਿਹਾਰੀ ਏਜੰਸੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰੋਜ਼ਾਨਾ 'ਆਜ਼ਾਦ ਸੋਚ' ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਲੋਂ ਕੋਰਟ ਨੋਟਿਸਾਂ ਨੂੰ ਪ੍ਰਕਾਸ਼ਿਤ ਕਰਨ ਲਈ ਪੰਜਾਬ ਦੇ ਨਾਲ ਨਾਲ ਹੁਣ ਹਰਿਆਣਾ ਸੂਬੇ ਦੀਆਂ ਅਦਾਲਤਾਂ ਲਈ ਵੀ ਮਾਨਤਾ ਪ੍ਰਾਪਤ ਹੋ ਚੁੱਕਿਆ ਹੈ। ਹਰਿਆਣਾ ਸੂਬੇ ਦੀਆਂ ਅਦਾਲਤਾਂ ਵਿਚੋਂ ਜਾਰੀ ਕੋਰਟ ਨੋਟਿਸ ਪ੍ਰਕਾਸ਼ਿਤ ਕਰਵਾਉਣ ਲਈ ਸਾਡੇ ਹੇਠ ਲਿਖੇ ਪ੍ਰਤੀਨਿੱਧ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

**ਰਾਕੇਸ਼ ਗੋਇਲ (ਇਸ਼ਤਿਹਾਰ ਮੈਨੇਜਰ)**
**ਮੋ: 86995-69067**

ਹਰ ਖ਼ਬਰ ਤੱਕ ਪਹੁੰਚ, ਪੜ੍ਹੋ ਰੋਜ਼ਾਨਾ ਆਜ਼ਾਦ ਸੋਚ

# ਆਜ਼ਾਦ ਸੋਚ ™

www.facebook.com/Azadsoch
www.youtube.com/AzadSoch

ਸੰਗਰੂਰ ਤੋਂ ਪ੍ਰਕਾਸ਼ਿਤ

Postal No. PB/PTA/ (055) 2023-25
R.N.I N O. 61549/92
Website :
www.azadsoch.in
Mail Us at :
azadsoach92@gmail.com
(ਕੇਵਲ ਖ਼ਬਰਾਂ ਲਈ)
azadsochadvt@gmail.com
(ਕੇਵਲ ਇਸ਼ਤਿਹਾਰਾਂ ਲਈ)

ਸਾਲ (Year) 35 | ਅੰਕ (Vol. ) 77 | ਮੁੱਲ (Rate ) 01.00 ਰੁਪਏ | Sunday 29 March, 2026 | ਐਤਵਾਰ 29 ਮਾਰਚ , 2026

ਮੁੱਖ ਸੰਪਾਦਕ : ਸੁਰਿੰਦਰ ਕੁਮਾਰ 93566-05100, ਅਨਿਲ ਕੁਮਾਰ ਗਰਗ : 9317755000 ਡਾਕ ਪਤਾ : ਸਾਹਮਣੇ ਸਰਕਾਰੀ ਹਾਈ ਸਕੂਲ ਪਟਿਆਲਾ ਕੈਂਟ, ਨੇੜੇ 24 ਨੰ: ਫਾਟਕ ,ਧਾਮੋਂ ਮਾਜਰਾ ਰੋਡ ਪਟਿਆਲਾ

## ਅਸੀਂ 13 ਅਪ੍ਰੈਲ ਨੂੰ 'ਬੇਅਦਬੀ' ਕਾਨੂੰਨ ਵਿੱਚ ਸੋਧ ਕਰਾਂਗੇ; ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਨ ਵਾਲੇ ਕਿਸੇ ਵੀ ਸ਼ਖ਼ਸ ਨੂੰ 10 ਸਾਲ ਤੋਂ ਲੈ ਕੇ ਉਮਰ ਕੈਦ ਤੱਕ ਦੀ ਸਜ਼ਾ ਹੋਵੇਗੀ: ਭਗਵੰਤ ਸਿੰਘ ਮਾਨ

**ਆਜ਼ਾਦ ਸੋਚ**
**ਜੇ.ਐਸ.ਖੰਨਾ/ਸੁਨੀਲ ਵਰਮਾ**
**ਫਤਿਹਗੜ੍ਹ ਸਾਹਿਬ, 28 ਮਾਰਚ**



**• ਭਗਵੰਤ ਮਾਨ ਸਰਕਾਰ 'ਬੇਅਦਬੀ' 'ਤੇ ਸਖ਼ਤ ਕਾਨੂੰਨ ਬਣਾਏਗੀ, ਵਿਸਾਖੀ ਵਾਲੇ ਦਿਨ ਹੋਵੇਗਾ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ • ਆਪਣੇ ਕਾਰਜਕਾਲ ਦੌਰਾਨ 'ਬੇਅਦਬੀ' ਅਤੇ ਕਤਲੋ-ਗਾਰਦ ਦੀਆਂ ਘਟਨਾਵਾਂ ਤੋਂ ਬਾਦਲਾਂ ਨੇ ਅੱਖਾਂ ਫੇਰ ਲਈਆਂ ਸਨ, ਉਨ੍ਹਾਂ ਦੇ ਵੱਡੇ-ਵੱਡੇ ਦਾਅਵਿਆਂ ਦਾ ਪਰਦਾਫਾਸ਼ ਹੋਇਆ : ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਲੋਕ ਕਿਸੇ ਵੀ ਹੀਲੇ 'ਬੇਅਦਬੀ' ਨੂੰ ਨਹੀਂ ਭੁੱਲਣਗੇ, ਜਿਸ ਲਈ ਬਾਦਲ ਪਰਿਵਾਰ ਜ਼ਿੰਮੇਵਾਰ ਹੈ ਤੇ ਰਹੇਗਾ: ਮੁੱਖ ਮੰਤਰੀ ਭਗਵੰਤ ਸਿੰਘ ਮਾਨ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਥੇ ਪਿਛਲੀਆਂ 'ਬੇਅਦਬੀ' ਦੀਆਂ ਘਟਨਾਵਾਂ ਨੂੰ ਲੈ ਕੇ ਸੁਖਬੀਰ ਸਿੰਘ ਬਾਦਲ ਅਤੇ ਸ਼੍ਰੋਮਣੀ ਅਕਾਲੀ ਦਲ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਕਾਨੂੰਨਾਂ ਨੂੰ ਸਖ਼ਤ ਬਣਾ ਕੇ ਅਤੇ ਸਖ਼ਤ ਸਜ਼ਾਵਾਂ ਲਾਗੂ ਕਰਕੇ ਇਸ ਸਬੰਧੀ ਇਨਸਾਫ਼ ਯਕੀਨੀ ਬਣਾਉਣ ਲਈ ਫੈਸਲਾਕੁੰਨ ਕਦਮ ਚੁੱਕ ਰਹੀ ਹੈ।

ਫਤਿਹਗੜ੍ਹ ਸਾਹਿਬ ਵਿੱਚ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਵੱਡੇ-ਵੱਡੇ ਦਾਅਵੇ ਕਰਦਾ ਹੈ ਕਿ ਸਭ ਕੁਝ ਉਨ੍ਹਾਂ ਦਾ ਬਣਾਇਆ ਹੋਇਆ ਹੈ, ਪਰ ਉਹ ਕੋਟਕਪੂਰਾ, ਬਹਿਬਲ ਕਲਾਂ ਅਤੇ ਹੋਰ ਥਾਵਾਂ 'ਤੇ ਅੱਖਾਂ ਬੰਦ ਕਰ ਲੈਂਦੇ ਹਨ, ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਹੋਈ ਸੀ ਅਤੇ ਨਿਰਦੋਸ਼ ਲੋਕ ਮਾਰੇ ਗਏ ਸਨ, ਜੋ ਸਭ ਅਕਾਲੀਆਂ ਦੇ ਕਾਰਜਕਾਲ ਦੌਰਾਨ ਹੋਇਆ।

ਉਨ੍ਹਾਂ ਅੱਗੇ ਕਿਹਾ ਕਿ ਅਕਾਲੀ ਸ਼ਾਇਦ ਇਨ੍ਹਾਂ 'ਬੇਅਦਬੀ' ਦੀਆਂ ਘਟਨਾਵਾਂ ਨੂੰ ਭੁੱਲ ਗਏ ਹਨ ਅਤੇ ਮੰਨਦੇ ਹਨ ਕਿ ਲੋਕ ਵੀ ਸਭ ਭੁੱਲ ਜਾਣਗੇ, ਪਰ ਲੋਕ ਕੁਝ ਵੀ ਭੁੱਲਣ ਵਾਲੇ ਨਹੀਂ ਕਿ ਇਨ੍ਹਾਂ ਘਟਨਾਵਾਂ ਵਿੱਚ ਉਨ੍ਹਾਂ ਦਾ ਹੀ ਪਰਿਵਾਰ ਸ਼ਾਮਲ ਸੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਸੀਂ ਸਭ ਠੀਕ ਕਰਾਂਗੇ ਅਤੇ ਇਸ ਸਬੰਧੀ ਕਾਨੂੰਨ ਨੂੰ ਸਖ਼ਤ ਕਰਨ ਲਈ ਅਸੀਂ ਆਲਾ ਦਰਜੇ ਦੇ ਕਾਨੂੰਨੀ ਮਾਹਿਰਾਂ ਨਾਲ ਸਲਾਹ ਕਰ ਰਹੇ ਹਾਂ। ਵਿਸਾਖੀ ਮੌਕੇ ਅਸੀਂ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ, 2008 ਵਿਚ ਸੋਧ ਕਰਨ ਲਈ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਬੁਲਾਇਆ ਹੈ੍ਖਿ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਬੇਅਦਬੀ ਕਰਨ ਵਾਲੇ ਕਿਸੇ ਵੀ ਸ਼ਖ਼ਸ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਾ ਸਾਹਮਣਾ ਕਰਨਾ ਪਵੇਗਾ, ਜਿਸ ਲਈ ਘੱਟੋ-ਘੱਟ 10 ਸਾਲ ਅਤੇ ਉਮਰ ਕੈਦ ਤੱਕ ਦੀ ਸਜ਼ਾ ਦਾ ਪ੍ਰਬੰਧ ਕੀਤਾ ਜਾਵੇਗਾ। ਇਸ ਨਾਲ ਕੋਈ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਨਿਰਾਦਰ ਕਰਨ ਦੀ ਹਿੰਮਤ ਨਹੀਂ ਕਰ ਸਕੇਗਾ। ਅਸੀਂ ਸੰਤ ਸਮਾਜ ਨਾਲ ਵੀ ਸਲਾਹ-ਮਸ਼ਵਰਾ ਕਰ ਰਹੇ ਹਾਂ। ਇਹ ਕੁਝ ਅਜਿਹਾ ਹੈ ਜੋ ਸਿਰਫ਼ ਅਸੀਂ ਹੀ ਕਰ ਸਕਦੇ ਹਾਂ ਅਤੇ ਕਰ ਰਹੇ ਹਾਂ ਕਿਉਂਕਿ ਲੋਕ ਕਿਸੇ ਹੋਰ ਸਰਕਾਰ ਤੋਂ ਹੁਣ ਕੋਈ ਉਮੀਦ ਵੀ ਨਹੀਂ ਰੱਖਦੇ।

## ਪੰਜਾਬ ਭਰ ਵਿੱਚ 'ਸਿਹਤ ਕ੍ਰਾਂਤੀ' ਨੇ ਪੈਰ ਪਸਾਰੇ; ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 109 ਆਮ ਆਦਮੀ ਕਲੀਨਿਕ ਲੋਕਾਂ ਨੂੰ ਕੀਤੇ ਸਮਰਪਿਤ

**• ਸਿਰਫ 4 ਸਾਲਾਂ 'ਚ 990 ਆਮ ਆਦਮੀ ਕਲੀਨਿਕ ਸਥਾਪਤ ਕੀਤੇ, 400 ਹੋਰ ਪ੍ਰਗਤੀ ਅਧੀਨ: ਅਰਵਿੰਦ ਕੇਜਰੀਵਾਲ • ਜਨਤਕ ਸਿਹਤ ਸੰਭਾਲ ਮਾਡਲ ਦਾ ਵੱਡੇ ਪੱਥਰ 'ਤੇ ਵਿਸਥਾਰ ਹੋਇਆ; ਆਮ ਆਦਮੀ ਕਲੀਨਿਕਾਂ 'ਤੇ ਲੋਕਾਂ ਨੂੰ ਮੁਫ਼ਤ ਮਿਲ ਰਹੀਆਂ 107 ਦਵਾਈਆਂ ਅਤੇ 47 ਡਾਇਗਨੌਸਟਿਕ ਟੈਸਟ: ਅਰਵਿੰਦ ਕੇਜਰੀਵਾਲ • 65 ਲੱਖ ਪਰਿਵਾਰਾਂ ਨੂੰ ਮਿਲਣਗੇ ਹੈਲਥ ਕਾਰਡ, 30 ਲੱਖ ਪਹਿਲਾਂ ਹੀ ਜਾਰੀ ਕੀਤੇ; ਹੁਣ ਤੱਕ 1.65 ਲੱਖ ਲੋਕਾਂ ਨੇ ਇਲਾਜ ਕਰਵਾਇਆ: ਅਰਵਿੰਦ ਕੇਜਰੀਵਾਲ • ਅਕਾਲੀ ਲੀਡਰਸ਼ਿਪ ਨੇ ਪੰਜਾਬ ਨੂੰ ਲੁੱਟਿਆ ਅਤੇ ਮਾਫੀਆ ਨੂੰ ਸਰਪ੍ਰਸਤੀ ਦਿੱਤੀ; ਲੋਕ ਹੁਣ ਉਨ੍ਹਾਂ ਦੇ ਨਾਟਕਾਂ 'ਚ ਨਹੀਂ ਫਸਣਗੇ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਸੁਖਬੀਰ ਬਾਦਲ ਪੰਜਾਬ ਨੂੰ ਲੁੱਟਣ ਲਈ ਸਮੈਕ ਆਰਗੇਨਾਈਜੇਸਨ ਆਫ ਇੰਡੀਆ ਦੇ ਆਗੂਆਂ ਨੂੰ ਨਾਲ ਲੈ ਕੇ ਚੱਲ ਰਿਹੈ, ਜੋ ਬਿਲਕੁਲ ਬਰਦਾਸ਼ਤ ਯੋਗ ਨਹੀਂ: ਮੁੱਖ ਮੰਤਰੀ ਭਗਵੰਤ ਸਿੰਘ ਮਾਨ• ਲੋਕਾਂ ਨੇ ਮੌਕਾਪ੍ਰਸਤ ਪਾਰਟੀਆਂ ਨੂੰ ਨਕਾਰ ਦਿੱਤਾ ਹੈ; ਸਾਡਾ ਏਜੰਡਾ ਸਿੱਖਿਆ, ਸਿਹਤ, ਬਿਜਲੀ ਅਤੇ ਕਿਸਾਨਾਂ ਦੀ ਭਲਾਈ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਮੁਫ਼ਤ ਬਿਜਲੀ ਤੋਂ ਲੈ ਕੇ ਨੌਜਵਾਨਾਂ ਨੂੰ 65,000 ਸਰਕਾਰੀ ਨੌਕਰੀਆਂ ਤੱਕ, 'ਆਪ' ਸਰਕਾਰ ਨੇ ਪੰਜਾਬੀਆਂ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ**

**ਆਜ਼ਾਦ ਸੋਚ**
**ਜੇ.ਐਸ.ਖੰਨਾ/ਸੁਨੀਲ ਵਰਮਾ**
**ਫਤਿਹਗੜ੍ਹ ਸਾਹਿਬ, 28 ਮਾਰਚ**

ਪੰਜਾਬ ਵਿੱਚ ਆਪਣੇ ਪ੍ਰਮੁੱਖ ਸਿਹਤ ਸੰਭਾਲ ਮਾਡਲ ਨੂੰ ਵੱਡਾ ਹੁਲਾਰਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ (ਆਪ) ਦੀ ਪੰਜਾਬ ਸਰਕਾਰ ਨੇ ਅੱਜ 109 ਨਵੇਂ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ, ਜਿਸ ਨਾਲ ਰਾਜ ਵਿੱਚ ਅਜਿਹੇ ਕਲੀਨਿਕਾਂ ਦੀ ਕੁੱਲ ਗਿਣਤੀ ਚਾਰ ਸਾਲਾਂ ਦੇ ਅੰਦਰ 990 ਹੋ ਗਈ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਅਜਿਹੇ 400 ਹੋਰ ਕਲੀਨਿਕ ਵੀ ਖੋਲ੍ਹੇ ਜਾਣਗੇ। ਆਪਣੀ ਸਰਕਾਰ ਦੇ ਸਿਹਤ ਮਾਡਲ ਨੂੰ ਜਨਤਕ ਸਿਹਤ ਸੰਭਾਲ ਢਾਂਚੇ ਦੇ ਵੱਡੇ ਪੱਧਰ 'ਤੇ ਵਿਸਥਾਰ ਵਜੋਂ ਪੇਸ ਕਰਦੇ ਕਰਦਿਆਂ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਹ ਕਲੀਨਿਕ 107 ਦਵਾਈਆਂ ਅਤੇ 47 ਡਾਇਗਨੌਸਟਿਕ ਟੈਸਟ ਪੂਰੀ ਤਰ੍ਹਾਂ ਮੁਫਤ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਨਾਲ ਹੀ ਕਿਹਾ ਕਿ ਇਸ ਸਿਹਤ ਨੈੱਟਵਰਕ ਤਹਿਤ ਹੁਣ ਤੱਕ ਤਕਰੀਬਨ 5 ਕਰੋੜ ਓ.ਪੀ.ਡੀ. ਵਿਜ਼ਿਟ ਦਰਜ ਕੀਤੀਆਂ ਗਈਆਂ ਹਨ।

'ਆਪ' ਸੁਪਰੀਮੋ ਨੇ ਸਾਂਝਾ ਕੀਤਾ ਕਿ ਸਰਕਾਰ 65 ਲੱਖ ਪਰਿਵਾਰਾਂ ਨੂੰ ਸਿਹਤ ਕਾਰਡ ਜਾਰੀ ਕਰ ਰਹੀ ਹੈ, ਜਿਨ੍ਹਾਂ ਵਿੱਚੋਂ 30 ਲੱਖ ਕਾਰਡ ਪਹਿਲਾਂ ਹੀ ਬਣ ਚੁੱਕੇ ਹਨ ਅਤੇ 1.65 ਲੱਖ ਲੋਕਾਂ ਨੇ ਇਸ ਨਾਲ ਇਲਾਜ ਦਾ ਲਾਭ ਉਠਾਇਆ ਲਿਆ ਹੈ। ਆਪਣੇ ਵਿਰੁੱਧ ਦੋਸ਼ਾਂ ਅਤੇ ਕਾਨੂੰਨੀ ਕਾਰਵਾਈਆਂ ਦਾ ਹਵਾਲਾ ਦਿੰਦੇ ਦਿੰਦਿਆਂ ਉਨ੍ਹਾਂ ਕਿਹਾ ਕਿ ਸਾਡੀ ਪਾਰਟੀ ਦੀ "ਕੰਮ ਦੀ ਰਾਜਨੀਤੀ" ਨੂੰ ਰੋਕਣ ਲਈ ਲਈ ਮੈਨੂੰ ਅਤੇ ਮੇਰੀ ਪਾਰਟੀ ਦੇ ਹੋਰ ਆਗੂਆਂ ਨੂੰ ਝੂਠੇ ਮਾਮਲਿਆਂ ਵਿੱਚ ਜੇਲ੍ਹ ਭੇਜਿਆ ਗਿਆ ਸੀ। ਉਨ੍ਹਾਂ ਕਿਹਾ ਕਿ ਅਦਾਲਤ ਨੂੰ ਉਨ੍ਹਾਂ ਵਿਰੁੱਧ ਕੋਈ ਸਬੂਤ ਨਹੀਂ ਮਿਲਿਆ ਅਤੇ ਅਦਾਲਤ ਦੇ ਫ਼ੈਸਲੇ ਨੇ ਉਨ੍ਹਾਂ ਦੀ "ਕੱਟੜ ਇਮਾਨਦਾਰੀ" (ਕੱਟੜ ਇਮਾਨਦਾਰੀ) ਨੂੰ ਕਾਇਮ ਰੱਖਿਆ। ਦਿੱਲੀ ਦੇ ਸਾਬਕਾ ਮੁੱਖ ਮੰਤਰੀ ਨੇ ਦਿੱਲੀ ਨਾਲ ਤੁਲਨਾ ਕਰਦਿਆਂ ਪੰਜਾਬ ਦੇ ਵੋਟਰਾਂ ਨੂੰ ਭਾਜਪਾ ਦੀਆਂ ਲੋਕ ਵਿਰੋਧੀ ਨੀਤੀਆਂ ਵਿਰੁੱਧ ਸਾਵਧਾਨ ਕਰਦਿਆਂ ਕਿਹਾ ਕਿ ਜੇ ਬੀਜੇਪੀ ਦੀ ਸਰਕਾਰ ਆਉਂਦੀ ਹੈ ਤਾਂ ਉਹ ਦਿੱਲੀ ਵਾਂਗ ਮੁਫਤ ਬਿਜਲੀ, ਸਿਹਤ ਸੰਭਾਲ ਅਤੇ ਹੋਰ ਜਨਤਕ ਸੇਵਾਵਾਂ ਵਰਗੇ ਭਲਾਈ ਉਪਾਵਾਂ ਨੂੰ ਵਾਪਸ ਲੈ ਲਵੇਗੀ।



ਫਤਿਹਗੜ੍ਹ ਸਾਹਿਬ ਵਿੱਚ ਵਿਸਾਲ ਇਕੱਠ ਨੂੰ ਸੰਬੋਧਨ ਕਰਦੇ ਕਰਦਿਆਂ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ 109 ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕੀਤਾ ਜਾ ਰਿਹਾ ਹੈ, ਜਿੱਥੇ ਗਰੀਬਾਂ ਨੂੰ ਇਲਾਜ ਅਤੇ ਮੁਫਤ ਦਵਾਈਆਂ ਮਿਲਣਗੀਆਂ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ 881 ਆਮ ਆਦਮੀ ਕਲੀਨਿਕ ਪਹਿਲਾਂ ਹੀ ਬਣਾਏ ਜਾ ਚੁੱਕੇ ਹਨ ਅਤੇ ਇਸ ਸੂਚੀ ਵਿੱਚ ਅੱਜ 109 ਹੋਰ ਕਲੀਨਿਕ ਜੋੜੇ ਜਾ ਰਹੇ ਹਨ, ਜਿਸ ਨਾਲ ਇਨ੍ਹਾਂ ਕਲੀਨਿਕਾਂ ਦੀ ਕੁੱਲ ਗਿਣਤੀ 990 ਹੋ ਗਈ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ 400 ਹੋਰ ਆਮ ਆਦਮੀ ਕਲੀਨਿਕ ਸਥਾਪਤ ਕੀਤੇ ਜਾਣਗੇ ਜਾਣਗੇ, ਜਿਸਦਾ ਨਾਲ ਪੰਜਾਬ ਭਰ ਵਿੱਚ ਲਗਭਗ 1500 ਆਮ ਆਦਮੀ ਕਲੀਨਿਕ ਕਾਰਜਸ਼ੀਲ ਹੋ ਜਾਣਗੇ।

ਉਨ੍ਹਾਂ ਕਿਹਾ ਪੰਜਾਬ ਦੇ ਹਰ ਕੋਨੇ, ਹਰ ਪਿੰਡ ਅਤੇ 'ਮੁਹੱਲੇ' ਵਿੱਚ ਤੁਹਾਨੂੰ ਇੱਕ ਆਮ ਆਦਮੀ ਕਲੀਨਿਕ ਮਿਲੇਗਾ। ਜੇਕਰ ਤੁਹਾਨੂੰ ਕੋਈ ਛੋਟੀ ਸਮੱਸਿਆ ਹੈ ਤਾਂ ਤੁਸੀਂ ਇਲਾਜ ਲਈ ਉੱਥੇ ਜਾ ਸਕਦੇ ਹੋ, ਜਿੱਥੇ ਡਾਕਟਰ ਦੀ ਸਲਾਹ, ਇਲਾਜ, ਟੈਸਟ ਅਤੇ ਦਵਾਈਆਂ ਸਭ ਮੁਫਤ ਹਨ। ਪਿਛਲੇ 75 ਸਾਲਾਂ ਵਿੱਚ, ਬਾਕੀ ਸਾਰੀਆਂ ਪਾਰਟੀਆਂ ਨੇ ਪੰਜਾਬ ਉੱਤੇ ਰਾਜ ਕੀਤਾ, ਕਾਂਗਰਸ ਨੇ ਰਾਜ ਕੀਤਾ, ਭਾਜਪਾ ਨੇ ਰਾਜ ਕੀਤਾ, ਅਕਾਲੀ ਦਲ ਨੇ ਰਾਜ ਕੀਤਾ, ਪਰ ਉਨ੍ਹਾਂ ਵੱਲੋਂ ਅਜਿਹਾ ਇੱਕ ਵੀ ਕਲੀਨਿਕ ਨਹੀਂ ਖੋਲ੍ਹਿਆ ਗਿਆ, ਜਿੱਥੇ ਲੋਕਾਂ ਨੂੰ ਅਜਿਹੀਆਂ ਸਹੂਲਤਾਂ ਅਤੇ ਗੁਣਵੱਤਾ ਵਾਲਾ ਇਲਾਜ ਮਿਲ ਸਕੇ।"

ਅਰਵਿੰਦ ਕੇਜਰੀਵਾਲ ਨੇ ਅੱਗੇ ਕਿਹਾ ਕਿ ਚਾਰ ਸਾਲਾਂ ਦੇ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਭਰ ਵਿੱਚ ਮੁਫਤ ਇਲਾਜ ਯਕੀਨੀ ਬਣਾਇਆ ਹੈ। ਹੁਣ ਤੱਕ 5 ਕਰੋੜ ਓਪੀਡੀ ਵਿਜ਼ਿਟਸ ਦਰਜ ਕੀਤੀਆਂ ਗਈਆਂ ਹਨ। ਪੰਜਾਬ ਦੀ ਆਬਾਦੀ 3 ਕਰੋੜ ਹੈ, ਜਿਸਦਾ ਮਤਲਬ ਹੈ ਕਿ ਬਹੁਤ ਸਾਰੇ ਲੋਕ ਕਈ-ਕਈ ਵਾਰ ਇਲਾਜ ਲਈ ਇਨ੍ਹਾਂ ਕਲੀਕਿਨਾਂ ਵਿੱਚ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਥੇ ਸ਼ੂਗਰ ਦੇ ਮਰੀਜ ਹਨ, ਬਲੱਡ ਪ੍ਰੈਸਰ ਦੇ ਮਰੀਜ ਹਨ, ਜੋ ਹਰ ਮਹੀਨੇ ਇਨ੍ਹਾਂ ਕਲੀਨਕਾਂ 'ਚੋਂ ਦਵਾਈ ਲੈਂਦੇ ਹਨ ਅਤੇ ਕਈ ਅਜਿਹੇ ਹਨ ਜੋ ਇੱਕ ਵਾਰ, ਦੋ ਵਾਰ ਜਾਂ ਤਿੰਨ ਵਾਰ ਇਥੇ ਜਾ ਚੁੱਕੇ ਹੋਣਗੇ, ਕਿਉਂਕਿ ਉਨ੍ਹਾਂ ਨੂੰ ਇਨ੍ਹਾਂ ਕਲੀਨਿਕਾਂ ਵਿੱਚ ਮੁਫ਼ਤ ਇਲਾਜ ਅਤੇ ਦਵਾਈਆਂ ਮਿਲ ਰਹੀਆਂ ਹਨ।

ਫੀਡਬੈਕ ਅਤੇ ਨਿਗਰਾਨੀ ਬਾਰੇ ਦੱਸਦਿਆਂ ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫਤਰ ਤੋਂ ਆਮ ਆਦਮੀ ਕਲੀਨਿਕਾਂ ਵਿੱਚ ਆਉਣ ਵਾਲੇ ਸਾਰੇ ਮਰੀਜਾਂ ਨੂੰ ਕਾਲਾਂ ਕੀਤੀਆਂ ਗਈਆਂ। ਉਨ੍ਹਾਂ ਤੋਂ ਉਨ੍ਹਾਂ ਦੇ ਤਜਰਬੇ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਨੇ ਕਿਹਾ ਕਿ ਇਹ ਵਧੇਰੇ ਸੁਵਿਧਾਜਨਕ ਰਿਹਾ। ਜਦੋਂ ਉਨ੍ਹਾਂ ਨੂੰ ਪੁੱਛਿਆ ਗਿਆ ਕਿ ਕੀ ਉਨ੍ਹਾਂ ਨੂੰ ਕੋਈ ਸਮੱਸਿਆ ਆਈ ਹੈ, ਤਾਂ ਉਨ੍ਹਾਂ ਨੇ ਕਿਹਾ ਨਹੀਂ ਕੋਈ ਸਮੱਸਿਆ ਨਹੀਂ ਆਈ। ਉਨ੍ਹਾਂ ਨੇ ਪੁਸਟੀ ਕੀਤੀ ਕਿ ਉਨ੍ਹਾਂ ਨੂੰ ਡਾਕਟਰਾਂ ਤੋਂ ਸਹੀ ਦਵਾਈਆਂ ਅਤੇ ਇਲਾਜ ਮਿਲਿਆ ਹੈ। ਲੋਕਾਂ ਨੇ ਭਗਵੰਤ ਸਿੰਘ ਮਾਨ ਨੂੰ, ਆਮ ਆਦਮੀ ਪਾਰਟੀ ਨੂੰ ਅਤੇ ਸਾਨੂੰ ਸਾਰਿਆਂ ਨੂੰ ਫੋਨ 'ਤੇ ਢੇਰ ਸਾਰੀਆਂ ਅਸੀਸਾਂ ਦਿੱਤੀਆਂ। ਕਿਸੇ ਇੱਕ ਵਿਅਕਤੀ ਵੱਲੋਂ ਵੀ ਸ਼ਿਕਾਇਤ ਨਹੀਂ ਕੀਤੀ ਗਈ। ਕਿਉਂ ? ਕਿਉਂਕਿ ਮੁੱਖ ਮੰਤਰੀ ਦਫ਼ਤਰ ਤੋਂ ਹਰ ਚੀਜ ਦੀ ਨਿਗਰਾਨੀ ਕੀਤੀ ਜਾ ਰਹੀ ਹੈ। ਦਵਾਈਆਂ ਦੀ ਕੋਈ ਕਮੀ ਨਹੀਂ ਹੈ, ਟੈਸਟਾਂ ਦੀ ਕੋਈ ਕਮੀ ਨਹੀਂ ਹੈ, ਡਾਕਟਰਾਂ ਦੀ ਕੋਈ ਕਮੀ ਨਹੀਂ ਹੈ।

ਉਨ੍ਹਾਂ ਕਿਹਾ ਕਿ ਜਦੋਂ ਵੀ ਕੋਈ ਛੋਟੀ ਤੋਂ ਛੋਟੀ ਮੁਸ਼ਕਿਲ ਵੀ ਦਰਪੇਸ਼ ਆਉਂਦੀ ਹੈ ਤਾਂ ਉੱਪਰੋਂ ਤੁਰੰਤ ਇਸ ਨੂੰ ਠੀਕ ਕਰਨ ਲਈ ਨਿਰਦੇਸ ਜਾਰੀ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਆਮ ਤੌਰ 'ਤੇ ਦੇਖਿਆ ਜਾਵੇ ਤਾਂ ਅਕਸਰ ਅਜਿਹਾ ਹੁੰਦਾ ਹੈ ਕਿ ਸਰਕਾਰੀ ਡਿਸਪੈਂਸਰੀਆਂ ਅਤੇ ਕਲੀਨਿਕ ਬਣ ਤਾਂ ਜਾਂਦੇ ਹਨ ਪਰ ਕੰਮ ਨਹੀਂ ਕਰਦੇ ਅਤੇ ਦਸ ਦਿਨਾਂ ਦੇ ਅੰਦਰ ਉਹ ਖਾਲੀ ਹੋ ਜਾਂਦੇ ਹਨ। ਪਰ ਆਮ ਆਦਮੀ ਕਲੀਨਿਕ ਅਜਿਹੇ ਨਹੀਂ ਹਨ। ਹਰੇਕ ਕਲੀਨਿਕ ਦੀ ਮੁੱਖ ਮੰਤਰੀ ਦਫਤਰ ਵੱਲੋਂ ਨੇੜਿਓਂ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਸਾਰਾ ਕੰਮ ਸਹੀ ਢੰਗ ਨਾਲ ਕੀਤਾ ਜਾ ਰਿਹਾ ਹੈ। ਇਨ੍ਹਾਂ 5 ਕਰੋੜ ਓਪੀਡੀ ਵਿਜ਼ਿਟਸ ਤੋਂ ਲਗਭਗ 1.5 ਤੋਂ 2 ਕਰੋੜ ਲੋਕਾਂ ਨੇ ਇਲਾਜ ਕਰਵਾਇਆ ਹੈ ਅਤੇ ਆਪਣੀਆਂ ਅਸੀਸਾਂ ਦਿੱਤੀਆਂ। ਪਿਛਲੇ ਚਾਰ ਸਾਲਾਂ ਵਿੱਚ, ਅਸੀਂ ਤੁਹਾਡੀਆਂ ਅਸੀਸਾਂ ਕਮਾਈਆਂ ਹਨ, ਨਾ ਕਿ ਪੈਸਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਸੀਂ ਇੱਕ ਪੈਸਾ ਵੀ ਨਹੀਂ ਕਮਾਇਆ, ਸਗੋਂ ਸਿਰਫ਼ ਤੇ ਸਿਰਫ਼ ਤੁਹਾਡਾ ਆਸੀਰਵਾਦ ਕਮਾਇਆ ਹੈ। 'ਆਪ' ਮੁਖੀ ਨੇ ਅੱਗੇ ਕਿਹਾ ਕਿ ਬਹੁਤ ਸਾਰੇ ਲੋਕਾਂ ਨੇ ਮੇਰੇ ਵਿਰੁੱਧ, ਮਨੀਸ ਸਿਸੋਦੀਆ ਵਿਰੁੱਧ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਵਿਰੁੱਧ ਝੂਠੇ ਦੋਸ ਲਾਏ। ਉਨ੍ਹਾਂ ਵੱਲੋਂ ਕਿਹਾ ਗਿਆ ਕਿ ਕੇਜਰੀਵਾਲ ਨੇ ਪੈਸੇ ਲਏ, ਕੇਜਰੀਵਾਲ ਨੇ ਭ੍ਰਿਸਟਾਚਾਰ ਕੀਤਾ, ਕੇਜਰੀਵਾਲ ਨੇ 100 ਕਰੋੜ ਰੁਪਏ ਲਏ, ਅਤੇ ਸਰਾਬ ਘੁਟਾਲਾ ਕੀਤਾ। ਉਨ੍ਹਾਂ ਨੇ ਸਾਨੂੰ ਜੇਲ੍ਹਾਂ ਵਿੱਚ ਪਾ ਦਿੱਤਾ, ਮੈਨੂੰ ਛੇ ਮਹੀਨੇ ਜੇਲ੍ਹ ਵਿੱਚ ਰੱਖਿਆ ਗਿਆ, ਮਨੀਸ ਸਿਸੋਦੀਆ ਨੂੰ ਡੇਢ ਸਾਲ ਜੇਲ੍ਹ ਵਿੱਚ ਰੱਖਿਆ ਗਿਆ। ਅਜਿਹੀਆਂ ਸ਼ਕਤੀਸ਼ਾਲੀ ਤਾਕਤਾਂ ਸਾਡੇ ਪਿੱਛੇ ਹਨ। ਪਰ ਹੁਣ ਅਦਾਲਤ ਦੇ ਫ਼ੈਸਲੇ ਨੇ ਸਭ ਕੁਝ ਸਾਫ਼ ਕਰ ਦਿੱਤਾ ਕਿ ਕੇਜਰੀਵਾਲ ਵਿਰੁੱਧ ਕੋਈ ਸਬੂਤ ਨਹੀਂ ਹੈ, ਇੱਕ ਵੀ ਸਬੂਤ ਨਹੀਂ ਉਸ ਨੇ ਸਾਂਝਾ ਕੀਤਾ ਕਿ ਅਦਾਲਤ ਨੇ ਆਪਣੇ ਹੁਕਮਾਂ ਵਿੱਚ ਕਿਹਾ ਕਿ ਕੇਜਰੀਵਾਲ 'ਕੱਟੜ ਇਮਾਨਦਾਰ' ਹੈ ਅਤੇ ਉਸ ਨੇ ਕੋਈ ਗਲਤ ਕੰਮ ਨਹੀਂ ਕੀਤਾ ਅਤੇ ਭਾਜਪਾ ਆਗੂ ਝੂਠ ਬੋਲ ਰਹੇ ਹਨ। ਲੋਕਾਂ ਨੇ ਮੈਨੂੰ ਪੁੱਛਿਆ ਕਿ ਅਜਿਹਾ ਚਮਤਕਾਰ ਕਿਵੇਂ ਹੋਇਆ। ਮੈਂ ਕਿਹਾ ਕਿ ਮੈਨੂੰ ਵਿਸਵਾਸ ਕਰਨਾ ਮੁਸਕਲ ਹੈ।

## 140 ਲੱਖ ਮੀਟਰਕ ਟਨ ਪੈਦਾਵਾਰ ਦੀ ਸੰਭਾਵਨਾ ਵਾਲੇ ਕਣਕ ਵਾਢੀ ਦਾ ਸੀਜਨ ਨੇੜੇ ਆਉਣ 'ਤੇ ਪੰਜਾਬ ਨੇ ਤੇਲ ਸਪਲਾਈ ਦੀ ਫੌਰੀ ਮੰਗ ਚੁੱਕੀ, ਕੇਂਦਰ ਤੁਰੰਤ ਕਾਰਵਾਈ ਕਰੇ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਆਜ਼ਾਦ ਸੋਚ ਬਿਊਰੋ**
**ਚੰਡੀਗੜ੍ਹ, 28 ਮਾਰਚ**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਾਰਤ ਸਰਕਾਰ ਤੋਂ ਪੈਟਰੋਲ, ਡੀਜਲ ਤੇ ਡੀ.ਏ.ਪੀ. ਖਾਦ ਦੀ ਵਧੀ ਹੋਈ ਅਤੇ ਨਿਰਵਿਘਨ ਸਪਲਾਈ ਤੁਰੰਤ ਯਕੀਨੀ ਬਣਾਉਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ 140 ਲੱਖ ਮੀਟਰਿਕ ਟਨ ਕਣਕ ਦੀ ਵਾਢੀ ਲਈ ਤਿਆਰ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਤੇਲ ਦੀ ਉਪਲਬਧਤਾ ਵਿੱਚ ਕਿਸੇ ਵੀ ਤਰ੍ਹਾਂ ਦਾ ਅੜਿੱਕਾ ਕੌਮੀ ਖੁਰਾਕ ਸੁਰੱਖਿਆ ਨੂੰ ਸਿੱਧੇ ਤੌਰ 'ਤੇ ਪ੍ਰਭਾਵਤ ਕਰ ਸਕਦਾ ਹੈ। ਕਿਸੇ ਚੀਜ ਦੀ ਕਮੀ ਨਾ ਹੋਣ ਅਤੇ ਲੋਕਾਂ ਨੂੰ ਨਾ ਘਬਰਾਉਣ ਦੀ ਅਪੀਲ ਕਰਦਿਆਂ ਮੁੱਖ ਮੰਤਰੀ ਨੇ ਜੋਰ ਦੇ ਕੇ ਕਿਹਾ ਕਿ ਵਾਢੀ ਦੇ ਕੰਮ ਅਤੇ ਅਨਾਜ ਦੀ ਢੋਆ-ਢੁਆਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਕੇਂਦਰ ਵੱਲੋਂ ਸਮੇਂ ਸਿਰ ਕਾਰਵਾਈ ਜਰੂਰੀ ਹੈ ਕਿਉਂਕਿ ਪੰਜਾਬ 181 ਲੱਖ ਮੀਟਰਿਕ ਟਨ ਕਣਕ ਅਤੇ 139 ਲੱਖ ਮੀਟਰਿਕ ਟਨ ਝੋਨੇ ਨਾਲ ਦੇਸ ਦੀ ਸਹਾਇਤਾ ਲਈ ਤਿਆਰ ਹੈ।

ਇੱਥੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸੁੱਕਰਵਾਰ ਸਾਮ ਨੂੰ ਪ੍ਰਧਾਨ ਮੰਤਰੀ ਨਾਲ ਇੱਕ ਵਰਚੁਅਲ ਮੀਟਿੰਗ ਦੌਰਾਨ ਮੈਂ ਦੱਸਿਆ ਕਿ ਪੰਜਾਬ ਵਿੱਚ ਇਸ ਸਾਲ 140 ਲੱਖ ਮੀਟਰਿਕ ਟਨ ਕਣਕ ਪੈਦਾ ਹੋਣ ਦੀ ਸੰਭਾਵਨਾ ਹੈ। ਫਸਲ ਦੀ ਸੁਚਾਰੂ ਕਟਾਈ ਅਤੇ ਢੋਆ-ਢੁਆਈ ਯਕੀਨੀ ਬਣਾਉਣ ਲਈ ਪੈਟਰੋਲ ਅਤੇ ਡੀਜਲ ਦੀ ਨਿਯਮਤ ਸਪਲਾਈ ਦੀ ਲੋੜ ਹੈ। ਵਾਢੀ ਦੌਰਾਨ ਵੱਡੀ ਗਿਣਤੀ ਵਿੱਚ ਟਰੈਕਟਰ, ਟਰਾਲੀਆਂ, ਹਾਰਵੈਸਟਰ ਅਤੇ ਟਰੱਕ ਵਰਤੇ ਜਾਣਗੇ, ਇਸ ਲਈ ਵਡੇਰੇ ਜਨਤਕ ਹਿੱਤ ਵਿੱਚ ਤੇਲ ਦੀ ਸਪਲਾਈ ਵਧਾਈ ਜਾਣੀ ਚਾਹੀਦੀ ਹੈ। ਇਹ ਸਮੇਂ ਦੀ ਲੋੜ ਹੈ ਕਿ ਦੇਸ ਦੀ ਖੁਰਾਕ ਸੁਰੱਖਿਆ ਨੂੰ ਹਰ ਤਰੀਕੇ ਨਾਲ ਬਰਕਰਾਰ ਰੱਖਿਆ ਜਾਵੇ।"

ਲੋਕਾਂ ਨੂੰ ਭਰੋਸਾ ਦਿਵਾਉਂਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਇਸ ਵੇਲੇ ਸੂਬੇ ਵਿੱਚ 12 ਤੋਂ 14 ਦਿਨਾਂ ਦਾ ਪੈਟਰੋਲ ਅਤੇ ਡੀਜਲ ਅਤੇ ਛੇ ਦਿਨਾਂ ਦਾ ਐਲ.ਪੀ.ਜੀ. ਦਾ ਸਟਾਕ ਹੈ, ਜੋ ਆਮ ਤੌਰ 'ਤੇ ਸਾਲ ਭਰ ਇੱਕੋ ਜਿਹਾ ਰਹਿੰਦਾ ਹੈ। ਇਹ ਸਟਾਕ ਬਰਕਰਾਰ ਹੈ ਅਤੇ ਸਪਲਾਈ ਬੇਰੋਕ ਜਾਰੀ ਹੈ। ਦੇਸ ਦੇ 41 ਦੇਸਾਂ ਨਾਲ ਦਰਾਮਦ ਸਮਝੌਤੇ ਹਨ ਅਤੇ ਕੌਮੀ ਪੱਧਰ 'ਤੇ 60 ਦਿਨਾਂ ਦਾ ਪੈਟਰੋਲ ਤੇ ਡੀਜਲ ਸਟਾਕ ਅਤੇ 30 ਦਿਨਾਂ ਦਾ ਐਲ.ਪੀ.ਜੀ. ਸਟਾਕ ਪਹਿਲਾਂ ਹੀ ਸੁਰੱਖਿਅਤ ਕੀਤਾ ਜਾ ਚੁੱਕਾ ਹੈ। ਜਮ੍ਹਾਂਖੋਰੀ ਜਾਂ ਘਬਰਾਹਟ ਵਿੱਚ ਆ ਕੇ ਖਰੀਦਦਾਰੀ ਕਰਨ ਦੀ ਕੋਈ ਲੋੜ ਨਹੀਂ ਹੈ ਕਿਉਂਕਿ ਮੁੱਖ ਸਕੱਤਰ ਸਪਲਾਈ 'ਤੇ ਨਜਰ ਰੱਖ ਰਹੇ ਹਨ। ਜਮ੍ਹਾਂਖੋਰੀ ਅਤੇ ਕਾਲਾ ਬਾਜਾਰੀ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।"

ਅੰਕੜਿਆਂ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਅੱਗੇ ਕਿਹਾ, "ਵੀਰਵਾਰ ਤੱਕ ਐਲ.ਪੀ.ਜੀ. ਰੀਫਿਲਿੰਗ ਲਈ 71,000 ਬੇਨਤੀਆਂ ਪ੍ਰਾਪਤ ਹੋਈਆਂ ਸਨ, ਜਿਨ੍ਹਾਂ ਵਿੱਚੋਂ 69,000 ਪਹਿਲਾਂ ਹੀ ਡਿਲੀਵਰ ਕੀਤੀਆਂ ਜਾ ਚੁੱਕੀਆਂ ਹਨ। ਸੂਬੇ ਵਿੱਚ ਕਿਸੇ ਵੀ ਤਾਲਾਬੰਦੀ ਦੀ ਕੋਈ ਸੰਭਾਵਨਾ ਨਹੀਂ ਹੈ ਅਤੇ ਸਭ ਕੁਝ ਸੁਚਾਰੂ ਢੰਗ ਨਾਲ ਕੰਮ ਕਰ ਰਿ ਹਾ ਹੈ। ਕੁੱਲ 1,497 ਥਾਈਂ ਜਾਂਚ ਕੀਤੀ ਗਈ, ਜਿਸ ਦੌਰਾਨ 301 ਐਲ.ਪੀ.ਜੀ. ਸਿਲੰਡਰ ਜਬਤ ਕੀਤੇ ਗਏ ਹਨ।" ਉਨ੍ਹਾਂ ਅੱਗੇ ਕਿਹਾ, "ਪੰਜਾਬ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਖੇਤੀਬਾੜੀ ਅਤੇ ਉਦਯੋਗ ਦੋਵਾਂ ਨੂੰ ਕਿਸੇ ਵੀ ਤਰ੍ਹਾਂ ਦੀ ਰੁਕਾਵਟ ਦਾ ਸਾਹਮਣਾ ਨਾ ਕਰਨਾ ਪਵੇ। ਐਲ.ਪੀ.ਜੀ., ਪੈਟਰੋਲ ਅਤੇ ਡੀਜਲ ਨਾਲ ਸਬੰਧਤ ਮਸਲਿਆਂ ਲਈ ਹੈਲਪਲਾਈਨ ਨੰਬਰ 0172-3321001 ਸੁਰੂ ਕੀਤਾ ਗਿਆ ਹੈ।"

ਕੌਮੀ ਖੁਰਾਕ ਸੁਰੱਖਿਆ ਵਿੱਚ ਪੰਜਾਬ ਦੀ ਭੂਮਿਕਾ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਮੌਜੂਦਾ ਸਥਿਤੀ ਵਿਚ ਪੰਜਾਬ ਆਪਣੇ ਗੁਦਾਮਾਂ ਵਿੱਚੋਂ 41 ਲੱਖ ਮੀਟਰਕ ਟਨ ਕਣਕ ਦੇਣ ਲਈ ਤਿਆਰ ਹੈ, ਜਦਕਿ ਇਸ ਸਾਲ 140 ਲੱਖ ਮੀਟਰਕ ਟਨ ਕਣਕ ਪੈਦਾ ਹੋਣ ਦੀ ਉਮੀਦ ਹੈ। ਇਸ ਤੋਂ ਇਲਾਵਾ ਦੇਸ ਭਰ ਦੇ ਲੋਕਾਂ ਦੀ ਸੇਵਾ ਲਈ ਪੰਜਾਬ 139 ਲੱਖ ਮੀਟਰਕ ਟਨ ਝੋਨਾ ਮੁਹੱਈਆ ਕਰਨ ਲਈ ਵੀ ਤਿਆਰ ਹੈ। ਸੂਬੇ ਨੇ ਹਮੇਸਾ ਲੋੜਵੰਦਾਂ ਅਤੇ ਗਰੀਬਾਂ ਦੀ ਮਦਦ ਕੀਤੀ ਹੈ। ਜੇ ਦੇਸ ਨੂੰ ਇਸ 181 ਲੱਖ ਮੀਟਰਕ ਟਨ ਕਣਕ ਅਤੇ 139 ਲੱਖ ਮੀਟਰਕ ਟਨ ਝੋਨੇ ਦੀ ਲੋੜ ਹੈ ਤਾਂ ਇਸ ਨੂੰ ਕਿਸੇ ਵੀ ਸਮੇਂ ਚੁੱਕਿਆ ਜਾ ਸਕਦਾ ਹੈ। ਪੰਜਾਬ ਇਸ ਘੜੀ ਵਿੱਚ ਦੇਸ ਦਾ ਸਾਥ ਦੇਣ ਦੀ ਆਪਣੀ ਸਾਨਦਾਰ ਪਰੰਪਰਾ ਨੂੰ ਕਾਇਮ ਰੱਖੇਗਾ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।"

ਉਨ੍ਹਾਂ ਤੇਲ ਕੀਮਤਾਂ ਸਬੰਧੀ ਕੇਂਦਰ ਸਰਕਾਰ ਵੱਲੋਂ ਚੁੱਕੇ ਗਏ ਕਦਮ ਦਾ ਸਵਾਗਤ ਕਰਦਿਆਂ ਕਿਹਾ, "ਭਾਰਤ ਸਰਕਾਰ ਦਾ ਪੈਟਰੋਲ ਅਤੇ ਡੀਜਲ 'ਤੇ ਵਾਧੂ ਟੈਕਸ ਘਟਾਉਣ ਦਾ ਫੈਸਲਾ ਵਿਸਵਾਸ ਵਧਾਉਣ ਵਾਲਾ ਕਦਮ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਕੇਂਦਰ ਸਰਕਾਰ ਨੂੰ ਪਹਿਲ ਦੇ ਆਧਾਰ 'ਤੇ ਡੀ.ਏ.ਪੀ. ਖਾਦ ਦੀ ਨਿਯਮਤ ਸਪਲਾਈ ਯਕੀਨੀ ਬਣਾਉਣੀ ਚਾਹੀਦੀ ਹੈ ਕਿਉਂਕਿ ਪੰਜਾਬ ਵਿੱਚ ਝੋਨੇ ਦੀ ਲੁਆਈ ਪਹਿਲੀ ਜੂਨ ਤੋਂ ਸੂਰੂ ਹੋ ਰਹੀ ਹੈ। ਪੇਂਡੂ ਖੇਤਰਾਂ ਵਿੱਚ ਐਲ.ਪੀ.ਜੀ. ਰੀਫਿਲ ਲਈ 45 ਦਿਨਾਂ ਦੀ ਉਡੀਕ ਮਿਆਦ ਨੂੰ ਵੀ ਸਹਿਰੀ ਖੇਤਰਾਂ ਦੇ ਬਰਾਬਰ 25 ਦਿਨ ਤੱਕ ਘਟਾਉਣਾ ਚਾਹੀਦਾ ਹੈ।"

ਪ੍ਰਧਾਨ ਮੰਤਰੀ ਨਾਲ ਆਪਣੀ ਗੱਲਬਾਤ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਕਿਹਾ, "ਵਰਚੁਅਲ ਮੀਟਿੰਗ ਦੌਰਾਨ ਮੈਂ ਪੰਜਾਬ ਨਾਲ ਸਬੰਧਤ ਸਾਰੇ ਮੁੱਖ ਮੁੱਦਿਆਂ ਨੂੰ ਉਜਾਗਰ ਕੀਤਾ। ਮੈਂ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਕੂਟਨੀਤਕ ਚੈਨਲਾਂ ਦੀ ਸਰਗਰਮੀ ਨਾਲ ਵਰਤੋਂ ਕਰਨ ਤਾਂ ਜੋ ਦੇਸ ਨੂੰ ਕਿਸੇ ਵੀ ਤਰ੍ਹਾਂ ਦੀ ਕਮੀ ਦਾ ਸਾਹਮਣਾ ਨਾ ਕਰਨਾ ਪਵੇ। ਭਾਵੇਂ ਅਸੀਂ ਵਿਸਵ ਗੁਰੂ ਹੋਣ ਦਾ ਦਾਅਵਾ ਕਰਦੇ ਹਾਂ, ਪਰ ਜਰੂਰੀ ਸਰੋਤਾਂ ਨੂੰ ਸੁਰੱਖਿਅਤ ਕਰਨ ਵਿੱਚ ਸਵੈ-ਨਿਰਭਰਤਾ ਅਤੇ ਰਣਨੀਤਕ ਤਾਕਤ ਤੋਂ ਸਾਡੇ ਕੰਮ ਦਾ ਪਤਾ ਚਲਦਾ ਹੈ।"

**• ਵਾਢੀ ਦੌਰਾਨ ਨਿਰਵਿਘਨ ਤੇਲ ਸਪਲਾਈ ਯਕੀਨੀ ਬਣਾਓ, ਨਹੀਂ ਤਾਂ ਖੁਰਾਕ ਸੁਰੱਖਿਆ ਖਤਰੇ ਵਿੱਚ ਪਵੇਗੀ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਕਿਸੇ ਚੀਜ ਦੀ ਕੋਈ ਘਾਟ ਨਹੀਂ, ਕੋਈ ਘਬਰਾਹਟ ਨਹੀਂ, ਪਰ ਕੇਂਦਰ ਨੂੰ ਕਿਸਾਨਾਂ ਲਈ ਤੇਲ ਸਪਲਾਈ ਵਧਾਉਣੀ ਚਾਹੀਦੀ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਪੰਜਾਬ ਦੇਸ ਲਈ 181 ਲੱਖ ਮੀਟਰਕ ਟਨ ਕਣਕ, 139 ਲੱਖ ਮੀਟਰਕ ਟਨ ਝੋਨੇ ਨਾਲ ਤਿਆਰ, ਖੁਰਾਕ ਸਪਲਾਈ ਬਣਾਈ ਰੱਖਣ ਲਈ ਤੇਲ ਸਪਲਾਈ ਦਾ ਭਰੋਸਾ ਚਾਹੀਦਾ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ**

## ਪੰਜਾਬ ਤੇ ਹਰਿਆਣਾ 'ਚ 29 ਤੇ 30 ਮਾਰਚ ਨੂੰ ਬਦਲੇਗਾ ਮੌਸਮ

ਚੰਡੀਗੜ੍ਹ, ਪੰਜਾਬ ਤੇ ਹਰਿਆਣਾ ਵਿੱਚ ਮੁੜ ਤੋਂ ਮੌਸਮ ਬਦਲਣ ਜਾ ਰਿਹਾ ਹੈ। ਦੋਵਾਂ ਸੂਬਿਆਂ ਵਿੱਚ ਅਗਲੇ ਦੋ ਦਿਨ ਗਰਜ ਤੇ ਚਮਕ ਨਾਲ ਮੀਂਹ ਪੈ ਸਕਦਾ ਹੈ ਤੇ ਤੇਜ਼ ਹਵਾਵਾਂ ਚੱਲਣਗੀਆਂ। ਮੌਸਮ ਵਿਭਾਗ ਅਨੁਸਾਰ ਪੰਜਾਬ ਵਿੱਚ ਅਗਲੇ ਦੋ ਦਿਨ ਹਲਕਾ ਤੇ ਦਰਮਿਆਨਾ ਮੀਂਹ ਪਵੇਗਾ ਅਤੇ 40 ਤੋਂ 50 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਹਵਾਵਾਂ ਚੱਲਣਗੀਆਂ। ਮੌਸਮ ਵਿਗਿਆਨੀਆਂ ਨੇ ਪੰਜਾਬ ਤੇ ਹਰਿਆਣਾ ਵਿੱਚ 29 ਤੇ 30 ਮਾਰਚ ਲਈ ਓਰੈਂਜ ਅਲਰਟ ਜਾਰੀ ਕੀਤਾ ਹੈ।ਮੌਸਮ ਵਿਭਾਗ ਤੋਂ ਮਿਲੀ ਜਾਣਕਾਰੀ ਅਨੁਸਾਰ ਪੱਛਮੀ ਗੜਬੜੀ ਦੇ ਚਲਦਿਆਂ ਅੱਜ ਸਵੇਰ ਤੋਂ ਹੀ ਲਹਿੰਦੇ ਪੰਜਾਬ ਵਿੱਚ ਮੌਸਮ ਖਰਾਬ ਹੋ ਗਿਆ। ਇਹ ਬੱਦਲਵਾਈ ਤੇਜ਼ੀ ਨਾਲ ਚੜ੍ਹਦੇ ਪੰਜਾਬ ਵੱਲ ਵੱਧ ਰਹੀ ਹੈ ਜੋ 28 ਮਾਰਚ ਨੂੰ ਦੇਰ ਰਾਤ ਪੰਜਾਬ ਵਿੱਚ ਪੁੱਜ ਜਾਵੇਗੀ ਤੇ ਮੌਸਮ ਬਦਲ ਜਾਵੇਗਾ। ਇਸ ਕਰਕੇ 29 ਮਾਰਚ ਨੂੰ ਦਿਨ ਸਮੇਂ ਪੰਜਾਬ ਦੇ ਜ਼ਿਆਦਾਤਰ ਇਲਾਕਿਆਂ ਵਿੱਚ ਮੀਂਹ ਦੇ ਨਾਲ-ਨਾਲ ਤੇਜ਼ ਹਵਾਵਾਂ ਚੱਲਣਗੀਆਂ ਅਤੇ 30 ਮਾਰਚ ਨੂੰ ਵੀ ਹਾਲਾਤ ਅਜਿਹੇ ਹੀ ਰਹਿਣਗੇ।

ਉੱਧਰ ਪੰਜਾਬ ਵਿੱਚ ਕਣਕ ਦੀ ਫ਼ਸਲਾਂ ਪੱਕ ਕੇ ਤਿਆਰ ਹੋਣ ਕੰਢੇ ਪਹੁੰਚ ਚੁੱਕੀਆਂ ਹਨ ਅਤੇ ਕਿਸਾਨਾਂ ਵੱਲੋਂ ਫ਼ਸਲਾਂ ਦੀ ਵਾਢੀ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ। ਅਜਿਹੇ ਸਮੇਂ ਵਿੱਚ ਮੀਂਹ ਪੈਣ ਨਾਲ ਕਿਸਾਨਾਂ ਦੀ ਮਿਹਨਤ 'ਤੇ ਪਾਣੀ ਫਿਰ ਜਾਵੇਗਾ। ਇਸੇ ਕਰਕੇ ਪੰਜਾਬ, ਹਰਿਆਣਾ ਸਣੇ ਉੱਤਰੀ ਭਾਰਤ ਦੇ ਕਿਸਾਨਾਂ ਦੇ ਫਿਰਕ ਵਧੇ ਹੋਏ ਹਨ।ਮੌਸਮ ਵਿਭਾਗ ਤੋਂ ਮਿਲੀ ਜਾਣਕਾਰੀ ਅਨੁਸਾਰ ਅੱਜ ਪੰਜਾਬ ਵਿੱਚ ਪਟਿਆਲਾ ਸ਼ਹਿਰ ਸਭ ਤੋਂ ਗਰਮ ਰਿਹਾ ਹੈ, ਜਿੱਥੇ ਵੱਧ ਤੋਂ ਵੱਧ ਤਾਪਮਾਨ 33.3 ਡਿਗਰੀ ਸੈਲਸੀਅਸ ਦਰਜ ਕੀਤਾ।

## ਪੰਜਾਬ ਵਿੱਚ ਨਿਵੇਸ਼ ਦੀ ਰਫ਼ਤਾਰ ਜਾਰੀ: ਅੰਮ੍ਰਿਤਸਰ ਲਈ 400 ਕਰੋੜ ਰੁਪਏ ਦੇ ਟਰਾਈਡੈਂਟ ਹੋਟਲ ਪ੍ਰੋਜੈਕਟ ਦਾ ਐਲਾਨ: ਸੰਜੀਵ ਅਰੋੜਾ

### ਗੋਲਡਨ ਟੈਂਪਲ ਨੇੜੇ 150 ਕਮਰਿਆਂ ਵਾਲਾ ਪ੍ਰੀਮੀਅਮ ਪ੍ਰਾਹੁਣਚਾਰੀ ਪ੍ਰੋਜੈਕਟ ਨਾਲ ਲਗਭਗ 350 ਨੌਕਰੀਆਂ ਪੈਦਾ ਹੋਣਗੀਆਂ; ਪੰਜਾਬ ਦੇ ਸੈਰ-ਸਪਾਟਾ ਖੇਤਰ ਨੂੰ ਵੱਡਾ ਹੁਲਾਰਾ ਮਿਲੇਗਾ: ਸੰਜੀਵ ਅਰੋੜਾ

**ਆਜ਼ਾਦ ਸੋਚ ਬਿਊਰੋ**
**ਚੰਡੀਗੜ੍ਹ, 28 ਮਾਰਚ**

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਅੱਜ ਇਥੇ ਦੱਸਿਆ ਕਿ ਓਬਰਾਏ ਗਰੁੱਪ ਅਤੇ ਸਪ੍ਰਿੰਗਐਜ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ ਨੇ ਅੰਮ੍ਰਿਤਸਰ ਵਿੱਚ ਇੱਕ ਵਿਸ਼ਵ ਪੱਧਰੀ ਪ੍ਰਾਹੁਣਚਾਰੀ ਪ੍ਰੋਜੈਕਟ ਦੇ ਵਿਕਾਸ ਲਈ ਐਮ.ਓ.ਯੂ. 'ਤੇ ਹਸਤਾਖਰ ਕੀਤੇ ਹਨ, ਜੋ ਪੰਜਾਬ ਦੇ ਸੈਰ-ਸਪਾਟਾ ਅਤੇ ਪ੍ਰਾਹੁਣਚਾਰੀ ਖੇਤਰ ਨੂੰ ਵੱਡਾ ਹੁਲਾਰਾ ਦੇਵੇਗਾ।



ਇਸ ਸਮਝੌਤੇ 'ਤੇ ਦੋਵਾਂ ਧਿਰਾਂ ਦੇ ਸੀਨੀਅਰ ਪ੍ਰਤੀਨਿਧੀਆਂ ਦੀ ਮੌਜੂਦਗੀ ਵਿੱਚ ਹਸਤਾਖਰ ਕੀਤੇ ਗਏ, ਜਿਨ੍ਹਾਂ ਵਿੱਚ ਕਾਰਪੋਰੇਟ ਅਤੇ ਕਾਨੂੰਨੀ ਮਾਮਲੇ, ਓਬਰਾਏ ਗਰੁੱਪ ਦੇ ਪ੍ਰਧਾਨ ਸ੍ਰੀ ਆਰ. ਸ਼ੰਕਰ ਅਤੇ ਸਪ੍ਰਿੰਗਐਜ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ ਦੇ ਡਾਇਰੈਕਟਰ ਡਾ. ਸ਼ਾਹਬਾਜ਼ ਸਿੰਘ, ਡਾ. ਅਵਤਾਰ ਸਿੰਘ ਅਤੇ ਡਾ. ਅਮਨਦੀਪ ਕੌਰ ਸ਼ਾਮਲ ਸਨ। ਸਮਝੌਤੇ 'ਤੇ ਹਸਤਾਖਰ ਸਬੰਧੀ ਰੱਖੇ ਇਸ ਸਮਾਰੋਹ ਵਿੱਚ ਪ੍ਰਸ਼ਾਸਕੀ ਸਕੱਤਰ, ਉਦਯੋਗ ਅਤੇ ਵਣਜ, ਪੰਜਾਬ ਸ. ਗੁਰਕਿਰਤ ਕਿਰਪਾਲ ਸਿੰਘ ਨੇ ਵੀ ਸ਼ਿਰਕਤ ਕੀਤੀ।

ਉਨ੍ਹਾਂ ਦੱਸਿਆ ਕਿ ਆਉਣ ਵਾਲਾ 150 ਕਮਰਿਆਂ ਵਾਲਾ ਪ੍ਰੋਜੈਕਟ ਓਬਰਾਏ ਗਰੁੱਪ ਦੇ ਟ ?ਰਾਈਡੈਂਟ ਬ੍ਰਾਂਡ ਤਹਿਤ ਵਿਕਸਤ ਕੀਤਾ ਜਾਵੇਗਾ ਅਤੇ ਇਹ ਅੰਮ੍ਰਿਤਸਰ-ਤਰਨ ਤਾਰਨ ਰੋਡ ਉੱਪਰ ਸ੍ਰੀ ਹਰਿਮੰਦਰ ਸਾਹਿਬ ਤੋਂ ਲਗਭਗ 3 ਕਿਲੋਮੀਟਰ ਦੀ ਦੂਰੀ 'ਤੇ ਹੋਵੇਗਾ। ਉਨ੍ਹਾਂ ਦੱਸਿਆ ਕਿ 3 ਏਕੜ ਵਿੱਚ ਫੈਲੇ ਇਸ ਪ੍ਰੋਜੈਕਟ ਵਿੱਚ ਲਗਭਗ 400 ਕਰੋੜ ਰੁਪਏ ਦਾ ਨਿਵੇਸ਼ ਸ਼ਾਮਲ ਹੈ ਅਤੇ ਇਸ ਨਾਲ ਅੰਮ੍ਰਿਤਸਰ ਦੇ ਪ੍ਰੀਮੀਅਮ ਪ੍ਰਾਹੁਣਚਾਰੀ ਬੁਨਿਆਦੀ ਢਾਂਚੇ ਨੂੰ ਵੱਡੀ ਮਜ਼ਬੂਤੀ ਮਿਲਣ ਦੀ ਉਮੀਦ ਹੈ।

ਉਨ੍ਹਾਂ ਅੱਗੇ ਕਿਹਾ ਕਿ ਇਸ ਪ੍ਰੋਜੈਕਟ ਨਾਲ ਲਗਭਗ 350 ਵਿਅਕਤੀਆਂ ਲਈ ਰੋਜ਼ਗਾਰ ਪੈਦਾ ਹੋਣ ਦੀ ਉਮੀਦ ਹੈ, ਜਿਸ ਨਾਲ ਸਥਾਨਕ ਆਰਥਿਕ ਗਤੀਵਿਧੀਆਂ ਅਤੇ ਰੋਜ਼ਗਾਰ ਉੱਪਤਰੀ ਨੂੰ ਹੋਰ ਹੁਲਾਰਾ ਮਿਲੇਗਾ।

ਹੋਰ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਪ੍ਰਾਹੁਣਚਾਰੀ ਪ੍ਰੋਜੈਕਟ ਓਬਰਾਏ ਗਰੁੱਪ ਅਤੇ ਸਪ੍ਰਿੰਗਐਜ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ ਦਰਮਿਆਨ ਸਾਂਝੇ ਸਹਿਯੋਗ ਤਹਿਤ ਵਿਕਸਤ ਕੀਤਾ ਜਾਵੇਗਾ, ਜੋ ਓਬਰਾਏ ਗਰੁੱਪ ਦੀ ਲਗਜ਼ਰੀ ਪ੍ਰਾਹੁਣਚਾਰੀ ਵਿੱਚ ਵਿਸ਼ਵ ਪੱਧਰ ਤੱਕ ਮੰਨੀ-ਪ੍ਰਮੰਨੀ ਮੁਹਾਰਤ ਅਤੇ ਸਪ੍ਰਿੰਗਐਜ ਦੀ ਮਜ਼ਬੂਤ ਸਥਾਨਕ ਮੌਜੂਦਗੀ ਨੂੰ ਇਕੱਠਾ ਕਰੇਗਾ।

ਜ਼ਿਕਰਯੋਗ ਹੈ ਕਿ ਇਹ ÷ਟ ?ਰਾਈਡੈਂਟ÷ ਬ੍ਰਾਂਡ ਤਹਿਤ ਪੰਜਾਬ ਵਿੱਚ ਪਹਿਲਾ ਹੋਟਲ ਹੋਵੇਗਾ। ਇਸ ਸਮੇਂ ਭਾਰਤ ਭਰ ਵਿੱਚ ਟ ?ਰਾਈਡੈਂਟ ਬ੍ਰਾਂਡ ਤਹਿਤ 9 ਹੋਟਲ ਚੱਲ ਰਹੇ ਹਨ। ਇਸ ਸਮੇਂ ਓਬਰਾਏ ਗਰੁੱਪ ਦੇ ਦੇਸ਼ ਭਰ ਵਿੱਚ 32 ਹੋਟਲ ਚੱਲ ਰਹੇ ਹਨ ਅਤੇ 10 ਹੋਰ ਪ੍ਰਗਤੀ ਅਧੀਨ ਹਨ। ਪੰਜਾਬ ਵਿੱਚ ਇਹ ਗਰੁੱਪ ਪਹਿਲਾਂ ਹੀ ਓਬਰਾਏ ਬ੍ਰਾਂਡ ਤਹਿਤ ਨਿਊ ਚੰਡੀਗੜ੍ਹ ਵਿਖੇ ਓਬਰਾਏ ਸੁਖਵਿਲਾਸ ਸਪਾ ਰਿਜ਼ੋਰਟ ਚਲਾ ਰਿਹਾ ਹੈ।

ਇਸ ਸਭ ਨੂੰ ਧਿਆਨ ਵਿੱਚ ਰੱਖਦਿਆਂ ਅੰਮ੍ਰਿਤਸਰ ਪ੍ਰੋਜੈਕਟ ਵੀ ਵਧੇਰੇ ਮਹੱਤਵਪੂਰਨ ਹੈ ਕਿਉਂਕਿ ਇਸਨੂੰ ਪੰਜਾਬ ਵਿੱਚ ਟ ?ਰਾਈਡੈਂਟ ਬ੍ਰਾਂਡ ਤਹਿਤ ਇਸ ਪੱਧਰ ਦਾ ਪਹਿਲਾ ਗ੍ਰੀਨਫੀਲਡ ਪ੍ਰੋਜੈਕਟ ਦੱਸਿਆ ਜਾ ਰਿਹਾ ਹੈ। ਇਸ ਪ੍ਰੋਜੈਕਟ 'ਤੇ ਕੰਮ ਜੁਲਾਈ 2026 ਵਿੱਚ ਸ਼ੁਰੂ ਹੋਣ ਦੀ ਉਮੀਦ ਹੈ, ਜਿਸ ਨੂੰ ਮਾਰਚ 2029 ਤੱਕ ਪੂਰਾ ਕਰਨ ਦਾ ਟੀਚਾ ਹੈ।

ਪੰਜਾਬ ਸਰਕਾਰ ਨੇ ਇਨਵੈਸਟ ਪੰਜਾਬ ਰਾਹੀਂ ਇਸ ਸਹਿਯੋਗ ਨੂੰ ਵਧੇਰੇ ਸੁਚਾਰੂ ਬਣਾਉਣ ਵਿੱਚ ਸਰਗਰਮ ਭੂਮਿਕਾ ਨਿਭਾਈ ਹੈ। ਇਨਵੈਸਟ ਪੰਜਾਬ ਡੇਢ ਸਾਲ ਤੋਂ ਵੱਧ ਸਮੇਂ ਤੋਂ ਦੋਵਾਂ ਧਿਰਾਂ ਨਾਲ ਨੇੜਿਓਂ ਜੁੜੇ ਕੇ ਉਨ੍ਹਾਂ ਨੂੰ ਇਕੱਠੇ ਲਿਆਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਸੀ, ਜੋ ਕਿ ਉੱਚ-ਮੁੱਲ ਵਾਲੇ ਨਿਵੇਸ਼ਾਂ ਨੂੰ ਆਕਰਸ਼ਿਤ ਕਰਨ ਸਬੰਧੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਉਦਯੋਗ ਖੇਤਰ ਵਿੱਚ ਪੰਜਾਬ ਦੀ ਲਗਾਤਾਰ ਵਧ ਰਹੀ ਰਫ਼ਤਾਰ ਨੂੰ ਉਜਾਗਰ ਕਰਦਿਆਂ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਸੂਬੇ ਨੇ ਸਾਲ 2025-26 ਵਿੱਚ 59,448 ਕਰੋੜ ਦੇ ਨਿਵੇਸ਼ ਆਕਰਸ਼ਿਤ ਕੀਤੇ ਹਨ, ਜੋ ਕਿ ਰਾਜ ਦੇ ਇਤਿਹਾਸ ਵਿੱਚ ਸਭ ਤੋਂ ਵੱਧ ਹੈ, ਜਿਸ ਨਾਲ 1,33,221 ਨੌਕਰੀਆਂ ਪੈਦਾ ਹੋਣ ਦੀ ਸੰਭਾਵਨਾ ਹੈ। ਇਸ ਤੋਂ ਇਲਾਵਾ ਪੰਜਾਬ ਨੇ 1 ਅਪ੍ਰੈਲ, 2022 ਤੋਂ 5,57,664 ਨੌਕਰੀਆਂ ਦੀ ਸੰਭਾਵਨਾ ਵਾਲੇ 1,59,947 ਕਰੋੜ ਦੇ ਨਿਵੇਸ਼ ਆਕਰਸ਼ਿਤ ਕੀਤੇ ਹਨ, ਜੋ ਰਾਜ ਵਿੱਚ ਨਿਵੇਸ਼ਕਾਂ ਦੇ ਵਧਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ।

ਇਹ ਸਹਿਯੋਗ ਪੰਜਾਬ ਦੇ ਉੱਚ-ਪੱਧਰੀ ਸੈਰ-ਸਪਾਟਾ, ਪ੍ਰਾਹੁਣਚਾਰੀ ਅਤੇ ਨਿਵੇਸ਼ ਲਈ ਇੱਕ ਪਸੰਦੀਦਾ ਸਥਾਨ ਬਣਨ ਦੇ ਸਫ਼ਰ ਵਿੱਚ ਇੱਕ ਨਵਾਂ ਮੀਲ ਪੱਥਰ ਹੈ, ਜੋ ਇੱਕ ਵਿਸ਼ਵਵਿਆਪੀ ਸੱਭਿਆਚਾਰਕ ਅਤੇ ਅਧਿਆਤਮਿਕ ਕੇਂਦਰ ਵਜੋਂ ਪਵਿੱਤਰ ਸ਼ਹਿਰ ਅੰਮ੍ਰਿਤਸਰ ਦੀ ਸਥਿਤੀ ਨੂੰ ਵੀ ਹੋਰ ਮਜ਼ਬੂਤ ਕਰੇਗਾ।

# ਪਰਵਾਸੀ ਮਾਨਵ ਸੰਸਥਾ ਨੇ ਮਾਈਸਰ ਮੰਦਿਰ ਮੇਲੇ ਤੇ ਠੰਡੇ ਮਿੱਠੇ ਪਾਣੀ ਦੀ ਛਬੀਲ ਲਗਾਈ




ਸਮਾਣਾ, 28 ਮਾਰਚ (ਸੰਜੇ ਬਾਂਸਲ): ਪਰਵਾਸੀ ਮਾਨਵ ਸੰਸਥਾ ਸਮਾਣਾ ਵੱਲੋਂ ਮਾਈਸਰ ਮੰਦਰ ਦੇ ਮੇਲੇ ਮੌਕੇ ਗਰਮੀ ਨੂੰ ਦੇਖਦੇ ਹੋਏ ਠੰਡੇ ਜਲ ਦੀ ਛਬੀਲ ਲਗਾਈ ਗਈ, ਜਿਸ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਪਹੁੰਚੇ ਭਗਤਾਂ ਨੇ ਜਲ ਛਕ ਕੇ ਰਾਹਤ ਮਹਿਸੂਸ ਕੀਤੀ।

ਇਸ ਸੇਵਾ ਕਾਰਜ ਦੀ ਅਗਵਾਈ ਸੰਸਥਾ ਦੇ ਪ੍ਰਧਾਨ ਅਭੈ ਚੌਰਸਿਆ ਵੱਲੋਂ ਕੀਤੀ ਗਈ। ਇਸ ਮੌਕੇ ਬੀਜੇਪੀ ਆਗੂ ਪ੍ਰਿੰਸੀਪਲ ਡਾ. ਮੋਹਨ ਲਾਲ ਅਤੇ ਜ਼ਿਲ੍ਹਾ ਪਟਿਆਲਾ ਦੇ ਸੋਸ਼ਲ ਮੀਡੀਆ ਇੰਚਾਰਜ ਸੰਜੀਵ ਗਰਗ ਨੇ ਵੀ ਹਾਜ਼ਰੀ ਭਰੀ ਅਤੇ ਕੁਝ ਸਮੇਂ ਲਈ ਸੇਵਾ ਵਿੱਚ ਹਿੱਸਾ ਲਿਆ।

ਸੰਸਥਾ ਦੇ ਪ੍ਰਧਾਨ ਅਭੈ ਚੌਰਸਿਆ ਅਤੇ ਮੈਂਬਰਾਂ ਗੋਰਖ ਨਾਥ, ਅਜੇ ਪਾਸਵਾਨ, ਰਾਜੂ ਯਾਦਵ, ਪਰਸ਼ੁਰਾਮ ਅਤੇ ਸਰਵਣ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਅਤੇ ਪ੍ਰਿੰਸੀਪਲ ਡਾ. ਮੋਹਨ ਲਾਲ ਤੇ ਸੰਜੀਵ ਗਰਗ ਨੂੰ ਸਨਮਾਨਿਤ ਵੀ ਕੀਤਾ ਗਿਆ।

ਇਸ ਦੌਰਾਨ ਬੋਲਦਿਆਂ ਪ੍ਰਿੰਸੀਪਲ ਡਾ. ਮੋਹਨ ਲਾਲ ਅਤੇ ਸੰਜੀਵ ਗਰਗ ਨੇ ਸੰਸਥਾ ਦੇ ਇਸ ਉਪਰਾਲੇ ਦੀ ਭਰਪੂਰ ਸਰਾਹਨਾ ਕੀਤੀ। ਉਨ੍ਹਾਂ ਕਿਹਾ ਕਿ ਜਲ ਸੇਵਾ ਸਭ ਤੋਂ ਉੱਤਮ ਸੇਵਾਵਾਂ ਵਿੱਚੋਂ ਇੱਕ ਹੈ, ਜੋ ਮਨੁੱਖਤਾ ਦੀ ਸੱਚੀ ਸੇਵਾ ਹੈ। ਉਨ੍ਹਾਂ ਨੇ ਸੰਸਥਾ ਵੱਲੋਂ ਕੀਤੇ ਸਨਮਾਨ ਲਈ ਅਭੈ ਚੌਰਸਿਆ, ਅਜੇ ਪਾਸਵਾਨ, ਗਣੇਸ਼ ਯਾਦਵ, ਰਾਜੂ ਯਾਦਵ ਅਤੇ ਪਰਸ਼ੁਰਾਮ ਦਾ ਵਿਸ਼ੇਸ਼ ਧੰਨਵਾਦ ਵੀ ਕੀਤਾ।

# ਸੀਨੀਅਰ ਪੱਤਰਕਾਰ ਵਿਕਰਾਂਤ ਪਰਮਾਰ ਨੇ ਆਪਣਾ ਪਹਿਲਾ ਨਾਵਲ ਟਨਲ ਨੰਬਰ 33 ਲਾਂਚ ਕੀਤਾ

**ਆਜ਼ਾਦ ਸੋਚ**
**ਅਮਰਪਾਲ ਨੂਰਪੁਰੀ**
**ਚੰਡੀਗੜ੍ਹ, 28 ਮਾਰਚ**

ਸੀਨੀਅਰ ਪੱਤਰਕਾਰ ਵਿਕਰਾਂਤ ਪਰਮਾਰ ਨੇ ਚੰਡੀਗੜ੍ਹ ਪ੍ਰੈਸ ਕਲੱਬ ਵਿੱਚ ਆਪਣਾ ਪਹਿਲਾ ਨਾਵਲ ਟਨਲ ਨੰਬਰ 33 ਲਾਂਚ ਕੀਤਾ। ਫਰਨ ਟ ?ਰੀ ਪਬਲਿਸ਼ਿੰਗ ਵੱਲੋਂ ਪ੍ਰਕਾਸ਼ਿਤ ਇਹ ਨਾਵਲ ਯਾਦਾਂ, ਰਹੱਸ ਅਤੇ ਅਤੀਤ ਦੀ ਲਗਾਤਾਰ ਮੌਜੂਦਗੀ ਦੀ ਪੜਤਾਲ ਕਰਦਾ ਹੈ, ਜਿਸਦਾ ਪਿਛੋਕੜ ਇਤਿਹਾਸਕ ਸ਼ਿਮਲਾ-ਕਾਲਕਾ ਰੇਲਵੇ ਲਾਈਨ ਦਾ ਰਹੱਸਮਈ ਮਾਹੌਲ ਹੈ।




ਮਸ਼ਹੂਰ ਸ਼ਿਮਲਾ-ਕਾਲਕਾ ਰੇਲਵੇ ਟ ?ਰੈਕ, ਜਿੱਥੇ 103 ਸੁਰੰਗਾਂ ਹਨ ਅਤੇ ਕਈ ਪੁਰਾਣੀਆਂ ਕਹਾਣੀਆਂ ਜੁੜੀਆਂ ਹੋਈਆਂ ਹਨ, 'ਤੇ ਆਧਾਰਿਤ ਟਨਲ ਨੰਬਰ 33 ਰੁਦ੍ਰ ਪ੍ਰਤਾਪ ਦੀ ਕਹਾਣੀ ਹੈ, ਜੋ ਇੱਕ ਲੇਖਕ ਹੈ ਅਤੇ ਆਪਣੇ ਜੀਵਨ ਦਾ ਮਤਲਬ ਲੱਭ ਰਿਹਾ ਹੈ। ਇਸ ਵਿੱਚ ਮਹਾਦੇਵ ਸਿੰਘ ਵੀ ਹਨ, ਜੋ ਇੱਕ ਮਸ਼ਹੂਰ ਟ ?ਰੇਨ ਡਰਾਈਵਰ ਹਨ ਅਤੇ ਮੰਨਿਆ ਜਾਂਦਾ ਹੈ ਕਿ ਉਹ ਅਤੀਤ ਨਾਲ ਜੁੜਿਆ ਕੋਈ ਰਹੱਸਮਈ ਕੰਮ ਕਰ ਰਹੇ ਹਨ। ਦੋਵਾਂ ਦੀ ਮੁਲਾਕਾਤ ਇੱਕ ਅਜੀਬ ਅਤੇ ਡਰਾਉਣੀ ਯਾਤਰਾ ਦੌਰਾਨ ਹੁੰਦੀ ਹੈ, ਜੋ ਅੱਗੇ ਚੱਲ ਕੇ ਯਾਦਾਂ, ਇਤਿਹਾਸ ਅਤੇ ਉਹਨਾਂ ਅਣਦੇਖੀਆਂ ਤਾਕਤਾਂ ਦੀ ਖੋਜ ਵਿੱਚ ਬਦਲ ਜਾਂਦੀ ਹੈ, ਜੋ ਪਹਾੜਾਂ ਵਿੱਚ ਚੁੱਪਚਾਪ ਲੋਕਾਂ ਦੀ ਜ਼ਿੰਦਗੀ ਨੂੰ ਪ੍ਰਭਾਵਿਤ ਕਰਦੀਆਂ ਹਨ।

ਵਿਮੋਚਨ ਦੌਰਾਨ ਪਰਮਾਰ ਨੇ ਦੱਸਿਆ ਕਿ ਟਨਲ ਨੰਬਰ 33 ਦਾ ਰਹੱਸ ਉਨ੍ਹਾਂ ਨੂੰ ਬਚਪਨ ਤੋਂ ਹੀ ਆਕਰਸ਼ਿਤ ਕਰਦਾ ਆ ਰਿਹਾ ਹੈ। ਸ਼ਿਮਲਾ ਵਿੱਚ ਪਲੇ-ਬੜੇ ਹੋਣ ਕਰਕੇ ਉਹ ਲੰਬੇ ਸਮੇਂ ਤੋਂ ਰੇਲਵੇ ਲਾਈਨ ਅਤੇ ਉਸ ਦੀਆਂ ਸੁਰੰਗਾਂ ਨਾਲ ਜੁੜੀਆਂ ਕਹਾਣੀਆਂ ਨਾਲ ਨਾਲ ਉਨ੍ਹਾਂ ਦੇ ਆਲੇ-ਦੁਆਲੇ ਦੀਆਂ ਅਲੌਕਿਕ ਲੋਕ ਕਹਾਣੀਆਂ ਵੱਲ ਖਿੱਚੇ ਰਹੇ ਹਨ। ਇਸ ਨਾਵਲ ਵਿੱਚ ਉਨ੍ਹਾਂ ਦੀਆਂ ਇਹ ਨਿੱਜੀ ਯਾਦਾਂ ਕਲਪਨਾ ਨਾਲ ਮਿਲ ਕੇ ਇੱਕ ਅਜਿਹਾ ਮਾਹੌਲ ਬਣਾਉਂਦੀਆਂ ਹਨ, ਜੋ ਥਾਂ ਅਤੇ ਭਾਵਨਾਵਾਂ ਨਾਲ ਡੂੰਘੇ ਤੌਰ 'ਤੇ ਜੁੜਿਆ ਹੋਇਆ ਹੈ।

# ਮੇਅਰ ਕੁੰਦਨ ਗੋਗੀਆ ਨੇ ਅਗਰਸੈਨ ਹਸਪਤਾਲ ਵਿਖੇ ਫਰੀ ਮੈਗਾ ਮੈਡੀਕਲ ਚੈਕਅਪ ਕੈਂਪ ਦਾ ਉਦਘਾਟਨ ਕੀਤਾ

## ਵੱਖ-ਵੱਖ ਮਾਹਰ ਡਾਕਟਰਾਂ ਨੇ 440 ਮਰੀਜਾਂ ਦਾ ਚੈਕਅਪ, 10 ਈਸੀਜ, 88 ਲੈਬਾਰਟਰੀ ਟੈਸਟ ਤੇ 100 ਮਰੀਜਾਂ ਦੇ ਐਕਸਰੇ ਕੀਤੇ

**ਆਜ਼ਾਦ ਸੋਚ**
**ਹਰਵਿੰਦਰ ਲਾਲੀ**
**ਪਟਿਆਲਾ, 28 ਮਾਰਚ**

ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ ਨੇ ਅੱਜ ਇੱਥੇ ਅਗਰਸੈਨ ਹਸਪਤਾਲ ਵਿਖੇ ਸਵਰਗੀ ਸ੍ਰੀਮਤੀ ਰਸ਼ਮੀ ਗੁਪਤਾ ਤੇ ਮਾਸਟਰ ਆਸ਼ੂ ਗੁਪਤਾ ਦੀ ਯਾਦ ਵਿੱਚ ਲਗਾਏ ਗਏ ਫਰੀ ਮੈਗਾ ਮੈਡੀਕਲ ਚੈਕਅਪ ਕੈਂਪ ਦਾ ਉਦਘਾਟਨ ਕੀਤਾ। ਕੁੰਦਨ ਗੋਗੀਆ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਅਗਰਸੈਨ ਹਸਪਤਾਲ ਨੂੰ ਵੀ ਲਿਆਂਦਾ ਜਾਵੇਗਾ ਅਤੇ ਇੱਥੇ ਵੀ ਮਰੀਜਾਂ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੁਹਈਆ ਕਰਵਾਈ ਜਾਵੇਗੀ।




ਇਸ ਕੈਂਪ ਦੌਰਾਨ ਐਡਵੋਕੇਟ ਵਿਜੇ ਮੋਹਨ ਪ੍ਰਧਾਨ ਅਤੇ ਮੇਬਰ ਐਸ ਡੀ ਕੁਮਾਰ ਸਭਾ ਨੇ ਦੱਸਿਆ ਕਿ ਇਹ ਕੈਂਪ ਡਾ. ਸੁਰੇਸ਼ ਗੁਪਤਾ ਅਤੇ ਉਨ੍ਹਾਂ ਦੇ ਬੱਚਿਆਂ ਰੀਮਾ, ਰੀਤੂ, ਸ਼ੈਲੀ ਤੇ ਸੂਰਜ ਗੁਪਤਾ ਵੱਲੋਂ ਲਗਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਪਲਾਸਟਿਕ ਸਰਜਰੀ ਦੇ ਮਾਹਰ ਡਾ. ਕੁਲਦੀਪ ਗਰਗ, ਹੱਡੀਆਂ ਦੇ ਮਾਹਰ ਡਾ. ਜੇ.ਪੀ ਐਸ ਵਾਲੀਆ, ਸਰਜਰੀ ਦੇ ਡਾ. ਵਿਸ਼ਾਲ ਖਰਬੰਦਾ, ਬੱਚਿਆਂ ਦੇ ਮਾਹਰ ਡਾ. ਪਰਵੀਨ ਮਿੱਤਲ, ਅੱਖਾਂ ਦੇ ਮਾਹਰ ਡਾ. ਵਰਿੰਦਰ ਗਰਗ, ਮੈਡੀਸਨ ਦੇ ਮਾਹਰ ਡਾ. ਹਰਚਰਨ ਸਿੰਘ, ਦੰਦਾਂ ਦੇ ਡਾ. ਮਨਮੀਤ ਕੌਰ, ਈਐਨਟੀ ਦੇ ਡਾ. ਬੀਐਸ ਸੋਹਲ, ਪੈਥੋਲੋਜਿਸਟ ਡਾ ਵਿਕਾਸ ਟੰਡਨ ਦੀ ਟੀਮ ਨੇ 440 ਮਰੀਜਾਂ ਦਾ ਚੈਕਅਪ, 10 ਈਸੀਜ, 88 ਲੈਬਾਰਟਰੀ ਟੈਸਟ ਤੇ 100 ਮਰੀਜਾਂ ਦੇ ਐਕਸਰੇ ਕੀਤੇ। ਇਸ ਦੌਰਾਨ ਬੋਨ ਡੈਨਸਿਟੀ, ਐਨਕਾਂ, ਐਕਸਰੇ, ਕੰਨਾਂ ਦੀ ਸੁਨਣ ਸ਼ਕਤੀ ਦਾ ਟੈਸਟ, ਫੈਫੜਿਆਂ ਦੇ ਟੈਸਟ, ਈਸੀਜੀ, ਲੈਬ ਟੈਸਟ ਸਮੇਤ ਦਵਾਈਆਂ ਤੇ ਟੂਥ ਪੇਸਟ ਵੀ ਦਿੱਤੇ ਗਏ।

# ਸਾਰਗ ਸਮਾਰਟ ਸਕੂਲ ਵਿੱਚ ਸੀਨੀਅਰ ਕੇ.ਜੀ. ਕਲਾਸ ਦਾ ਗ੍ਰੈਜੂਏਸ਼ਨ ਸਮਾਰੋਹ ਧੂਮਧਾਮ ਨਾਲ ਸੰਪੰਨ

**ਆਜ਼ਾਦ ਸੋਚ**
**ਰਜਿੰਦਰ/ਸ਼੍ਰੀ ਚਮਕੌਰ ਸਾਹਿਬ , 28 ਮਾਰਚ**

ਸਾਰਗ ਸਮਾਰਟ ਸਕੂਲ ਵਿੱਚ ਕੇ.ਜੀ. ਕਲਾਸ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਲਈ ਗ੍ਰੈਜੂਏਸ਼ਨ ਸਮਾਰੋਹ ਬੜੇ ਉਤਸ਼ਾਹ ਅਤੇ ਖੁਸ਼ੀ ਦੇ ਮਾਹੌਲ ਵਿੱਚ ਆਯੋਜਿਤ ਕੀਤਾ ਗਿਆ। ਇਸ ਮੌਕੇ 'ਤੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਦੀ ਸਰਗਰਮ ਭਾਗੀਦਾਰੀ ਦੇਖਣ ਨੂੰ ਮਿਲੀ।




ਪ੍ਰਿੰਸੀਪਲ ਮੈਡਮ ਰਾਜਿੰਦਰ ਕੌਰ ਨੇ ਮਾਪਿਆਂ, ਅਧਿਆਪਕਾਂ ਦੇ ਸਹਿਯੋਗ ਅਤੇ ਯੋਗਦਾਨ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾਂ ਸਭਨਾਂ ਦਾ ਧੰਨਵਾਦ ਕੀਤਾ ਅਤੇ ਨਾਲ ਹੀ ਅਗਲੀ ਜਮਾਤ ਲਈ ਸ਼ੁਭਕਾਮਨਾਵਾਂ ਵੀ ਦਿੱਤੀਆ। ਇਸ ਮੌਕੇ ਸਾਰਗ ਐਜੂਕੇਸ਼ਨ ਸੁਸਾਇਟੀ ਦੇ ਪ੍ਰਧਾਨ ਸ.ਅਮਰਜੀਤ ਸਿੰਘ ਕਲਸੀ ਵੱਲੋਂ ਬੱਚਿਆਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਵੰਡੇ ਗਏ। ਉਨ੍ਹਾਂ ਨੇ ਅਧਿਆਪਕਾਂ ਅਤੇ ਮਾਪਿਆਂ ਵੱਲੋਂ ਬੱਚਿਆਂ ਲਈ ਕੀਤੇ ਗਏ ਯਤਨਾਂ ਅਤੇ ਕੋਸ਼ਿਸ਼ਾਂ ਦੀ ਪ੍ਰਸ਼ੰਸਾ ਕੀਤੀ ।

ਇਨਾਮ ਪ੍ਰਾਪਤ ਕਰਕੇ ਬੱਚਿਆਂ ਦੇ ਚਿਹਰੇ ਖੁਸ਼ੀ ਨਾਲ ਖਿੜ ਉਠੇ। ਮਾਪਿਆਂ ਨੇ ਵੀ ਇਹਨਾਂ ਵਿਸ਼ੇਸ਼ ਪਲਾਂ ਨੂੰ ਕੈਮਰਿਆਂ ਵਿੱਚ ਕੈਦ ਕਰਕੇ ਯਾਦਗਾਰ ਬਣਾਇਆ। ਸਮਾਰੋਹ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਕੋਆਰਡੀਨੇਟਰ ਗੁਰਿੰਦਰ ਕੌਰ ਅਤੇ ਉਨ੍ਹਾਂ ਦੀ ਸਮੂਹ ਟੀਮ ਨੇ ਆਪਣੀ ਅਹਿਮ ਭੂਮਿਕਾ ਅਦਾ ਕੀਤੀ। ਸਮਾਰੋਹ ਯਾਦਗਾਰ ਪਲਾਂ ਦੇ ਨਾਲ ਸਫਲਤਾਪੂਰਵਕ ਸੰਪੂਰਨ ਹੋਇਆ।

# ਜ਼ੀਰਕਪੁਰ ਵਿੱਚ ਭਾਜਪਾ ਦਾ ਦੋ ਦੀਨਾ ਪ੍ਰਸ਼ਿਕਸ਼ਣ ਸ਼ਿਵਿਰ ਸ਼ੁਰੂ

## ਕਾਰਕੁਨਾਂ ਨੂੰ ਸੰਗਠਨਾਤਮਕ ਅਤੇ ਵਿਚਾਰਧਾਰਕ ਤੌਰ 'ਤੇ ਕੀਤਾ ਜਾ ਰਿਹਾ ਮਜ਼ਬੂਤ: ਸੰਜੀਵ ਵਸ਼ਿਸ਼ਟ

ਜ਼ੀਰਕਪੁਰ, 28 ਮਾਰਚ,(ਅਵਤਾਰ ਸੈਣੀ):-ਭਾਰਤੀ ਜਨਤਾ ਪਾਰਟੀ ਵੱਲੋਂ ਡੇਰਾਬੱਸਸੀ ਮੰਡਲ ਪੱਧਰ 'ਤੇ ਦੋ ਦਿਵਸੀਏ ਪ੍ਰਸ਼ਿਕਸ਼ਣ ਸ਼ਿਵਿਰ ਦਾ ਆਯੋਜਨ ਜ਼ੀਰਕਪੁਰ ਵਿਖੇ ਸਥਿਤ ਭਾਜਪਾ ਦਫ਼ਤਰ ਵਿੱਚ ਕੀਤਾ ਗਿਆ। ਇਹ ਸ਼ਿਵਿਰ 'ਪੰਡਿਤ ਦੀਨਦਯਾਲ ਉਪਾਧਿਆਯ ਪ੍ਰਸ਼ਿਕਸ਼ਣ ਅਭਿਆਨ' ਦੇ ਤਹਿਤ ਆਯੋਜਿਤ ਕੀਤਾ ਜਾ ਰਿਹਾ ਹੈ। ਸ਼ਨੀਵਾਰ ਨੂੰ ਸ਼ਿਵਿਰ ਦਾ ਪਹਿਲਾ ਦਿਨ ਰਿਹਾ, ਜਿਸ ਵਿੱਚ ਵੱਡੀ ਗਿਣਤੀ ਵਿੱਚ ਮੰਡਲ ਪਦਾਧਿਕਾਰੀਆਂ ਅਤੇ ਕਾਰਕੁਨਾਂ ਨੇ ਹਿੱਸਾ ਲਿਆ ।ਇਸ ਮੌਕੇ ਮੰਜੀਤ ਸਿੰਘ ਰਾਏ ਮੁੱਖ ਅਤੀਥੀ ਅਤੇ ਪ੍ਰਵਕਤਾ ਵਜੋਂ ਸ਼ਾਮਲ ਹੋਏ, ਜਦਕਿ ਸੁਭਾਸ਼ ਸ਼ਰਮਾ ਅਤੇ ਸੰਜੀਵ ਖੰਨਾ ਨੇ ਵੀ ਪਾਰਟੀ ਦੀ ਵਿਚਾਰਧਾਰਾ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਇਸ ਦੌਰਾਨ ਜ਼ਿਲ੍ਹਾ ਪ੍ਰਧਾਨ ਸੰਜੀਵ ਵਸ਼ਿਸ਼ਟ ਨੇ ਦੱਸਿਆ ਕਿ ਇਸ ਪ੍ਰਸ਼ਿਕਸ਼ਣ ਅਭਿਆਨ ਦਾ ਮੁੱਖ ਉਦੇਸ਼ ਮੰਡਲ ਪ੍ਰਧਾਨਾਂ, ਸ਼ਕਤੀ ਕੇਂਦਰ ਪ੍ਰਭਾਰੀਆਂ ਅਤੇ ਕਾਰਕੁਨਾਂ ਨੂੰ ਸੰਗਠਨ ਦੀ ਬਣਤਰ, ਕਾਰਜਪ੍ਰਣਾਲੀ ਅਤੇ ਪਾਰਟੀ ਦੀ ਵਿਚਾਰਧਾਰਾ 'ਏਕਾਤਮ ਮਨੁੱਖਵਾਦ' ਨਾਲ ਜਾਣੂ ਕਰਵਾਉਣਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੂੰ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦੇ ਪ੍ਰਭਾਵਸ਼ਾਲੀ ਲਾਗੂ ਕਰਨ ਅਤੇ ਸੋਸ਼ਲ ਮੀਡੀਆ ਦੇ ਬਿਹਤਰ ਉਪਯੋਗ ਬਾਰੇ ਵੀ ਪ੍ਰਸ਼ਿਕਸ਼ਣ ਦਿੱਤਾ ਜਾ ਰਿਹਾ ਹੈ। ਉਨ੍ਹਾਂ ਹੋਰ ਦੱਸਿਆ ਕਿ ਸ਼ਿਵਿਰ ਵਿੱਚ 'ਕਾਰਜ ਵਿਸਤਾਰ', 'ਸਾਡੀ ਕਾਰਜ ਪੱਧਤੀ', 'ਆਈਟੀ ਸੈੱਲ ਅਤੇ ਸੋਸ਼ਲ ਮੀਡੀਆ', 'ਬੂਥ ਪ੍ਰਬੰਧਨ' ਅਤੇ 'ਕੇਂਦਰ ਸਰਕਾਰ ਦੀਆਂ ਉਪਲਬਧੀਆਂ' ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਵੱਖ-ਵੱਖ ਸੈਸ਼ਨ ਆਯੋਜਿਤ ਕੀਤੇ ਜਾ ਰਹੇ ਹਨ। ਇਸ ਮੌਕੇ ਡੇਰਾਬੱਸਸੀ ਤੋਂ ਭਾਜਪਾ ਨੇਤਾ ਅਤੇ ਪ੍ਰਦੇਸ਼ ਸਚਿਵ ਸੰਜੀਵ ਖੰਨਾ ਨੇ ਕਿਹਾ ਕਿ ਇਸ ਤਰ੍ਹਾਂ ਦੇ ਪ੍ਰਸ਼ਿਕਸ਼ਣ ਸ਼ਿਵਿਰਾਂ ਨਾਲ ਕਾਰਕੁਨਾਂ ਵਿੱਚ ਆਪਸੀ ਸਮਨਵਯ, ਸੰਵਾਦ ਅਤੇ ਸੰਗਠਨ ਪ੍ਰਤੀ ਵਚਨਬੱਧਤਾ ਮਜ਼ਬੂਤ ਹੁੰਦੀ ਹੈ, ਜਿਸ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ।




# ਸ਼੍ਰੋਮਣੀ ਕਮੇਟੀ, ਸਿੱਖ ਮਿਸ਼ਨ ਹਰਿਆਣਾ ਵੱਲੋਂ ਇੰਡੀਆ ਹਾਕੀ ਟੀਮ ਦੀ ਵਾਈਸ ਕਪਤਾਨ ਨਵਨੀਤ ਕੌਰ ਸਨਮਾਨਿਤ: ਸੁਖਵਿੰਦਰ ਸਿੰਘ

**ਆਜ਼ਾਦ ਸੋਚ**
**ਸੁਖਰਾਜ ਸਿੰਘ**
**ਨਵੀਂ ਦਿੱਲੀ, 28 ਮਾਰਚ**

ਭਾਰਤੀ ਹਾਕੀ ਟੀਮ ਦੀ ਉੱਪ ਕਪਤਾਨ ਨਵਨੀਤ ਕੌਰ ਸ਼ਾਹਬਾਦ ਮਾਰਕੰਡਾ ਹਰਿਆਣਾ ਦੀ ਰਹਿਣ ਵਾਲੀ ਹੈ। ਹਾਕੀ ਟੀਮ ਵੱਲੋਂ ਨਵਨੀਤ ਕੌਰ ਨੂੰ ਉਲੰਪੀਅਨ ਸ. ਬਲਬੀਰ ਸਿੰਘ ਐਵਾਰਡ ਮਿਲਣ ਅਤੇ ਹਾਕੀ ਇੰਡੀਆ ਵੱਲੋਂ ਪਲੇਅਰ ਆਫ ਦਾ ਯੀਅਰ ਚੁਣੇ ਜਾਣ 'ਤੇ ਸਿੱਖ ਮਿਸ਼ਨ ਹਰਿਆਣਾ ਦੇ ਇੰਚਾਰਜ ਨੇ ਦੱਸਿਆ ਕਿ ਸ. ਰਘੁਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ ਅਤੇ ਸ. ਬਲਦੇਵ ਸਿੰਘ ਕਾਯਮਪੁਰ ਅੰਤ੍ਰਿੰਗ ਕਮੇਟੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਅੰਮ੍ਰਿਤਸਰ ਸਾਹਿਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ. ਸੁਖਵਿੰਦਰ ਸਿੰਘ ਇੰਚਾਰਜ ਸਿੱਖ ਮਿਸ਼ਨ ਹਰਿਆਣਾ ਅਤੇ ਡਾ. ਐਚ. ਐਸ. ਚੀਮਾ ਮੀਰੀ ਪੀਰੀ ਹਸਪਤਾਲ ਰਾਹੀਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਨਵਨੀਤ ਕੌਰ ਸ਼ਾਹਬਾਦ ਮਾਰਕੰਡਾ ਦਾ ਸਨਮਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸਿੱਖ ਬੱਚਿਆਂ ਨੂੰ ਖੇਡਾਂ ਵਿੱਚ ਮੱਲਾਂ ਮਾਰਨ ਲਈ ਵੀ ਉਤਸਾਹਿਤ ਕੀਤਾ ਜਾਂਦਾ ਹੈ। ਇਸ ਲਈ ਸੰਸਥਾ ਵੱਲੋਂ ਆਪਣੀ ਹਾਕੀ ਟੀਮ ਵੀ ਬਣਾਈ ਗਈ ਹੈ ਤਾਂ ਕੇ ਬੱਚੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੀ ਸਿਹਤ ਦਾ ਖਿਆਲ ਰੱਖਣ । ਇਸ ਮੌਕੇ ਜਗਦੇਵ ਸਿੰਘ ਗਾਬਾ ਪ੍ਰਵਕਤਾ, ਕਾਲਾ ਸਿੰਘ ਵਿਰਕ, ਬੂਟਾ ਸਿੰਘ, ਨਵਨੀਤ ਸਿੰਘ ਕੋਹਲੀ , ਜਸਬੀਰ ਸਿੰਘ, ਇੰਦਰਪਾਲ ਸਿੰਘ, ਸ਼ੇਰ ਸਿੰਘ ਆਦਿ ਹਾਜ਼ਰ ਸਨ।



# ਮੋਹਾਲੀ ਦੇ ਕਿਸਾਨਾਂ ਮਜ਼ਦੂਰਾਂ ਨੇ ਮਨਾਇਆ ਸਾਮਰਾਜ ਵਿਰੋਧੀ ਦਿਨ

## ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਮੁਕਤ ਵਪਾਰ ਸਮਝੌਤੇ ਖਿਲਾਫ਼ ਸੰਘਰਸ਼ ਤੇਜ਼ ਕਰਨ ਦਾ ਸੱਦਾ

**ਆਜ਼ਾਦ ਸੋਚ**
**ਸੁਖਰਾਜ ਸਿੰਘ**
**ਨਵੀਂ ਦਿੱਲੀ, 28 ਮਾਰਚ**

ਮੋਹਾਲੀ ਦੀਆਂ ਸਮੂਹ ਕਿਸਾਨ ਮਜ਼ਦੂਰ ਜਥੇਬੰਦੀਆਂ ਵੱਲੋਂ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਾਮਰਾਜ ਵਿਰੋਧੀ ਦਿਵਸ ਮਨਾਇਆ ਗਿਆ। ਸੰਯੁਕਤ ਕਿਸਾਨ ਮੋਰਚਾ ਅਤੇ ਜਨਤਕ ਜਥੇਬੰਦੀਆਂ ਦੇ ਸਾਂਝੇ ਸੱਦੇ ਤੇ ਜਥੇਬੰਦੀਆਂ ਦੇ ਆਗੂ ਅਤੇ ਵਰਕਰ ਏਅਰਪੋਰਟ ਰੋਡ ਤੇ ਸ਼ਹੀਦ ਭਗਤ ਸਿੰਘ ਦੇ ਬੁੱਤ ਕੋਲ ਇਕੱਠੇ ਹੋਏ। ਇਕੱਠ ਨੂੰ ਸੰਬੋਧਨ ਕਰਦਿਆਂ ਭਾਕਿਯੂ ਰਾਜੇਵਾਲ ਦੇ ਪਰਮਦੀਪ ਸਿੰਘ ਬੈਦਵਾਨ, ਬੀਕੇਯੂ ਲੱਖੋਵਾਲ ਦੇ ਦਰਸ਼ਨ ਸਿੰਘ ਦੁਰਾਲੀ, ਬੀਕੇਯੂ ਏਕਤਾ ਡਕੌਂਦਾ ਦੇ ਅੰਗਰੇਜ਼ ਸਿੰਘ ਭਦੌੜ , ਕਿਰਪਾਲ ਸਿੰਘ ਸਿਆਊ, ਬੀਕੇਯੂ ਏਕਤਾ ਉਗਰਾਹਾਂ ਦੇ ਲਖਵਿੰਦਰ ਸਿੰਘ ਹੈਪੀ, ਬੀਕੇਯੂ ਕ੍ਰਾਂਤੀਕਾਰੀ ਦੇ ਅਵਤਾਰ ਸਿੰਘ ਮਨਾਣਾ ਅਤੇ ਪੈਨਸ਼ਨਰ ਐਸੋਸੀਏਸ਼ਨ ਦੇ ਲੱਖਾ ਸਿੰਘ ਨੇ ਆਖਿਆ ਕਿ ਸ਼ਹੀਦਾਂ ਦੇ ਆਦਰਸ਼ਾਂ ਦੀ ਪੂਰਤੀ ਲਈ ਕਿਸਾਨਾਂ , ਮਜ਼ਦੂਰਾਂ ਅਤੇ ਸਮੂਹ ਕਿਰਤੀ ਕਮਾਊਂ ਲੋਕਾਂ ਦੀ ਪੁੱਗਤ ਵਾਸਤੇ ਦੇਸ਼ ਦੇ ਵਿੱਚੋਂ ਸਾਮਰਾਜੀ ਲੁੱਟ ਤੇ ਗਲਬੇ ਨੂੰ ਖਤਮ ਕਰਨ ਲਈ ਜੂਝਣਾ ਹੀ 23 ਮਾਰਚ ਦੇ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੈ। ਲਖਵਿੰਦਰ ਸਿੰਘ ਲੱਖੀ, ਸੁਰਿੰਦਰ ਪਾਲ ਸਿੰਘ ਲਹੌਰੀਆ, ਜਸਪਾਲ ਸਿੰਘ ਲਾਂਡਰਾਂ, ਗੁਰਬਖਸ਼ ਸਿੰਘ ਬੈਦਵਾਨ, ਬਲਜੀਤ ਸਿੰਘ ਭਾਊ, ਬਲਦੇਵ ਸਿੰਘ ਰੁੜਕੀ, ਠੇਕਾ ਵਰਕਰ ਯੂਨੀਅਨ ਦੇ ਜੋਰਾਵਰ ਸਿੰਘ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਮਨਰੇਗਾ ਨੂੰ ਖਤਮ ਕਰਨ, ਬਿਜਲੀ ਤੇ ਬੀਜ ਸੋਧ ਬਿੱਲ ਲਿਆਉਣ, ਮਜ਼ਦੂਰ ਵਿਰੋਧੀ ਕਿਰਤ ਕੋਡ ਲਾਗੂ ਕਰਨ, ਸਭਨਾਂ ਸਰਕਾਰੀ ਅਦਾਰਿਆਂ 'ਚ ਨਿੱਜੀਕਰਨ ਤੇ ਪੰਚਾਇਤੀਕਰਨ ਦੀਆਂ ਨੀਤੀਆਂ ਲਾਗੂ ਕਰਨ ਤੇ ਮੁਕਤ ਵਪਾਰ ਸਮਝੌਤੇ ਵਰਗੇ ਕਦਮਾਂ ਖਿਲਾਫ ਵਿਸ਼ਾਲ ਸਾਮਰਾਜ ਵਿਰੋਧੀ ਲੋਕ ਲਹਿਰ ਖੜ੍ਹੀ ਕਰਨ ਦੀ ਲੋੜ ਹੈ। ਗੁਰਮੇਲ ਸਿੰਘ ਜੇਈ ਐਸੋਸੀਏਸ਼ਨ, ਮਾਸਟਰ ਯਸ਼ਪਾਲ , ਗੁਰਬਚਨ ਸਿੰਘ ਪਰੇਮਗੜ੍ਹ, ਬਲਵਿੰਦਰ ਸਿੰਘ ਬਾਕਰਪੁਰ, ਸੁਖੀ ਟੰਗੋਰੀ ਅਤੇ ਕਰਨੈਲ ਸਿੰਘ ਜੌਲਾ ਕਲਾਂ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦੇ ਪਾਣੀਆਂ ਦਾ ਮਸਲਾ, ਕਰਜਾ ਮੁਕਤੀ, ਐਮਐਸਪੀ ਅਤੇ ਮੁਕਤ ਵਪਾਰ ਸਮਝੌਤਾ ਵਗੈਰਾ ਦੇ ਖਿਲਾਫ ਸੰਯੁਕਤ ਕਿਸਾਨ ਮੋਰਚਾ ਅਤੇ ਹੋਰ ਜਨਤਕ ਜਥੇਬੰਦੀਆਂ ਵੱਲੋਂ ਸਾਂਝੇ ਤੌਰ ਤੇ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ। ਇਸ ਸਮੇਂ ਹੋਰਨਾ ਤੋਂ ਇਲਾਵਾ ਜਸਵਿੰਦਰ ਸਿੰਘ ਕੰਡਾਲਾ, ਗੁਰਪ੍ਰੀਤ ਸਿੰਘ ਪਨਹੇੜੀ, ਗੁਰਪ੍ਰੀਤ ਸਿੰਘ ਝਾਂਮਪੁਰ, ਕੁਲਵੰਤ ਸਿੰਘ ਚਿੱਲਾ, ਗੁਰਵਿੰਦਰ ਸਿੰਘ ਸਿਆਊ, ਹਰਜੀਤ ਸਿੰਘ ਸਿਆਊ ਅਤੇ ਅਮਰਜੀਤ ਸਿੰਘ ਸੁਖਗੜ ਵੀ ਹਾਜ਼ਰ ਸਨ।



# ਸਰਕਾਰ ਦੇ ਸ਼ਾਨਦਾਰ 4 ਸਾਲ: ਭਗਵੰਤ ਮਾਨ ਦੇ ਨਾਲ ਸੰਵਾਦ ਪ੍ਰੋਗਰਾਮ ਆਯੋਜਿਤ

## ਸੂਬੇ ਦੇ ਲੋਕ ਮਾਣ ਸਰਕਾਰ ਦੇ ਚਾਰ ਸਾਲਾਂ ਦੇ ਸ਼ਾਨਦਾਰ ਕਾਰਜਕਾਲ ਤੋਂ ਪੂਰੀ ਤਰਹਾਂ ਸੰਤੁਸ਼ਟ : ਚੇਅਰਮੈਨ ਗੱਜੂਮਾਜਰਾ, ਮਨਜੀਤ ਕੌਰ

**ਆਜ਼ਾਦ ਸੋਚ**
**ਹਰਜਿੰਦਰ ਸਿੰਘ**
**ਸਮਾਣਾ, 28 ਮਾਰਚ**

ਪੰਜਾਬ ਵਿੱਚ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਆਮ ਆਦਮੀ ਪਾਰਟੀ ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਨੂੰ ਲੈ ਕੇ ਲੋਕਾਂ ਵਿੱਚ ਖੁਸ਼ੀ ਅਤੇ ਸੰਤੁਸ਼ਟੀ ਦਾ ਮਾਹੌਲ ਵੇਖਣ ਨੂੰ ਮਿਲ ਰਿਹਾ ਹੈ। ਇਹ ਗੱਲ ਮਾਰਕੀਟ ਕਮੇਟੀ ਸਮਾਣਾ ਦੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਵੱਲੋਂ ਪਿੰਡ ਲਗੜੋਈ ਅਤੇ ਤੁਲੇਵਾਲ ਵਿੱਚ ਆਯੋਜਿਤ "ਸਰਕਾਰ ਦੇ ਸ਼ਾਨਦਾਰ 4 ਸਾਲ - ਭਗਵੰਤ ਮਾਨ ਦੇ ਨਾਲ"ਸੰਵਾਦ ਪ੍ਰੋਗਰਾਮ ਦੌਰਾਨ ਕਹੀ ਗਈ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਲੋਕਾਂ ਨੇ ਜਿਹੜੀਆਂ ਉਮੀਦਾਂ ਨਾਲ ਆਮ ਆਦਮੀ ਪਾਰਟੀ ਨੂੰ ਚੁਣਿਆ ਸੀ, ਸਰਕਾਰ ਉਹਨਾਂ ਉਮੀਦਾਂ 'ਤੇ ਪੂਰੀ ਤਰ੍ਹਾਂ ਖਰੀ ਉੱਤਰੀ ਹੈ। ਇਸ ਮੌਕੇ ਲੋਕਾਂ ਨੂੰ ਸਰਕਾਰ ਵੱਲੋਂ ਚਾਰ ਸਾਲਾਂ ਵਿੱਚ ਕੀਤੇ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਦਿੱਤੀ ਗਈ। ਸਮਾਗਮ ਵਿੱਚ ਇਲਾਕਾ ਵਾਸੀਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮਨਜੀਤ ਕੌਰ ਨੇ ਦੱਸਿਆ ਕਿ ਸ਼੍ਰੀ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਵੱਲੋਂ ਕੀਤੇ ਵਾਅਦੇ ਇੱਕ-ਇੱਕ ਕਰਕੇ ਪੂਰੇ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਦੀ ਸਿਹਤ ਲਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ 10 ਲੱਖ ਰੁਪਏ ਤੱਕ ਮੁਫਤ ਇਲਾਜ ਦੀ ਸਹੂਲਤ ਦਿੱਤੀ ਗਈ ਹੈ। ਇਸ ਤੋਂ ਇਲਾਵਾ 50 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਰੋਜ਼ਗਾਰ ਪ੍ਰਦਾਨ ਕੀਤਾ ਗਿਆ ਅਤੇ ਕੱਚੇ ਮੁਲਾਜ਼ਮਾਂ ਨੂੰ ਵੱਡੇ ਪੱਧਰ 'ਤੇ ਪੱਕਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸਰਕਾਰ ਬਣਨ ਦੇ ਕੁਝ ਸਮੇਂ ਵਿੱਚ ਹੀ 600 ਯੂਨਿਟ ਤੱਕ ਮੁਫਤ ਬਿਜਲੀ ਦੀ ਸਹੂਲਤ ਦਿੱਤੀ ਗਈ, ਜਿਸ ਨਾਲ ਕਈ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ। ਮੁਹੱਲਾ ਕਲੀਨਿਕਾਂ ਵਿੱਚ ਮਾਹਿਰ ਡਾਕਟਰਾਂ ਵੱਲੋਂ ਮੁਫਤ ਜਾਂਚ ਅਤੇ ਦਵਾਈਆਂ ਦੀ ਸਹੂਲਤ ਵੀ ਦਿੱਤੀ ਜਾ ਰਹੀ ਹੈ। ਇਸ ਦੇ ਨਾਲ ਹੀ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਸਟੇਡੀਅਮ ਬਣਾਏ ਜਾ ਰਹੇ ਹਨ ਅਤੇ ਲਿੰਕ ਸੜਕਾਂ ਦੀ ਮੁਰੰਮਤ ਦਾ ਕੰਮ ਵੀ ਤੇਜ਼ੀ ਨਾਲ ਚੱਲ ਰਿਹਾ ਹੈ। ਹਲਕਾ ਸਮਾਣਾ ਦੇ ਵਿਕਾਸ ਲਈ ਵਿਧਾਇਕ ਚੇਤਨ ਸਿੰਘ ਜੌੜਾਂ ਮਾਜਰਾ ਦੀ ਰਹਿਨੁਮਾਈ ਹੇਠ ਕੰਮ ਜਾਰੀ ਹਨ। ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਰੋਜ਼ਾਨਾ ਬੱਸਾਂ ਰਾਹੀਂ ਲੋਕਾਂ ਨੂੰ ਸ੍ਰੀ ਦਰਬਾਰ ਸਾਹਿਬ, ਦੁਰਗਿਆਨਾ ਮੰਦਰ, ਜਲਿਆਂਵਾਲਾ ਬਾਗ, ਰਾਮ ਤੀਰਥ ਅਤੇ ਵਾਹਗਾ ਬਾਰਡਰ ਦੇ ਦਰਸ਼ਨ ਕਰਵਾਏ ਜਾ ਰਹੇ ਹਨ, ਜਿਸ ਨਾਲ ਭਾਈਚਾਰਕ ਸਾਂਝ ਨੂੰ ਮਜ਼ਬੂਤੀ ਮਿਲ ਰਹੀ ਹੈ। ਇਸ ਮੌਕੇ ਸਰਪੰਚ ਲਾਲ ਸਿੰਘ,ਬਲਜਿੰਦਰ ਸਿੰਘ ਪਹਾੜਪੁਰ, ਨਵੀ ਖਰੌੜ, ਰਾਮਦਾਸ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।




# ਲਾਲ ਸਿੰਘ ਸਾਬਕਾ ਵਜੀਰ ਪੰਜਾਬ ਦੇ ਹੋਏ ਅਕਾਲ ਚਲਾਣੇ 'ਤੇ ਸਿਮਰਨਜੀਤ ਸਿੰਘ ਮਾਨ ਨੇ ਦੁੱਖ ਪ੍ਰਗਟਾਇਆ

ਨਵੀਂ ਦਿੱਲੀ, 28 ਮਾਰਚ (ਸੁਖਰਾਜ ਸਿੰਘ): ਪੰਜਾਬ ਦੇ ਸਾਬਕਾ ਵਜੀਰ ਸ. ਲਾਲ ਸਿੰਘ ਅੱਜ ਅਚਾਨਕ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ 'ਚ ਜਾ ਬਿਰਾਜੇ ਹਨ, ਜਿਸ ਨਾਲ ਉਨ੍ਹਾਂ ਦੇ ਪਰਿਵਾਰਿਕ ਮੈਬਰਾਂ, ਸੰਬੰਧੀਆਂ ਨੂੰ ਇਕ ਅਸਹਿ ਘਾਟਾ ਪਿਆ ਹੈ । ਸਾਨੂੰ ਵੀ ਉਨ੍ਹਾਂ ਦੇ ਚਲੇ ਜਾਣ 'ਤੇ ਗਹਿਰਾ ਸਦਮਾ ਪਹੁੰਚਿਆ ਹੈ। ਉਹ ਇਕ ਨੇਕ ਅਤੇ ਇਮਾਨਦਾਰ ਇਨਸਾਨ ਸਨ । ਅਸੀਂ ਉਨ੍ਹਾਂ ਦੀ ਆਤਮਾ ਦੀ ਸ਼ਾਂਤੀ ਲਈ ਜਿਥੇ ਗੁਰੂ ਸਾਹਿਬ ਦੇ ਚਰਨਾਂ ਵਿਚ ਅਰਦਾਸ ਕਰਦੇ ਹਾਂ, ਉਥੇ ਪਰਿਵਾਰਿਕ ਮੈਬਰਾਂ, ਸੰਬੰਧੀਆਂ ਤੇ ਇਲਾਕਾ ਨਿਵਾਸੀਆ ਨੂੰ ਗੁਰੂ ਦੇ ਭਾਣੇ 'ਚ ਵਿਚਰਣ ਦੀ ਸ਼ਕਤੀ ਦੀ ਬਖਸ਼ਿਸ਼ ਕਰਨ ਦੀ ਅਰਜੋਈ ਵੀ ਕਰਦੇ ਹਾਂ । ਇਸ ਦੁੱਖ ਦਾ ਪ੍ਰਗਟਾਵਾ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸ. ਲਾਲ ਸਿੰਘ ਦੇ ਪਰਿਵਾਰ ਤੇ ਇਲਾਕਾ ਨਿਵਾਸੀਆਂ ਨਾਲ ਦੁੱਖ ਸਾਂਝਾ ਕਰਦਿਆ ਉਨ੍ਹਾਂ ਦੀ ਆਤਮਾ ਦੀ ਸ਼ਾਤੀ ਲਈ ਅਰਦਾਸ ਕਰਦੇ ਹੋਏ ਕੀਤਾ ।



# ਸ਼੍ਰੀ ਇੱਛਾਪੂਰਨ ਭੋਲੇਨਾਥ ਮੰਦਿਰ ਗ੍ਰੀਨ ਟਾਊਨ ਵਿਖੇ ਰਾਮ ਕਥਾ ਭਾਵਭੀਨੇ ਮਾਹੌਲ 'ਚ ਸੰਪੰਨ

## ਇਲਾਕੇ ਭਰ ਦੀਆਂ ਨਾਮੀ ਸਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਲਿਆ ਅਸ਼ੀਰਵਾਦ

**ਆਜ਼ਾਦ ਸੋਚ**
**ਸੰਜੇ ਬਾਂਸਲ/ਸਮਾਣਾ, 28 ਮਾਰਚ**

ਗ੍ਰੀਨ ਟਾਊਨ ਵਿਖੇ ਸਥਿਤ ਸ਼੍ਰੀ ਇੱਛਾਪੂਰਨ ਭੋਲੇਨਾਥ ਮੰਦਿਰ ਦੀ ਚੌਥੀ ਵਰ੍ਹੇਗੰਢ ਅਤੇ ਪਵਿੱਤਰ ਰਾਮ ਨੌਮੀ ਦੇ ਸ਼ੁਭ ਅਵਸਰ 'ਤੇ ਇੱਕ ਵਿਸ਼ਾਲ ਅਤੇ ਧਾਰਮਿਕ ਰੂਹਾਨੀ ਸਮਾਗਮ ਸ਼ਾਨਦਾਰ ਢੰਗ ਨਾਲ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦੌਰਾਨ ਸ਼੍ਰੀ ਰਾਮ ਕਥਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਇਲਾਕੇ ਭਰ ਤੋਂ ਸੰਗਤਾਂ ਨੇ ਭਾਰੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਧਾਰਮਿਕ ਲਾਹਾ ਪ੍ਰਾਪਤ ਕੀਤਾ।

ਇਸ ਮੌਕੇ ਪ੍ਰਸਿੱਧ ਕਥਾ ਵਾਚਕ ਡਾ. ਸਵਾਮੀ ਰਾਮਤੀਰਥ ਜੀ ਮਹਾਰਾਜ ਨੇ ਆਪਣੇ ਰਸਭਰੇ ਅਤੇ ਪ੍ਰੇਰਨਾਦਾਇਕ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਉਨ੍ਹਾਂ ਨੇ ਮਰਯਾਦਾ ਪੁਰਸ਼ੋਤਮ ਸ਼੍ਰੀ ਰਾਮ ਜੀ ਦੀ ਜੀਵਨ ਗਾਥਾ ਦਾ ਵਿਸਥਾਰ ਨਾਲ ਵਰਣਨ ਕਰਦਿਆਂ ਦੱਸਿਆ ਕਿ ਸ਼੍ਰੀ ਰਾਮ ਜੀ ਦਾ ਜੀਵਨ ਸੱਚਾਈ, ਧਰਮ ਅਤੇ ਨੇਕੀ ਦਾ ਪ੍ਰਤੀਕ ਹੈ। ਉਨ੍ਹਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਅਸੀਂ ਆਪਣੇ ਜੀਵਨ ਵਿੱਚ ਵੀ ਸ਼੍ਰੀ ਰਾਮ ਦੇ ਆਦਰਸ਼ਾਂ ਨੂੰ ਅਪਨਾਕੇ ਸਮਾਜ ਵਿੱਚ ਭਲਾਈ ਦੇ ਰਸਤੇ 'ਤੇ ਚੱਲੀਏ।

ਸਮਾਗਮ ਦੌਰਾਨ ਮੰਦਰ ਪ੍ਰੰਗਣ ਵਿੱਚ ਭਗਤੀਮਈ ਮਾਹੌਲ ਬਣਿਆ ਰਿਹਾ ਅਤੇ ਸੰਗਤਾਂ ਨੇ ਸ਼ਰਧਾ ਭਾਵ ਨਾਲ ਰਾਮ ਕਥਾ ਦਾ ਆਨੰਦ ਮਾਣਿਆ। ਇਸ ਮੌਕੇ ਹਾਜ਼ਰ ਸੰਗਤਾਂ ਨੇ ਭਜਨ-ਕੀਰਤਨ ਵਿੱਚ ਵੀ ਭਾਗ ਲਿਆ ਅਤੇ ਮੰਦਰ ਵਿੱਚ ਗੂੰਜਦੇ ਭਗਤੀ ਭਾਵ ਨੇ ਸਮੂਹ ਵਾਤਾਵਰਨ ਨੂੰ ਰੂਹਾਨੀ ਰੰਗ ਵਿੱਚ ਰੰਗ ਦਿੱਤਾ ।ਇਸ ਧਾਰਮਿਕ ਸਮਾਗਮ ਵਿੱਚ ਕਈ ਨਾਮੀ ਸਖ਼ਸੀਅਤਾਂ ਨੇ ਹਾਜ਼ਰੀ ਭਰੀ, ਜਿਨ੍ਹਾਂ ਵਿੱਚ ਸ੍ਰੀ ਅਮਿਤ ਸਿੰਗਲਾ, ਸ੍ਰੀ ਸੰਦੀਪ ਸਿੰਗਲਾ, ਮੈਡਮ ਗੁਰਸ਼ਰਨ ਕੌਰ ਰੰਧਾਵਾ, ਰਛਪਾਲ ਸਿੰਘ ਜੌੜਾਮਾਜਰਾ, ਕੌਂਸਲਰ ਦਰਸ਼ਨ ਮਿੱਤਲ, ਪ੍ਰਧਾਨ ਜੀਵਨ ਗਰਗ, ਪ੍ਰਿੰਸੀਪਲ ਮੋਹਨ ਲਾਲ ਸ਼ਰਮਾ, ਅਮਰਜੀਤ ਸਿੰਘ ਪੰਜਰਥ, ਕੌਂਸਲਰ ਟਿੰਕਾ ਗਾਜੇਵਾਸ ਅਤੇ ਸੰਜੀਵ ਗਰਗ ਆਦਿ ਪ੍ਰਮੁੱਖ ਤੌਰ 'ਤੇ ਸ਼ਾਮਲ ਸਨ। ਉਨ੍ਹਾਂ ਨੇ ਮੰਦਰ ਵਿੱਚ ਮੱਥਾ ਟੇਕ ਕੇ ਅਸ਼ੀਰਵਾਦ ਪ੍ਰਾਪਤ ਕੀਤਾ ਅਤੇ ਸਮਾਗਮ ਦੀ ਪ੍ਰਸ਼ੰਸਾ ਕੀਤੀ।



ਇਸ ਮੌਕੇ ਗ੍ਰੀਨ ਟਾਊਨ ਵੈਲਫੇਅਰ ਸੋਸਾਇਟੀ ਅਤੇ ਧਰਮਸ਼ਾਲਾ ਕਮੇਟੀ ਵੱਲੋਂ ਪ੍ਰਧਾਨ ਹਰਿੰਦਰ ਭਟੇਜਾ ਦੀ ਅਗਵਾਈ ਹੇਠ ਸਮਾਗਮ ਵਿੱਚ ਸ਼ਿਰਕਤ ਕਰਨ ਵਾਲੇ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਧਾਰਮਿਕ ਸਮਾਗਮ ਸੰਗਤਾਂ ਵਿੱਚ ਆਧਿਆਤਮਿਕ ਚੇਤਨਾ ਨੂੰ ਮਜ਼ਬੂਤ ਕਰਦੇ ਹਨ ਅਤੇ ਸਮਾਜ ਵਿੱਚ ਏਕਤਾ ਅਤੇ ਭਾਈਚਾਰੇ ਦੀ ਭਾਵਨਾ ਨੂੰ ਵਧਾਉਂਦੇ ਹਨ।

ਅੰਤ ਵਿੱਚ ਸਮੂਹ ਸੰਗਤਾਂ ਲਈ ਲੰਗਰ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ, ਜਿਸ ਵਿੱਚ ਹਾਜ਼ਰ ਸੰਗਤਾਂ ਨੇ ਪ੍ਰਸਾਦ ਵਜੋਂ ਲੰਗਰ ਛਕਿਆ। ਸਮਾਗਮ ਦੇ ਸਫਲ ਆਯੋਜਨ ਲਈ ਸੰਗਤਾਂ ਅਤੇ ਸਹਿਯੋਗੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ ।ਇਹ ਸਮਾਗਮ ਭਗਤੀ, ਸ਼ਰਧਾ ਅਤੇ ਸਮਾਜਿਕ ਏਕਤਾ ਦਾ ਸੁੰਦਰ ਪ੍ਰਤੀਕ ਬਣ ਕੇ ਯਾਦਗਾਰ ਰਹਿ ਗਿਆ।

# ਅੰਮ੍ਰਿਤਸਰ ਤੋਂ ਉੱਡਣ ਵਾਲੀਆਂ ਉਡਾਨਾਂ ਅਤੇ ਵਾਪਸ ਲੈਂਡ ਕਰਨ ਵਾਲੀਆਂ ਉਡਾਨਾਂ ਲਈ ਪਾਕਿਸਤਾਨ ਏਅਰ ਸਪੇਸ ਤੁਰੰਤ ਪ੍ਰਦਾਨ ਕਰੇ : ਸਿਮਰਨਜੀਤ ਸਿੰਘ ਮਾਨ

ਨਵੀਂ ਦਿੱਲੀ, 27 ਮਾਰਚ (ਸੁਖਰਾਜ ਸਿੰਘ): ਬੇਸ਼ੱਕ ਅਮਰੀਕਾ, ਇਜਰਾਇਲ-ਇਰਾਨ ਜੰਗ ਦੇ ਕਾਰਨ ਜਾਂ ਪਾਕਿਸਤਾਨ, ਅਫਗਾਨੀਸਤਾਨ ਜੰਗ ਦੇ ਕਾਰਨ ਕੌਮਾਂਤਰੀ ਹਾਲਾਤ ਅਤਿ ਗੰਭੀਰ ਬਣੇ ਹੋਏ ਹਨ, ਪਰ ਸਾਡੀ ਪਾਕਿਸਤਾਨ ਦੀ ਸ਼ਾਹਬਾਜ ਸਰੀਫ ਹਕੂਮਤ ਨੂੰ ਇਹ ਜ਼ੋਰਦਾਰ ਗੁਜਾਰਿਸ਼ ਹੈ ਕਿ ਇਨ੍ਹਾਂ ਦਿਨਾਂ ਵਿਚ ਸਿੱਖ ਬਾਹਰਲੇ ਮੁਲਕਾਂ ਤੋਂ ਆਉਂਦੇ ਵੀ ਹਨ ਅਤੇ ਸ੍ਰੀ ਅੰਮ੍ਰਿਤਸਰ ਤੋਂ ਉਡਾਨ ਭਰ ਕੇ ਜਾਂਦੇ ਵੀ ਹਨ । ਇਸ ਲਈ ਸਿੱਖ ਕੌਮ ਲਈ ਉਚੇਚੇ ਤੌਰ 'ਤੇ ਅੰਮ੍ਰਿਤਸਰ ਤੋਂ ਉਡਨ ਵਾਲੀਆਂ ਉਡਾਨਾਂ ਲਈ ਅਤੇ ਵਾਪਸ ਲੈਂਡਿੰਗ ਕਰਨ ਵਾਲੀਆਂ ਉਡਾਨਾਂ ਲਈ ਪਾਕਿਸਤਾਨ ਹਕੂਮਤ ਫੌਰੀ ਏਅਰ ਸਪੇਸ ਪ੍ਰਦਾਨ ਕਰੇ ਤਾਂ ਕਿ ਸਿੱਖਾਂ ਨੂੰ ਆਪਣੇ ਪੰਜਾਬ 'ਚ ਆਉਣ-ਜਾਣ ਵਿੱਚ ਕਿਸੇ ਤਰ੍ਹਾਂ ਦੀ ਮੁਸ਼ਕਲ ਪੇਸ਼ ਨਾ ਆਵੇ ।ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪਾਕਿਸਤਾਨ, ਗੁਆਢੀ ਮੁਲਕ ਦੇ ਵਜੀਰ ਏ ਆਜਮ ਜਨਾਬ ਸ਼ਾਹਬਾਜ ਸਰੀਫ ਨੂੰ ਉਚੇਚੇ ਤੌਰ 'ਤੇ ਜ਼ੋਰਦਾਰ ਗੁਜਾਰਿਸ਼ ਕਰਦੇ ਹੋਏ ਅਤੇ ਗੰਭੀਰਤਾ ਭਰੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿਉਂਕਿ ਚੜ੍ਹਦੇ ਪੰਜਾਬ ਅਤੇ ਲਹਿੰਦੇ ਪੰਜਾਬ ਦਾ ਬਹੁਤ ਕੁਝ ਪੁਰਾਤਨ ਲੰਮੇ ਸਮੇਂ ਤੋਂ ਸਾਂਝਾ ਹੈ । ਸਾਡੀ ਬੋਲੀ, ਭਾਸ਼ਾ, ਸੱਭਿਆਚਾਰ, ਵਿਰਸਾ-ਵਿਰਾਸਤ, ਖਾਣ-ਪੀਣ ਆਦਿ ਬਹੁਤ ਮਿਲਵਰਤਣ ਵਾਲੇ ਅਤੇ ਇਕ ਦੂਸਰੇ ਨੂੰ ਚੰਗੀ ਤਰ੍ਹਾਂ ਸਮਝਣ ਵਾਲੇ ਹਨ । ਇਸ ਲਈ ਉਪਰੋਕਤ ਸਭ ਬੋਲੀ ਭਾਸ਼ਾ ਆਦਿ ਨੂੰ ਹੋਰ ਮਜਬੂਤ ਕਰਨ ਹਿੱਤ ਅਤੇ ਆਪਣੇ ਪੁਰਾਤਨ ਸੰਬੰਧਾਂ ਨੂੰ ਹੋਰ ਪ੍ਰਫੁੱਲਿਤ ਕਰਨ ਲਈ ਸ੍ਰੀ ਸਰੀਫ ਹਕੂਮਤ ਇਸ ਵਿਸ਼ੇ 'ਤੇ ਉਚੇਚੇ ਤੌਰ 'ਤੇ ਕੇਂਦ੍ਰਿਤ ਹੋ ਕੇ ਅਮਲ ਕਰਨਗੇ। ਸਿੱਖਾਂ ਅਤੇ ਮੁਸਲਮਾਨਾਂ ਦੇ ਆਪਸੀ ਸੰਬੰਧ ਤੇ ਸਹਿਯੋਗ ਨੂੰ ਹੋਰ ਹੁਲਾਰਾ ਦੇਣਗੇ।



# ਵਾਹਘਾ ਸਰਹੱਦ ਖੋਲ੍ਹਣਾ ਸਮੇਂ ਦੀ ਮੁੱਖ ਲੋੜ, ਦੋਵਾਂ ਦੇਸ਼ਾਂ ਦੇ ਰਿਸ਼ਤਿਆਂ 'ਚ ਗਰਮਾਹਟ ਲਈ ਅਮਨ-ਸ਼ਾਂਤੀ ਜ਼ਰੂਰੀ: ਕਰਨੈਲ ਸਿੰਘ ਪੀਰ ਮੁਹੰਮਦ

**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 28 ਮਾਰਚ**

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਸਿੱਖ ਚਿੰਤਕ ਸ. ਕਰਨੈਲ ਸਿੰਘ ਪੀਰ ਮੁਹੰਮਦ ਨੇ ਭਾਰਤ ਅਤੇ ਪਾਕਿਸਤਾਨ ਦਰਮਿਆਨ ਵਾਹਘਾ-ਅਟਾਰੀ ਸਰਹੱਦ ਰਾਹੀਂ ਵਪਾਰ ਅਤੇ ਆਵਾਜਾਈ ਨੂੰ ਮੁੜ ਪੂਰੀ ਤਰ੍ਹਾਂ ਬਹਾਲ ਕਰਨ ਦੀ ਪੁਰਜ਼ੋਰ ਵਕਾਲਤ ਕੀਤੀ ਹੈ। ਉਨ੍ਹਾਂ ਕਿਹਾ ਕਿ ਖਿੱਤੇ ਦੀ ਆਰਥਿਕਤਾ ਨੂੰ ਹੁਲਾਰਾ ਦੇਣ ਅਤੇ ਦੋਵਾਂ ਮੁਲਕਾਂ ਦੇ ਰਿਸ਼ਤਿਆਂ ਨੂੰ ਸਾਜਗਰ ਬਣਾਉਣ ਲਈ ਸਰਹੱਦਾਂ ਦਾ ਖੁੱਲ੍ਹਣਾ ਅਤੇ ਅਮਨ-ਸ਼ਾਂਤੀ ਦਾ ਕਾਇਮ ਹੋਣਾ ਬੇਹੱਦ ਲਾਜ਼ਮੀ ਹੈ। ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਸਰਹੱਦਾਂ ਬੰਦ ਹੋਣ ਕਾਰਨ ਪੰਜਾਬ ਦੇ ਵਪਾਰੀਆਂ, ਕਿਸਾਨਾਂ ਅਤੇ ਮਜ਼ਦੂਰ ਵਰਗ ਨੂੰ ਭਾਰੀ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਵਾਹਘਾ ਬਾਰਡਰ ਰਾਹੀਂ ਵਪਾਰਕ ਗਤੀਵਿਧੀਆਂ ਸ਼ੁਰੂ ਹੁੰਦੀਆਂ ਹਨ, ਤਾਂ ਇਸ ਨਾਲ ਨਾ ਸਿਰਫ਼ ਅੰਮ੍ਰਿਤਸਰ ਸਗੋਂ ਪੂਰੇ ਉੱਤਰੀ ਭਾਰਤ ਦੀ ਆਰਥਿਕਤਾ ਨੂੰ ਨਵੀਂ ਦਿਸ਼ਾ ਮਿਲੇਗੀ। ਸ. ਪੀਰ ਮੁਹੰਮਦ ਨੇ ਕਿਹਾ ਕਿ ਵਾਹਘਾ ਸਰਹੱਦ ਰਾਹੀਂ ਮੱਧ ਏਸ਼ੀਆਈ ਦੇਸ਼ਾਂ ਤੱਕ ਪਹੁੰਚ ਆਸਾਨ ਹੋ ਸਕਦੀ ਹੈ, ਜਿਸ ਨਾਲ ਪੰਜਾਬੀ ਕਿਸਾਨਾਂ ਦੀਆਂ ਫ਼ਸਲਾਂ ਅਤੇ ਸਥਾਨਕ ਉਤਪਾਦਾਂ ਨੂੰ ਵੱਡੀ ਮੰਡੀ ਮਿਲੇਗੀ ।ਉਨ੍ਹਾਂ ਕਿਹਾ ਕਿ ਇਹ ਸਰਹੱਦ ਸਿਰਫ਼ ਇੱਕ ਲਕੀਰ ਨਹੀਂ, ਸਗੋਂ ਲੱਖਾਂ ਲੋਕਾਂ ਦੀਆਂ ਭਾਵਨਾਵਾਂ ਅਤੇ ਸਾਂਝੇ ਸੱਭਿਆਚਾਰ ਨਾਲ ਜੁੜੀ ਹੋਈ ਹੈ। ਸਰਹੱਦ ਖੁੱਲ੍ਹਣ ਨਾਲ ਲੋਕਾਂ ਦਾ ਆਪਸੀ ਮੇਲ-ਜੋਲ ਵਧੇਗਾ, ਜੋ ਸ਼ਾਂਤੀ ਸਥਾਪਿਤ ਕਰਨ ਵਿੱਚ ਮਦਦਗਾਰ ਸਾਬਤ ਹੋਵੇਗਾ।



ਸ. ਪੀਰ ਮੁਹੰਮਦ ਨੇ ਭਾਰਤ ਅਤੇ ਪਾਕਿਸਤਾਨ ਦੀਆਂ ਕੇਂਦਰੀ ਸਰਕਾਰਾਂ ਨੂੰ ਅਪੀਲ ਕੀਤੀ ਕਿ ਉਹ ਸਿਆਸੀ ਵਖਰੇਵਿਆਂ ਨੂੰ ਪਾਸੇ ਰੱਖ ਕੇ ਇਨਸਾਨੀਅਤ ਅਤੇ ਆਰਥਿਕ ਹਿੱਤਾਂ ਨੂੰ ਪਹਿਲ ਦੇਣ। ਉਨ੍ਹਾਂ ਕਿਹਾ ਕਿ ਗੁਆਂਢੀ ਦੇਸ਼ਾਂ ਨਾਲ ਸੁਖਾਵੇਂ ਸਬੰਧ ਹੀ ਦੱਖਣੀ ਏਸ਼ੀਆ ਵਿੱਚ ਸਥਿਰਤਾ ਲਿਆ ਸਕਦੇ ਹਨ। ਸ. ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਅਤੇ ਪੰਜਾਬੀ ਭਾਈਚਾਰਾ ਹਮੇਸ਼ਾ ਹੀ 'ਸਰਬੱਤ ਦੇ ਭਲੇ' ਦੀ ਅਰਦਾਸ ਕਰਦਾ ਹੈ। ਅਮਨ-ਸ਼ਾਂਤੀ ਦਾ ਮਾਰਗ ਹੀ ਦੋਵਾਂ ਦੇਸ਼ਾਂ ਦੀ ਤਰੱਕੀ ਦਾ ਮਾਰਗ ਹੈ। ਉਨ੍ਹਾਂ ਉਮੀਦ ਜਤਾਈ ਕਿ ਦੋਵੇਂ ਸਰਕਾਰਾਂ ਇਸ ਦਿਸ਼ਾ ਵਿੱਚ ਉਸਾਰੂ ਕਦਮ ਚੁੱਕਣਗੀਆਂ।

## ਸੰਪਾਦਕੀ

### ਆਜ਼ਾਦ ਸੋਚ

# ਵਿਰੋਧੀ ਧਿਰ ਆਦਤ ਤੋਂ ਮਜਬੂਰ

ਇਸ 'ਤੇ ਹੈਰਾਨੀ ਨਹੀਂ ਕਿ ਅਮਰੀਕਾ-ਇਜ਼ਰਾਈਲ ਤੇ ਈਰਾਨ ਵਿਚਾਲੇ ਚੱਲ ਰਹੇ ਯੁੱਧ ਦੌਰਾਨ ਪੱਛਮੀ ਏਸ਼ੀਆ 'ਚ ਪੈਦਾ ਹੋਏ ਸੰਕਟ 'ਤੇ ਬੁਲਾਈ ਗਈ ਸਰਬ ਪਾਰਟੀ ਮੀਟਿੰਗ ਤੋਂ ਬਾਅਦ ਵੀ ਵਿਰੋਧੀ ਪਾਰਟੀਆਂ ਅਤੇ ਖ਼ਾਸ ਤੌਰ 'ਤੇ ਕਾਂਗਰਸ ਨੂੰ ਇਹ ਦਿਸ ਰਿਹਾ ਹੈ ਕਿ ਅਮਰੀਕਾ-ਇਜ਼ਰਾਈਲ ਅਤੇ ਈਰਾਨ ਵਿਚਾਲੇ ਛਿੜੇ ਯੁੱਧ 'ਤੇ ਭਾਰਤ ਸਰਕਾਰ ਦੀ ਕੂਟਨੀਤੀ ਅਸਫਲ ਹੈ। ਇਸ ਯੁੱਧ ਦੇ ਪਹਿਲੇ ਦਿਨ ਤੋਂ ਹੀ ਕਾਂਗਰਸ ਭਾਰਤ ਸਰਕਾਰ ਨੂੰ ਕੋਸ ਰਹੀ ਹੈ। ਉਹ ਅਜਿਹਾ ਦਿਖਾ ਰਹੀ ਹੈ ਜਿਵੇਂ ਇਸ ਯੁੱਧ ਵਿਚ ਭਾਰਤ ਦੀ ਕੋਈ ਭੂਮਿਕਾ ਹੈ ਜਾਂ ਉਸ ਦੀ ਕੋਈ ਸਿੱਧੀ ਜਾਂ ਅਸਿੱਧੀ ਭਾਈਵਾਲੀ ਹੈ। ਸਾਰੇ ਜਾਣਦੇ ਹਨ ਕਿ ਭਾਰਤ ਦਾ ਇਸ ਯੁੱਧ ਨਾਲ ਕੋਈ ਲੈਣਾ-ਦੇਣਾ ਨਹੀਂ ਹੈ ਪਰ ਕਾਂਗਰਸ ਦੇ ਆਗੂ ਇਸ ਨੂੰ ਸਮਝਣ ਲਈ ਤਿਆਰ ਹੀ ਨਹੀਂ ਹਨ। ਇਸ ਤੋਂ ਵੀ ਵੱਡੀ ਸਮੱਸਿਆ ਇਹ ਹੈ ਕਿ ਉਹ ਇਹ ਚਾਹੁੰਦੇ ਹਨ ਕਿ ਪੱਛਮੀ ਏਸ਼ੀਆ ਸੰਕਟ ਦੇ ਮਾਮਲੇ ਵਿਚ ਭਾਰਤ ਸਰਕਾਰ ਨੂੰ ਉਨ੍ਹਾਂ ਦੇ ਕਹੇ ਮੁਤਾਬਕ ਹੀ ਚੱਲਣਾ ਚਾਹੀਦਾ ਹੈ ਪਰ ਉਨ੍ਹਾਂ ਕੋਲ ਇਸ ਦਾ ਕੋਈ ਜਵਾਬ ਨਹੀਂ ਕਿ ਇਸ ਯੁੱਧ ਕਾਰਨ ਜਿਹੜਾ ਊਰਜਾ ਸੰਕਟ ਪੈਦਾ ਹੋਇਆ ਹੈ, ਉਸ ਦਾ ਹੱਲ ਕਿਵੇਂ ਕੀਤਾ ਜਾਣਾ ਚਾਹੀਦਾ ਹੈ? ਇਸ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਵਿਸ਼ਵ-ਵਿਆਪੀ ਊਰਜਾ ਸੰਕਟ ਦਾ ਅਸਰ ਸਾਡੇ ਮੁਲਕ 'ਤੇ ਵੀ ਪੈ ਰਿਹਾ ਹੈ ਅਤੇ ਦੇਸ਼ ਦੇ ਕਈ ਹਿੱਸਿਆਂ ਵਿਚ ਕਿਤੇ-ਕਿਤੇ ਗੈਸ ਦੀ ਕਿੱਲਤ ਵੀ ਦੇਖਣ ਨੂੰ ਮਿਲ ਰਹੀ ਹੈ ਪਰ ਭਾਰਤ ਦੇ ਮੁਕਾਬਲੇ ਕਈ ਹੋਰ ਦੇਸ਼ਾਂ ਦੀ ਸਥਿਤੀ ਕਿਤੇ ਵੱਧ ਗੰਭੀਰ ਹੈ। ਕਾਂਗਰਸ ਇਸ ਗੱਲ ਨੂੰ ਸਮਝਣ ਦੀ ਬਜਾਏ ਇਹ ਮਾਹੌਲ ਬਣਾ ਰਹੀ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਕਿਸੇ ਗ਼ਲਤੀ ਕਾਰਨ ਦੇਸ਼ ਵਿਚ ਗੈਸ ਦੀ ਭਾਰੀ ਕਿੱਲਤ ਪੈਦਾ ਹੋ ਗਈ ਹੈ ਅਤੇ ਕੇਂਦਰ ਸਰਕਾਰ ਹੱਥ 'ਤੇ ਹੱਥ ਧਰ ਕੇ ਬੈਠੀ ਹੋਈ ਹੈ। ਇਹ ਸਿਰਫ਼ ਸਿਰੇ ਦੀ ਨਕਾਰਾਤਮਕਤਾ ਹੀ ਨਹੀਂ, ਕਿਸੇ ਵੀ ਮਸਲੇ ਅਤੇ ਇੱਥੋਂ ਤੱਕ ਕਿ ਭਾਰਤ ਦੀ ਵਿਦੇਸ਼ ਨੀਤੀ 'ਤੇ ਵੀ ਇਕਜੁਟਤਾ ਦਾ ਸਬੂਤ ਨਾ ਦੇਣ ਦੀ ਜ਼ਿੱਦ ਹੀ ਹੈ। ਲੱਗਦਾ ਹੈ ਕਿ ਕਾਂਗਰਸ ਦੇ ਸ਼ਬਦਕੋਸ਼ ਵਿਚ ਰਚਨਾਤਮਕ ਸਹਿਯੋਗ ਵਰਗਾ ਕੋਈ ਸ਼ਬਦ ਹੀ ਨਹੀਂ ਅਤੇ ਉਹ ਇਹ ਵੀ ਭੁੱਲ ਚੁੱਕੀ ਹੈ ਕਿ ਵਿਰੋਧੀ ਧਿਰ ਦਾ ਕੰਮ ਸਕਾਰਾਤਮਕ ਸੁਝਾਅ ਦੇਣੇ ਵੀ ਹੁੰਦਾ ਹੈ। ਕਾਂਗਰਸ ਇਹ ਦੇਖਣ ਲਈ ਤਿਆਰ ਹੀ ਨਹੀਂ ਹੈ ਕਿ ਭਾਰਤ ਸਰਕਾਰ ਊਰਜਾ ਸੰਕਟ ਡੂੰਘਾ ਨਾ ਹੋਣ ਦੇਣ ਲਈ ਪੁਰਜ਼ੋਰ ਯਤਨ ਕਰ ਰਹੀ ਹੈ ਅਤੇ ਹੁਣ ਪਹਿਲਾਂ ਨਾਲੋਂ ਵੱਧ ਦੇਸ਼ਾਂ ਨਾਲ ਤੇਲ ਤੇ ਗੈਸ ਖ਼ਰੀਦ ਦੇ ਸੌਦੇ ਕੀਤੇ ਜਾ ਰਹੇ ਹਨ।






Published, Printed and Owned by Anil Kumar Garg, Published at Street No-11, Manshahia Colony, Near Grewal Filling Station, Sangrur, Punjab State, Pin-148001, Printed at- Tejas Printers, Opposite Government High School, Patiala Cant., Dhamomajra Road, Patiala, Punjab State, Pin-147001. Editor- Surinder Kumar

# ਸ਼ਬਦ ਗੁਰੂ ਸਰਬਉੱਚ

**ਜਸਟਿਸ ਆਰ.ਐਸ. ਸੋਢੀ**

ਹਾਲੀਆ ਸਾਲਾਂ ਦੌਰਾਨ ਪੰਜਾਬ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ 'ਬੇਅਦਬੀ' ਨੂੰ ਪਰਿਭਾਸ਼ਿਤ ਕਰਨ ਅਤੇ ਇਸ ਲਈ ਸਜ਼ਾਵਾਂ ਨਿਰਧਾਰਿਤ ਕਰਨ ਸਬੰਧੀ ਕਾਨੂੰਨ ਬਾਰੇ ਬਹਿਸਾਂ ਜਾਰੀ ਹਨ, ਜਿਨ੍ਹਾਂ ਨੂੰ ਲੋਕ ਡੂੰਘਾ ਭਾਵਨਾਤਮਕ ਅਤੇ ਰਾਜਨੀਤਿਕ ਹੁੰਗਾਰਾ ਦਿੰਦੇ ਆ ਰਹੇ ਹਨ। ਇਹ ਭਾਵਨਾਵਾਂ ਸ਼ਰਧਾ 'ਚੋਂ ਉਪਜਦੀਆਂ ਹਨ। ਦੁਨੀਆ ਭਰ ਦੇ ਸਿੱਖਾਂ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਿਜ਼ ਇੱਕ ਪਵਿੱਤਰ ਗ੍ਰੰਥ ਨਹੀਂ, ਸਗੋਂ ਇਹ 'ਸ਼ਬਦ ਗੁਰੂ' ਹੈ, ਜੋ ਬ੍ਰਹਮ ਗਿਆਨ ਦਾ ਸਰੂਪ ਅਤੇ ਸਿੱਖ ਧਰਮ ਦਾ ਅਧਿਆਤਮਿਕ ਧੁਰਾ ਹੈ। ਫਿਰ ਵੀ ਵਿਧਾਨ ਸਭਾਵਾਂ ਵੱਲੋਂ ਘੜੇ ਕਾਨੂੰਨ ਅਤੇ ਨਿਆਂਇਕ ਪਰਿਭਾਸ਼ਾਵਾਂ ਰਾਹੀਂ ਇਸ ਦੀ ਪਾਵਨਤਾ ਕਾਇਮ ਰੱਖਣ ਲਈ ਕਾਨੂੰਨ ਬਣਾਉਣ ਦੀਆਂ ਕੋਸ਼ਿਸ਼ਾਂ ਤੋਂ ਇੱਕ ਡੂੰਘਾ ਦਾਰਸ਼ਨਿਕ ਸਵਾਲ ਉਪਜਦਾ ਹੈ: ਕੀ ਸ਼ਬਦ ਗੁਰੂ ਨੂੰ ਕਾਨੂੰਨ ਦੇ ਮਾਧਿਅਮ ਰਾਹੀਂ ਸੱਚਮੁੱਚ ਸੁਰੱਖਿਅਤ ਜਾਂ ਪਰਿਭਾਸ਼ਿਤ ਕੀਤਾ ਜਾ ਸਕਦਾ ਹੈ?

ਸਿੱਖ ਵਿਚਾਰਧਾਰਾ ਦੇ ਮੂਲ ਵਿੱਚ ਇੱਕ ਡੂੰਘਾ ਦਾਰਸ਼ਨਿਕ ਸਿਧਾਂਤ ਹੈ, ਜਿਸ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਫ਼ਰਮਾਨ 'ਗੁਰੂ ਮਾਨਿਓ ਗ੍ਰੰਥ' ਰਾਹੀਂ ਬਿਆਨ ਕੀਤਾ ਹੈ। ਇਸ ਐਲਾਨ ਦੇ ਨਾਲ ਦੇਹਧਾਰੀ ਗੁਰੂ ਦੀ ਪਰੰਪਰਾ ਦਾ ਅੰਤ ਹੋ ਗਿਆ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਸਿੱਖ ਭਾਈਚਾਰੇ ਲਈ ਸਦੀਵੀ ਮਾਰਗਦਰਸ਼ਕ ਵਜੋਂ ਸਥਾਪਿਤ ਕੀਤਾ ਗਿਆ। ਫਿਰ ਵੀ ਇਸ ਐਲਾਨ ਦੇ ਸਹੀ ਅਰਥ ਨਹੀਂ ਸਮਝੇ ਜਾਂਦੇ। ਗੁਰੂ ਸਾਹਿਬਾਨ ਦਾ ਇਰਾਦਾ ਹਰਗਿਜ਼ ਇਹ ਨਹੀਂ ਸੀ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਕੱਟੜ ਰਹੁ-ਰੀਤਾਂ ਜਾਂ ਕਾਨੂੰਨੀ ਨੇਮਾਂ ਤੱਕ ਮਹਿਦੂਦ ਕਰ ਦਿੱਤਾ ਜਾਵੇ। ਇਸ ਦੇ ਉਲਟ ਇਸ ਨੂੰ ਗਿਆਨ ਦੇ ਸਰੂਪ, ਰੂਹਾਨੀ ਅਤੇ ਦਾਰਸ਼ਨਿਕ ਰਾਹਦਸੇਰੇ ਵਜੋਂ ਸਤਿਕਾਰਿਆ ਜਾਣਾ ਸੀ, ਜੋ ਸੱਚ, ਨਿਮਰਤਾ ਅਤੇ ਬ੍ਰਹਮ ਦੇ ਮਾਰਗ ਨੂੰ ਰੁਸ਼ਨਾਉਂਦਾ ਹੈ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਮੇਂ ਤੋਂ ਸਿੱਖ ਧਰਮ 'ਚ ਹਰੇਕ ਮਨੁੱਖ ਨੂੰ 'ਸਿੱਖ' ਮੰਨਿਆ ਜਾਂਦਾ ਹੈ, ਮਤਲਬ ਸਿੱਖਣ ਵਾਲਾ। ਇਸ ਸੰਦਰਭ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਖ਼ੁਦ ਵੀ ਸਿੱਖ ਸਨ ਕਿਉਂਕਿ 'ਸਿੱਖ' ਸ਼ਬਦ ਸੰਸਕ੍ਰਿਤ ਸ਼ਬਦ 'ਸ਼ਿਸ਼ਯ' ਤੋਂ ਲਿਆ ਗਿਆ ਹੈ, ਜਿਸ ਦਾ ਅਰਥ ਹੈ ਸਿੱਖਣ ਵਾਲਾ। ਇਉਂ ਸਿੱਖ ਧਰਮ ਨਿਰੰਤਰ ਗੋਸ਼ਟਿ, ਚਿੰਤਨ ਅਤੇ ਅਧਿਆਤਮਿਕ ਸਿੱਖਿਆ ਦੀ ਰਵਾਇਤ 'ਤੇ ਆਧਾਰਿਤ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਇਸ ਪਰੰਪਰਾ ਦਾ ਸਰੂਪ ਹੈ; ਇਹ ਰਵਾਇਤੀ ਅਰਥਾਂ ਵਿੱਚ ਸਿਰਫ਼ ਇੱਕ ਪਵਿੱਤਰ ਗ੍ਰੰਥ ਨਹੀਂ, ਸਗੋਂ ਰਾਗਾਂ 'ਚ ਰਚੀ ਗੁਰਬਾਣੀ, ਧਿਆਨ, ਨੈਤਿਕ ਚਿੰਤਨ ਅਤੇ ਬ੍ਰਹਮ ਗਿਆਨ ਦਾ ਵਿਸ਼ਾਲ ਭੰਡਾਰ ਹੈ, ਜਿਸ ਦਾ ਉਦੇਸ਼ ਸ਼ਰਧਾਲੂ ਨੂੰ ਬ੍ਰਹਮ ਨਾਲ ਅਭੇਦ ਕਰਨਾ ਹੈ। ਹਾਲਾਂਕਿ, ਇਸ ਤਬਦੀਲੀ ਦਾ ਇਹ ਸੰਕੇਤ ਹਰਗਿਜ਼ ਨਹੀਂ ਸੀ ਕਿ ਕਾਗਜ਼ ਅਤੇ ਸਿਆਹੀ ਨੂੰ ਹੀ ਪਰਮਾਤਮਾ ਦਾ ਦਰਜਾ ਦੇ ਦਿੱਤਾ ਜਾਵੇ। ਗੁਰੂ ਸਾਹਿਬਾਨ ਕਿਸੇ ਭੌਤਿਕ ਸ਼ੈਅ ਨੂੰ ਨਹੀਂ ਉਚਿਆ ਰਹੇ ਸਨ; ਸਗੋਂ ਉਹ 'ਸ਼ਬਦ' ਜਾਂ ਬ੍ਰਹਮ ਦੀ ਸਰਬਉੱਚਤਾ ਦਰਸਾ ਰਹੇ ਸਨ।

ਇਸੇ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਕਾਨੂੰਨੀ ਢਾਂਚੇ ਦੇ ਅੰਦਰ ਸੀਮਿਤ ਕਰਨ ਦੀ ਕੋਈ ਵੀ ਕੋਸ਼ਿਸ਼ ਬਹੁਤ ਸਾਰੇ ਪਰੇਸ਼ਾਨ ਕਰਨ ਵਾਲੇ ਸਵਾਲ ਖੜ੍ਹੇ ਕਰਦੀ ਹੈ, ਭਾਵੇਂ ਇਹ ਸ਼ ?ੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਿਸੇ ਵਿਧਾਨ ਤਹਿਤ ਹੋਵੇ ਜਾਂ ਫਿਰ ਵਿਧਾਨ ਸਭਾ ਦੇ ਕਿਸੇ ਕਾਨੂੰਨ ਤਹਿਤ ਸ਼ਬਦ ਗੁਰੂ ਦੀ 'ਬੇਅਦਬੀ' ਨੂੰ ਪਰਿਭਾਸ਼ਿਤ ਕਰਨ ਰਾਹੀਂ ਹੋਵੇ। ਕੀ ਅਧਿਆਤਮਿਕ ਗਿਆਨ ਦੇ ਅਥਾਹ ਖ਼ਜ਼ਾਨੇ ਨੂੰ ਸੱਚਮੁੱਚ ਕਾਨੂੰਨੀ ਸ਼ਬਦਾਵਲੀ ਜਾਂ ਨਿਆਂਇਕ ਫ਼ੈਸਲੇ ਦੇ ਦਾਇਰੇ ਹੇਠ ਲਿਆਂਦਾ ਜਾ ਸਕਦਾ ਹੈ? ਕੀ ਕੋਈ ਜੱਜ ਇਹ ਨਿਰਧਾਰਿਤ ਕਰ ਸਕਦਾ ਹੈ ਕਿ ਪਵਿੱਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ 'ਬੇਅਦਬੀ' ਕੀ ਹੈ, ਜਿਸ ਦਾ ਸਾਰ ਇਸ ਦੇ ਸ਼ਬਦਾਂ ਦੀ ਸਦੀਵਤਾ ਵਿੱਚ ਹੈ? ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਥਾਂ-ਪੁਰ-ਥਾਂ 'ਸ਼ਬਦ' ਦੀ ਮਹਿਮਾ ਕੀਤੀ ਗਈ ਹੈ, ਜਿਸ ਨੂੰ ਸਿੱਖ ਦਰਸ਼ਨ ਵਿੱਚ ਸਦੀਵੀ ਅਤੇ ਸਰਬਵਿਆਪੀ ਮੰਨਿਆ ਜਾਂਦਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਬਾਰੇ ਬਣਾਇਆ ਗਿਆ ਕੋਈ ਵੀ ਦੁਨਿਆਵੀ ਕਾਨੂੰਨ 'ਸ਼ਬਦ ਗੁਰੂ' ਦੀ ਰੂਹਾਨੀ ਸ਼ਕਤੀ ਨੂੰ ਘਟਾ ਨਹੀਂ ਸਕਦਾ।

ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਇੱਕ ਤੋਂ ਦੂਜੀ ਥਾਂ ਕਿਵੇਂ ਲਿਜਾਇਆ ਜਾਣਾ ਹੈ, ਇਸ ਦੇ ਨਾਲ ਕੌਣ ਜਾ ਸਕਦਾ ਹੈ ਜਾਂ ਇਹ ਰਾਸ਼ਟਰੀ ਸਰਹੱਦਾਂ ਨੂੰ ਕਿਵੇਂ ਪਾਰ ਕਰ ਸਕਦਾ ਹੈ, ਬਾਰੇ ਸਟੇਟ ਜਾਂ ਧਾਰਮਿਕ ਸੰਸਥਾਵਾਂ ਜਦੋਂ ਵਿਸਤ੍ਰਿਤ ਨਿਯਮ ਬਣਾਉਣ ਦੀ ਕੋਸ਼ਿਸ਼ ਕਰਦੀਆਂ ਹਨ ਤਾਂ ਇਸ ਨਾਲ ਜੀਵੰਤ ਰੂਹਾਨੀ ਮਾਰਗਦਰਸ਼ਕ ਦੇ ਮਹਿਜ਼ ਇੱਕ ਕਾਨੂੰਨ ਤੱਕ ਮਹਿਦੂਦ ਹੋ ਜਾਣ ਦਾ ਜੋਖ਼ਮ ਹੁੰਦਾ ਹੈ। ਉਦਾਹਰਣ ਵਜੋਂ, ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਵਿਸ਼ੇਸ਼ ਤੌਰ 'ਤੇ ਨਿਯੁਕਤ ਸੇਵਾਦਾਰਾਂ ਤੋਂ ਬਿਨਾਂ ਵਿਦੇਸ਼ ਨਹੀਂ ਲਿਜਾਇਆ ਜਾ ਸਕਦਾ। ਇਹ ਸ਼ਰਤ ਸਿੱਖ ਵਿਚਾਰਧਾਰਾ ਦੀ ਮੂਲ ਭਾਵਨਾ ਤੋਂ ਬਹੁਤ ਦੂਰ ਜਾਪਦੀ ਹੈ। ਇਸ ਦੀ ਬਜਾਏ ਸਿੱਖ ਧਰਮ ਦੇ ਪੈਰੋਕਾਰਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਨਿਰਵਿਘਨ ਹਰ ਥਾਂ ਪਹੁੰਚਾਉਣ ਦੀ ਵਕਾਲਤ ਕਰਨੀ ਚਾਹੀਦੀ ਹੈ, ਜਿਸ ਨਾਲ ਇਹ ਦੁਨੀਆ ਦੇ ਹਰ ਕੋਨੇ ਤੱਕ ਪਹੁੰਚ ਸਕੇ। ਬਹੁਤ ਸਾਰੇ ਸਿੱਖ ਪਰਿਵਾਰਾਂ, ਭਾਵੇਂ ਉਹ ਫ਼ੌਜੀ ਅਧਿਕਾਰੀ, ਜੱਜ, ਸਰਕਾਰੀ ਕਰਮਚਾਰੀ, ਪੇਸ਼ੇਵਰ ਜਾਂ ਆਮ ਨਾਗਰਿਕ ਹੋਣ, ਵਿੱਚ ਲੰਮੇ ਸਮੇਂ ਤੋਂ ਇਹ



ਪਰੰਪਰਾ ਰਹੀ ਹੈ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਲਈ ਆਪਣੇ ਘਰਾਂ 'ਚ ਇੱਕ ਵੱਖਰਾ ਸ਼ਾਂਤ ਕਮਰਾ ਸਮਰਪਿਤ ਕਰਦੇ ਹਨ। ਜਦੋਂ ਉਨ੍ਹਾਂ ਦਾ ਇੱਕ ਤੋਂ ਦੂਜੇ ਸ਼ਹਿਰ ਵਿੱਚ ਤਬਾਦਲਾ ਹੁੰਦਾ ਹੈ, ਜਿਵੇਂ ਹਥਿਆਰਬੰਦ ਸੈਨਾਵਾਂ ਜਾਂ ਸਰਕਾਰੀ ਸੇਵਾਵਾਂ ਵਰਗੇ ਪੇਸ਼ਿਆਂ ਵਿੱਚ ਅਕਸਰ ਹੁੰਦਾ ਹੈ, ਤਾਂ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸਰੂਪ ਵੀ ਆਪਣੇ ਨਾਲ ਲਿਜਾ ਕੇ ਆਪਣੇ ਨਵੇਂ ਘਰ ਵਿੱਚ ਬਹੁਤ ਸ਼ਰਧਾ ਤੇ ਸਤਿਕਾਰ ਨਾਲ ਸੁਸ਼ੋਭਿਤ ਕਰਦੇ ਹਨ। ਕੋਈ ਵੀ ਸਬੰਧਿਤ ਅਧਿਕਾਰੀ ਇਸ ਗੱਲ 'ਤੇ ਸਵਾਲ ਨਹੀਂ ਉਠਾਉਂਦਾ ਕਿ ਇਹ ਕਿੱਥੇ ਸੁਸ਼ੋਭਿਤ ਕੀਤਾ ਗਿਆ ਹੈ ਅਤੇ ਨਾ ਹੀ ਕੋਈ ਸੰਸਥਾ ਸ਼ਰਧਾ ਦੇ ਨਿੱਜੀ ਅਸਥਾਨ ਦੀ ਨਿਗਰਾਨੀ ਕਰਨ ਦੇ ਅਧਿਕਾਰ ਦਾ ਦਾਅਵਾ ਕਰਦੀ ਹੈ। ਇੱਕ ਸ਼ਰਧਾਲੂ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚਕਾਰ ਸਬੰਧ ਬਹੁਤ ਗੂੜ੍ਹਾ ਅਤੇ ਪਵਿੱਤਰ ਹੈ; ਇਹ ਸ਼ਰਧਾ ਤੇ ਵਿਸ਼ਵਾਸ ਦੇ ਖੇਤਰ ਵਿੱਚ ਆਉਂਦਾ ਹੈ, ਨਿਗਰਾਨੀ ਦੇ ਨਹੀਂ। ਇਸ ਗਹਿਰੇ ਨਿੱਜੀ ਰਿਸ਼ਤੇ ਨੂੰ ਜਾਂਚ ਜਾਂ ਨੇਮਾਂ ਦੇ ਅਧੀਨ ਕਰਨ ਨਾਲ ਸ਼ਰਧਾਲੂਆਂ ਵਿੱਚ ਡਰ ਪੈਦਾ ਹੋਣ ਦਾ ਖਦਸ਼ਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਕਿਧਰੇ ਲਿਜਾਣ ਲਈ ਹੁਣ ਕਾਨੂੰਨੀ ਪਰਮਿਟ ਜਾਂ ਰਸਮੀ ਸੁਰੱਖਿਆ ਅਮਲਾ ਲਾਜ਼ਮੀ ਹੋਣ ਦੀ ਗੱਲ ਕਰਨ ਦਾ ਮਤਲਬ ਇਹ ਹੈ ਕਿ ਸ਼ਾਇਦ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਬੁਨਿਆਦੀ ਤੱਤ ਨੂੰ ਸਮਝਿਆ ਹੀ ਨਹੀਂ ਗਿਆ। ਸ਼ਬਦ ਗੁਰੂ ਕਿਸੇ ਸੰਸਥਾ, ਅਧਿਕਾਰ ਖੇਤਰ ਜਾਂ ਹੱਦਾਂ ਤੱਕ ਸੀਮਿਤ ਨਹੀਂ। ਸ਼ਬਦ ਗੁਰੂ ਹਰ ਸ਼ਰਧਾਵਾਨ ਸਿੱਖ ਦੇ ਅੰਗ-ਸੰਗ ਰਹਿੰਦਾ ਹੈ ਕਿਉਂਕਿ ਇਹ ਸਿੱਖ ਦੇ ਮਨ ਅਤੇ ਆਤਮਾ ਵਿੱਚ ਵੱਸਦਾ ਹੈ।

ਇਸ ਸਭ ਨੂੰ ਕੁਝ ਰਹੁ-ਰੀਤਾਂ ਤੱਕ ਮਹਿਦੂਦ ਕਰਨ ਵਿੱਚ ਜੋਖ਼ਮ ਇਹ ਹੈ ਕਿ ਇਸ ਨਾਲ ਸ਼ਬਦ ਗੁਰੂ ਨਾਲ ਰੂਹਾਨੀ ਤੌਰ 'ਤੇ ਜੁੜਨ ਦੀ ਥਾਂ ਸਿੱਖ ਇਸ ਨਾਲ ਸਿਰਫ਼ ਰਸਮੀ ਤੌਰ 'ਤੇ ਜੁੜਨ ਤੱਕ ਸੀਮਿਤ ਨਾ ਰਹਿ ਜਾਵੇ। ਇਤਿਹਾਸਕ ਤੌਰ 'ਤੇ ਸਿੱਖ ਧਰਮ ਹਮੇਸ਼ਾ ਅਜਿਹੇ ਰੁਝਾਨਾਂ ਦੇ ਵਿਰੁੱਧ ਰਿਹਾ ਹੈ। ਗੁਰੂ ਸਾਹਿਬਾਨ ਨੇ ਫੋਕੇ ਕਰਮ ਕਾਂਡਾਂ, ਜਾਤ ਪਾਤ ਅਤੇ ਮਨੁੱਖ ਤੇ ਰੱਬ ਦੇ ਰਾਹ ਵਿੱਚ ਕਿਸੇ ਦੀ ਵਿਚੋਲਗੀ ਨੂੰ ਮੂਲੋਂ ਰੱਦ ਕੀਤਾ ਹੈ। ਇਸ ਦੀ ਬਜਾਏ ਉਨ੍ਹਾਂ ਨੇ 'ਸ਼ਬਦ' ਰਾਹੀਂ ਮਨੁੱਖ ਅਤੇ ਬ੍ਰਹਮ ਵਿਚਾਲੇ ਸਿੱਧੇ ਸਬੰਧ 'ਤੇ ਜ਼ੋਰ ਦਿੱਤਾ।

ਜੇਕਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ 'ਬੇਅਦਬੀ' ਰੋਕਣ ਲਈ ਕਾਨੂੰਨੀ ਸੁਰੱਖਿਆ ਨੂੰ ਹੀ ਲਾਜ਼ਮੀ ਸਮਝਿਆ ਜਾਵੇਗਾ ਤਾਂ ਇਸ ਦੇ ਅਸਲ ਉਦੇਸ਼ ਨੂੰ ਠੇਸ ਪੁੱਜਣ ਦਾ ਖ਼ਤਰਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਅਸਲ ਬੇਅਦਬੀ ਇਸ ਵਿੱਚ ਦਰਜ ਨਿਮਰਤਾ, ਨਿਆਂ, ਸਮਾਨਤਾ ਅਤੇ ਸੱਚਾਈ ਜਿਹੀਆਂ ਨੈਤਿਕ ਅਤੇ ਅਧਿਆਤਮਿਕ ਸਿੱਖਿਆਵਾਂ 'ਤੇ ਅਮਲ ਨਾ ਕਰਨ ਵਿੱਚ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਲਈ ਸ਼ਰਧਾ ਹਮੇਸ਼ਾ ਸਿੱਖ ਦੇ ਜੀਵਨ ਦਾ ਧੁਰਾ ਰਹੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਰੋਜ਼ਾਨਾ 'ਪ੍ਰਕਾਸ਼' ਅਤੇ 'ਸੁਖਆਸਨ', ਸਿਰ ਢੱਕਣਾ ਅਤੇ ਨੰਗੇ ਪੈਰੀਂ ਉਨ੍ਹਾਂ ਦੀ ਹਜ਼ੂਰੀ ਵਿੱਚ ਜਾਣਾ ਸਿੱਖ ਭਾਈਚਾਰੇ ਦੇ ਮਨਾਂ ਅੰਦਰ ਸਹਿਜ ਰੂਪ ਵਿੱਚ ਉਪਜੀ ਸ਼ਰਧਾ ਨੂੰ ਦਰਸਾਉਂਦੇ ਹਨ। ਇਹ ਰਹੁ-ਰੀਤਾਂ ਸ਼ਰਧਾ ਕਾਰਨ ਉਪਜੀਆਂ ਹਨ, ਕਿਸੇ ਕਾਨੂੰਨੀ ਮਜਬੂਰੀ ਕਾਰਨ ਨਹੀਂ। ਜਦੋਂ ਸਟੇਟ ਮਸ਼ੀਨਰੀ ਰਾਹੀਂ ਸ਼ਰਧਾ ਨੂੰ ਕਾਨੂੰਨ ਦੇ ਦਾਇਰੇ ਹੇਠ ਲਿਆਇਆ ਜਾਂਦਾ ਹੈ ਤਾਂ ਸਿੱਖ ਅਤੇ ਸ਼ਬਦ ਗੁਰੂ ਦਰਮਿਆਨ ਗੂੜ੍ਹੇ ਰੂਹਾਨੀ ਰਿਸ਼ਤੇ ਦੀ ਤੰਦ ਕਮਜ਼ੋਰ ਪੈਣ ਦਾ ਖਦਸ਼ਾ ਹੁੰਦਾ ਹੈ।

ਉਸ ਵਿਰੋਧਾਭਾਸ 'ਤੇ ਵਿਚਾਰ ਕਰੋ ਜੋ ਉਦੋਂ ਪੈਦਾ ਹੁੰਦਾ ਹੈ ਜਦੋਂ ਅਦਾਲਤਾਂ ਜਾਂ ਵਿਧਾਨ ਸਭਾਵਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਵਿੱਤਰਤਾ ਬਰਕਰਾਰ ਰੱਖਣ ਬਾਰੇ ਫ਼ੈਸਲਾ ਕਰਨ ਦੀ ਕੋਸ਼ਿਸ਼ ਕਰਦੀਆਂ ਹਨ। ਜਿਵੇਂ ਗੁਰੂ ਸਾਹਿਬਾਨ ਸਾਨੂੰ ਵਾਰ-ਵਾਰ ਯਾਦ ਦਿਵਾਉਂਦੇ ਹਨ ਕਿ 'ਸ਼ਬਦ ਗੁਰੂ' ਸਦੀਵੀ ਅਤੇ ਅਬਿਨਾਸੀ ਹੈ। ਕਿਸੇ ਅਦਾਲਤ ਦੇ ਜੱਜ ਦਾ 'ਸ਼ਬਦ ਗੁਰੂ' ਦੀ 'ਬੇਅਦਬੀ' ਬਾਰੇ ਫ਼ੈਸਲਾ ਕਰਨ ਦਾ ਮਤਲਬ ਇਹ ਹੈ ਕਿ ਰੂਹਾਨੀ ਗੁਰੂ ਬਾਰੇ ਫ਼ੈਸਲਾ ਕੋਈ ਦੁਨਿਆਵੀ ਜੀਵ ਸੁਣਾਵੇ।

ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੁਰੱਖਿਆ ਲਈ ਵਿਸ਼ੇਸ਼ ਕਾਨੂੰਨ ਬਣਾਉਣ ਦੀ ਮੰਗ ਪਿਛਲੀ ਭਾਵਨਾ ਇੱਕ ਪੱਧਰ 'ਤੇ ਸਮਝ ਆਉਂਦੀ ਹੈ ਕਿਉਂਕਿ 'ਬੇਅਦਬੀ' ਦੀ ਕੋਈ ਘਟਨਾ ਵਾਪਰਨ 'ਤੇ ਸਿੱਖ ਮਨਾਂ ਨੂੰ ਪੁੱਜਦੀ ਡੂੰਘੀ ਠੇਸ ਤੇ ਪੀੜਾ ਕਾਰਨ ਅਜਿਹੀ ਮੰਗ ਉੱਠਣੀ ਸੁਭਾਵਿਕ ਹੈ। ਫਿਰ ਵੀ ਸੰਵਿਧਾਨਕ ਅਤੇ ਦਾਰਸ਼ਨਿਕ ਜ਼ਾਵੀਏ ਤੋਂ ਅਜਿਹੇ ਕਾਨੂੰਨ ਦੀ ਕੋਈ ਲੋੜ ਨਹੀਂ ਜਾਪਦੀ। ਭਾਰਤੀ ਸੰਵਿਧਾਨ ਦੇ ਢਾਂਚੇ ਅੰਦਰ ਕੋਈ ਵੀ ਅਜਿਹਾ ਕੰਮ ਜੋ ਜਾਣਬੁੱਝ ਕੇ ਧਾਰਮਿਕ ਭਾਵਨਾਵਾਂ ਦਾ ਅਪਮਾਨ ਕਰਦਾ ਹੈ ਜਾਂ ਭੜਕਾਉਂਦਾ ਹੈ ਜਾਂ ਕਿਸੇ ਖ਼ਾਸ ਭਾਈਚਾਰੇ ਜਾਂ ਇਸ ਦੇ ਪਵਿੱਤਰ ਚਿੰਨ੍ਹਾਂ ਵਿਰੁੱਧ ਹਿੰਸਾ ਨੂੰ ਭੜਕਾਉਂਦਾ ਹੈ, ਪਹਿਲਾਂ ਹੀ ਫ਼ੌਜਦਾਰੀ ਕਾਨੂੰਨ ਅਤੇ ਜਨਤਕ ਵਿਵਸਥਾ ਨਿਯਮਾਂ ਦੇ ਦਾਇਰੇ ਅੰਦਰ ਆਉਂਦਾ ਹੈ। ਸਟੇਟ ਦੀ ਕਾਨੂੰਨ-ਵਿਵਸਥਾ ਮਸ਼ੀਨਰੀ ਨੂੰ ਅਜਿਹੇ ਅਪਰਾਧਾਂ ਦੀ ਜਾਂਚ, ਮੁਕੱਦਮਾ ਚਲਾਉਣ ਅਤੇ ਸਜ਼ਾ ਦੇਣ ਦੇ ਪੂਰੇ ਅਧਿਕਾਰ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਲਈ ਵਿਸ਼ੇਸ਼ ਤੌਰ 'ਤੇ ਇੱਕ ਵੱਖਰਾ ਕਾਨੂੰਨ ਬਣਾਉਣ ਤੋਂ ਅਣਜਾਣਪੁਣੇ ਵਿੱਚ ਇਹ ਸਿੱਟਾ ਕੱਢਿਆ ਜਾ ਸਕਦਾ ਹੈ ਕਿ ਸਿੱਖ ਧਰਮ ਦੇ ਪਵਿੱਤਰ ਗ੍ਰੰਥ ਦਾ ਰੂਹਾਨੀ ਅਧਿਕਾਰ ਖੇਤਰ ਸਟੇਟ ਜਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸ ਜੀ ਪੀ ਸੀ) ਵਰਗੀਆਂ ਸੰਸਥਾਵਾਂ ਦੁਆਰਾ ਪ੍ਰਦਾਨ ਕੀਤੀ ਗਈ ਸੁਰੱਖਿਆ 'ਤੇ ਨਿਰਭਰ ਕਰਦਾ ਹੈ। ਹਾਲਾਂਕਿ, ਸਿੱਖ ਵਿਚਾਰਧਾਰਾ ਦਾ ਦਾਰਸ਼ਨਿਕ ਆਧਾਰ ਇਹ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਰੂਹਾਨੀ ਸਰਬਉੱਚਤਾ ਬਿਨਾਂ ਕਿਸੇ ਕਾਨੂੰਨੀ ਸੁਰੱਖਿਆ ਤੋਂ ਸਦੀਆਂਬੱਧੀ ਉਥਲ-ਪੁਥਲ ਭਰੇ ਸਮਿਆਂ ਦੌਰਾਨ ਵੀ ਕਾਇਮ ਰਹੀ ਹੈ। ਇਸ ਲਈ ਪਹਿਲਾਂ ਤੋਂ ਹੀ ਮਜ਼ਬੂਤ ??ਸੰਵਿਧਾਨਕ ਢਾਂਚੇ ਅੰਦਰ ਹੋਰ ਵਿਸ਼ੇਸ਼ ਕਾਨੂੰਨ ਬਣਾਉਣ ਦੀ ਲੋੜ ਨਹੀਂ ਜਾਪਦੀ ਕਿਉਂਕਿ ਇਸ ਦਾ ਮਤਲਬ ਰੂਹਾਨੀ ਗੁਰੂ ਦੀ ਸਰਬਉੱਚਤਾ ਨੂੰ ਦੁਨਿਆਵੀ ਹੱਦਾਂ ਤੱਕ ਮਹਿਦੂਦ ਕਰਨਾ ਹੋਵੇਗਾ। ਇੱਕ ਸਿੱਖ ਵਜੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਨਾਲ ਮੇਰਾ ਸਿੱਧਾ ਰੂਹਾਨੀ ਰਿਸ਼ਤਾ ਹੈ, ਇਸ ਲਈ ਕਿਸੇ ਵੀ ਸੰਸਥਾ ਜਾਂ ਦੁਨਿਆਵੀ ਕਾਨੂੰਨ ਦੀ ਵਿਚੋਲਗੀ ਲੋੜੀਂਦੀ ਨਹੀਂ, ਸਗੋਂ ਮੇਰਾ ਰਿਸ਼ਤਾ 'ਸ਼ਬਦ ਗੁਰੂ' ਨਾਲ ਹੈ। ਆਪਣੇ ਬੁਨਿਆਦੀ ਰੂਪ ਵਿੱਚ ਸਿੱਖ ਧਰਮ ਸਾਨੂੰ ਗਿਆਨ, ਸਿਰੜ, ਦਇਆ ਅਤੇ ਸੱਚ ਦੇ ਰਾਹ 'ਤੇ ਤੁਰਨ ਦੀ ਪ੍ਰੇਰਨਾ ਦਿੰਦਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਤਾਉਮਰ ਜਾਰੀ ਰਹਿਣ ਵਾਲੀ ਸੱਚ ਦੀ ਖੋਜ ਵਿੱਚ ਹਰ ਸਿੱਖ ਦੇ ਰਾਹਦਸੇਰੇ ਹਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸਤਿਕਾਰ ਹਰ ਸਿੱਖ ਦੇ ਮਨ ਵਿੱਚ ਹੈ। 'ਸ਼ਬਦ ਗੁਰੂ' ਦੀ ਸ਼ਕਤੀ ਸਦੀਵੀ ਅਤੇ ਅਬਿਨਾਸੀ ਹੈ, ਜੋ ਕਿਸੇ ਕਾਨੂੰਨੀ ਦਾਇਰੇ ਹੇਠ ਨਹੀਂ ਆਉਂਦੀ।

***ਸਾਬਕਾ ਜੱਜ, ਦਿੱਲੀ ਹਾਈ ਕੋਰਟ।**

# ਪੰਜ ਦਰਿਆਵਾਂ ਦੀ ਧਰਤੀ ਦੇ ਲੋਕ ਪਾਣੀ ਵੱਲੋਂ ਤਿਹਾਏ

ਪੰਜਾਬ ਨੂੰ "ਪੰਜ ਦਰਿਆਵਾਂ ਦੀ ਧਰਤੀ" ਕਿਹਾ ਜਾਂਦਾ ਹੈ। ਇਸ ਨਾਮ ਦੇ ਪਿੱਛੇ ਇਸ ਧਰਤੀ ਦੀ ਉਹ ਇਤਿਹਾਸਕ ਅਤੇ ਭੂਗੋਲਿਕ ਪਹਿਚਾਣ ਹੈ ਜੋ ਪਾਣੀ ਨਾਲ ਭਰਪੂਰ ਰਹੀ ਹੈ। ਸਤਲੁਜ, ਬਿਆਸ, ਰਾਵੀ, ਚਿਨਾਬ ਅਤੇ ਜਿਹਲਮ ਵਰਗੇ ਦਰਿਆ ਪੰਜਾਬ ਦੀਆਂ ਰਗਾਂ ਵਿੱਚ ਵਗਦੇ ਰਹੇ ਹਨ। ਇਨ੍ਹਾਂ ਦਰਿਆਵਾਂ ਨੇ ਪੰਜਾਬ ਨੂੰ ਨਾ ਸਿਰਫ਼ ਖੇਤੀਬਾੜੀ ਵਿੱਚ ਅੱਗੇ ਵਧਾਇਆ, ਸਗੋਂ ਇਸ ਦੀ ਸੰਸਕ੍ਰਿਤੀ, ਜੀਵਨ-ਸ਼ੈਲੀ ਅਤੇ ਆਰਥਿਕਤਾ ਨੂੰ ਵੀ ਮਜ਼ਬੂਤ ਕੀਤਾ। ਪਰ ਅੱਜ ਦੇ ਸਮੇਂ ਵਿੱਚ ਇਹ ਧਰਤੀ ਪਾਣੀ ਦੀ ਕਮੀ ਨਾਲ ਜੂਝ ਰਹੀ ਹੈ। ਇਹ ਇੱਕ ਐਸੀ ਵਿਡੰਬਨਾ ਹੈ ਜੋ ਹਰ ਪੰਜਾਬੀ ਨੂੰ ਸੋਚਣ ਲਈ ਮਜਬੂਰ ਕਰਦੀ ਹੈ ਕਿ ਜਿਸ ਧਰਤੀ 'ਤੇ ਕਦੇ ਪਾਣੀ ਦੀ ਕੋਈ ਘਾਟ ਨਹੀਂ ਸੀ, ਉਹ ਅੱਜ ਤਿਹਾਈ ਕਿਉਂ ਹੋ ਗਈ ਹੈ।

ਸਭ ਤੋਂ ਪਹਿਲਾਂ ਜੇ ਅਸੀਂ ਪਾਣੀ ਦੀ ਕਮੀ ਦੇ ਮੁੱਖ ਕਾਰਨਾਂ ਦੀ ਗੱਲ ਕਰੀਏ ਤਾਂ ਸਭ ਤੋਂ ਵੱਡਾ ਕਾਰਨ ਭੂਗਰਭ ਪਾਣੀ ਦੀ ਬੇਹੱਦ ਖਪਤ ਹੈ। ਹਰੀ ਕ੍ਰਾਂਤੀ ਤੋਂ ਬਾਅਦ ਪੰਜਾਬ ਵਿੱਚ ਖੇਤੀਬਾੜੀ ਦਾ ਰੂਪ ਬਦਲ ਗਿਆ। ਉੱਚ ਉਤਪਾਦਨ ਵਾਲੀਆਂ ਕਿਸਮਾਂ ਅਤੇ ਰਸਾਇਣਕ ਖਾਦਾਂ ਦੇ ਵਰਤੋਂ ਨਾਲ ਪੈਦਾਵਾਰ ਤਾਂ ਵਧੀ, ਪਰ ਨਾਲ ਹੀ ਪਾਣੀ ਦੀ ਮੰਗ ਵੀ ਬਹੁਤ ਵਧ ਗਈ। ਖਾਸ ਕਰਕੇ ਧਾਨ (ਝੋਨਾ) ਦੀ ਫਸਲ ਨੂੰ ਵੱਡੀ ਮਾਤਰਾ ਵਿੱਚ ਪਾਣੀ ਦੀ ਲੋੜ ਹੁੰਦੀ ਹੈ। ਕਿਸਾਨਾਂ ਨੇ ਇਸ ਲੋੜ ਨੂੰ ਪੂਰਾ ਕਰਨ ਲਈ ਟਿਊਬਵੈੱਲਾਂ ਦਾ ਸਹਾਰਾ ਲਿਆ ਅਤੇ ਲਗਾਤਾਰ ਭੂਗਰਭ ਪਾਣੀ ਕੱਢਿਆ। ਇਸ ਦੇ ਨਤੀਜੇ ਵਜੋਂ ਜ਼ਮੀਨ ਦੇ ਹੇਠਾਂ ਪਾਣੀ ਦੀ ਸਤ ?ਹਾ ਲਗਾਤਾਰ ਹੇਠਾਂ ਜਾਂਦੀ ਗਈ।



ਦੂਜਾ ਮਹੱਤਵਪੂਰਨ ਕਾਰਨ ਦਰਿਆਵਾਂ ਅਤੇ ਨਹਿਰਾਂ ਦੇ ਪਾਣੀ ਵਿੱਚ ਆ ਰਹੀ ਘਟੋਤਰੀ ਹੈ। ਸਮੇਂ ਦੇ ਨਾਲ ਕਈ ਦਰਿਆ ਸੁੱਕਣ ਦੇ ਕਿਨਾਰੇ ਤੇ ਪਹੁੰਚ ਗਏ ਹਨ ਜਾਂ ਉਨ੍ਹਾਂ ਵਿੱਚ ਪਾਣੀ ਦੀ ਧਾਰਾ ਘੱਟ ਹੋ ਗਈ ਹੈ। ਦਰਿਆਵਾਂ ਦੇ ਪਾਣੀ ਦੀ ਵੰਡ ਅਤੇ ਰਾਜਨੀਤਿਕ ਮਸਲੇ ਵੀ ਇਸ ਸਥਿਤੀ ਲਈ ਜ਼ਿੰਮੇਵਾਰ ਹਨ। ਇਸ ਤੋਂ ਇਲਾਵਾ ਉਦਯੋਗਿਕ ਗੰਦਗੀ ਅਤੇ ਘਰੇਲੂ ਗੰਦ ਪਾਣੀ ਨੂੰ ਸਿੱਧਾ ਦਰਿਆਵਾਂ ਵਿੱਚ ਛੱਡਣ ਨਾਲ ਪਾਣੀ ਪ੍ਰਦੂਸ਼ਿਤ ਹੋ ਰਿਹਾ ਹੈ, ਜਿਸ ਨਾਲ ਸਾਫ਼ ਪਾਣੀ ਦੀ ਉਪਲਬਧਤਾ ਹੋਰ ਘੱਟ ਰਹੀ ਹੈ।

ਜਲਵਾਯੂ ਪਰਿਵਰਤਨ ਵੀ ਇੱਕ ਵੱਡਾ ਕਾਰਕ ਹੈ ਜੋ ਪਾਣੀ ਦੀ ਕਮੀ ਨੂੰ ਵਧਾ ਰਿਹਾ ਹੈ। ਮੀਂਹ ਦੇ ਪੈਟਰਨ ਵਿੱਚ ਬਦਲਾਅ ਆ ਗਿਆ ਹੈ। ਕਈ ਵਾਰ ਮੀਂਹ ਬਹੁਤ ਘੱਟ ਪੈਂਦਾ ਹੈ ਅਤੇ ਕਈ ਵਾਰ ਬੇਹੱਦ ਵੱਧ ਪੈਂਦਾ ਹੈ, ਜਿਸ ਨਾਲ ਪਾਣੀ ਦੀ ਸੰਭਾਲ ਨਹੀਂ ਹੋ ਸਕਦੀ। ਇਸ ਕਾਰਨ ਭੂਗਰਭ ਪਾਣੀ ਦੀ ਭਰਪਾਈ ਠੀਕ ਤਰੀਕੇ ਨਾਲ ਨਹੀਂ ਹੋ ਰਹੀ।

ਪਾਣੀ ਦੀ ਕਮੀ ਦੇ ਪ੍ਰਭਾਵ ਪੰਜਾਬ ਦੇ ਹਰ ਖੇਤਰ ਵਿੱਚ ਦਿਖਾਈ ਦੇ ਰਹੇ ਹਨ। ਖੇਤੀਬਾੜੀ ਸਭ ਤੋਂ ਵੱਧ ਪ੍ਰਭਾਵਿਤ ਹੋ ਰਹੀ ਹੈ। ਜਿੱਥੇ ਪਾਣੀ ਦੀ ਘਾਟ ਹੈ, ਉੱਥੇ ਫਸਲਾਂ ਠੀਕ ਤਰ੍ਹਾਂ ਨਹੀਂ ਹੋ ਰਹੀਆਂ, ਜਿਸ ਨਾਲ ਕਿਸਾਨਾਂ ਦੀ ਆਮਦਨ ਘਟ ਰਹੀ ਹੈ ਅਤੇ ਉਹ ਕਰਜ਼ੇ ਦੇ ਬੋਝ ਹੇਠਾਂ ਆ ਰਹੇ ਹਨ। ਪੀਣ ਵਾਲੇ ਪਾਣੀ ਦੀ ਸਮੱਸਿਆ ਵੀ ਗੰਭੀਰ ਬਣਦੀ ਜਾ ਰਹੀ ਹੈ। ਕਈ ਪਿੰਡਾਂ ਵਿੱਚ ਲੋਕਾਂ ਨੂੰ ਦੂਰ-ਦੂਰ ਤੋਂ ਪਾਣੀ ਲਿਆਉਣਾ ਪੈਂਦਾ ਹੈ। ਕੁਝ ਥਾਵਾਂ 'ਤੇ ਪਾਣੀ ਵਿੱਚ ਨਾਈਟ ?ਰੇਟ, ਯੂਰੇਨੀਅਮ ਅਤੇ ਹੋਰ ਹਾਨੀਕਾਰਕ ਤੱਤ ਮਿਲ ਰਹੇ ਹਨ, ਜੋ ਸਿਹਤ ਲਈ ਖ਼ਤਰਨਾਕ ਹਨ।

ਇਸ ਤੋਂ ਇਲਾਵਾ, ਪਾਣੀ ਦੀ ਕਮੀ ਨਾਲ ਵਾਤਾਵਰਣ 'ਤੇ ਵੀ ਨਕਾਰਾਤਮਕ ਪ੍ਰਭਾਵ ਪੈਂਦਾ ਹੈ। ਦਰੱਖਤ ਸੁੱਕ ਰਹੇ ਹਨ, ਜ਼ਮੀਨ ਦੀ ਉਪਜਾਊ ਸ਼ਕਤੀ ਘਟ ਰਹੀ ਹੈ ਅਤੇ ਮਿੱਟੀ ਵਿੱਚ ਲੂਣਪਣ ਵਧ ਰਿਹਾ ਹੈ। ਜੇ ਇਹ ਹਾਲਾਤ ਜਾਰੀ ਰਹੇ ਤਾਂ ਭਵਿੱਖ ਵਿੱਚ ਪੰਜਾਬ ਦੀ ਖੇਤੀਬਾੜੀ ਅਤੇ ਆਰਥਿਕਤਾ ਦੋਵੇਂ ਖਤਰੇ ਵਿੱਚ ਪੈ ਸਕਦੇ ਹਨ।

**ਆਜ਼ਾਦ ਸੋਚ ਵਿਸ਼ੇਸ਼**

ਇਸ ਸਮੱਸਿਆ ਦਾ ਹੱਲ ਲੱਭਣਾ ਬਹੁਤ ਜ਼ਰੂਰੀ ਹੈ। ਸਭ ਤੋਂ ਪਹਿਲਾਂ, ਸਾਨੂੰ ਪਾਣੀ ਦੀ ਬਚਤ ਬਾਰੇ ਜਾਗਰੂਕਤਾ ਫੈਲਾਉਣੀ ਚਾਹੀਦੀ ਹੈ। ਕਿਸਾਨਾਂ ਨੂੰ ਘੱਟ ਪਾਣੀ ਵਾਲੀਆਂ ਫਸਲਾਂ ਜਿਵੇਂ ਕਿ ਦਾਲਾਂ, ਮੱਕੀ ਅਤੇ ਬਾਜਰਾ ਵੱਲ ਪ੍ਰੇਰਿਤ ਕਰਨਾ ਚਾਹੀਦਾ ਹੈ। ਡ੍ਰਿਪ ਇਰੀਗੇਸ਼ਨ ਅਤੇ ਸਪ੍ਰਿੰਕਲਰ ਸਿਸਟਮ ਵਰਗੀਆਂ ਆਧੁਨਿਕ ਤਕਨੀਕਾਂ ਨੂੰ ਅਪਣਾਉਣਾ ਚਾਹੀਦਾ ਹੈ, ਜਿਸ ਨਾਲ ਪਾਣੀ ਦੀ ਬਚਤ ਹੋ ਸਕਦੀ ਹੈ।

ਵਰਖਾ ਜਲ ਸੰਭਾਲ (Rainwater Harvesting) ਨੂੰ ਵਧਾਵਾ ਦੇਣਾ ਬਹੁਤ ਜ਼ਰੂਰੀ ਹੈ। ਘਰਾਂ, ਸਕੂਲਾਂ ਅਤੇ ਫੈਕਟਰੀਆਂ ਵਿੱਚ ਵਰਖਾ ਦਾ ਪਾਣੀ ਇਕੱਠਾ ਕਰਕੇ ਭੂਗਰਭ ਵਿੱਚ ਭੇਜਿਆ ਜਾ ਸਕਦਾ ਹੈ, ਜਿਸ ਨਾਲ ਪਾਣੀ ਦੀ ਸਤ ?ਹਾ ਵਧ ਸਕਦੀ ਹੈ। ਸਰਕਾਰ ਨੂੰ ਵੀ ਚਾਹੀਦਾ ਹੈ ਕਿ ਉਹ ਪਾਣੀ ਦੇ ਪ੍ਰਬੰਧਨ ਲਈ ਕੜੇ ਕਾਨੂੰਨ ਬਣਾਏ ਅਤੇ ਉਨ੍ਹਾਂ ਦੀ ਸਖ਼ਤੀ ਨਾਲ ਪਾਲਣਾ ਕਰਵਾਏ।

ਸਮਾਜ ਦੇ ਹਰ ਵਰਗ ਨੂੰ ਇਸ ਮੁੱਦੇ 'ਤੇ ਇਕੱਠੇ ਹੋ ਕੇ ਕੰਮ ਕਰਨ ਦੀ ਲੋੜ ਹੈ। ਸਕੂਲਾਂ ਵਿੱਚ ਬੱਚਿਆਂ ਨੂੰ ਪਾਣੀ ਦੀ ਮਹੱਤਤਾ ਬਾਰੇ ਸਿੱਖਿਆ ਦੇਣੀ ਚਾਹੀਦੀ ਹੈ, ਤਾਂ ਜੋ ਉਹ ਭਵਿੱਖ ਵਿੱਚ ਇਸ ਸੰਸਾਧਨ ਦੀ ਸੰਭਾਲ ਕਰ ਸਕਣ।

ਅੰਤ ਵਿੱਚ, ਅਸੀਂ ਕਹਿ ਸਕਦੇ ਹਾਂ ਕਿ ਪੰਜਾਬ ਵਰਗੀ ਪਾਣੀ ਵਾਲੀ ਧਰਤੀ ਦਾ ਪਾਣੀ ਲਈ ਤਿਹਾਏ ਹੋਣਾ ਇੱਕ ਗੰਭੀਰ ਚੇਤਾਵਨੀ ਹੈ। ਜੇ ਅਸੀਂ ਅੱਜ ਇਸ ਸਮੱਸਿਆ ਵੱਲ ਧਿਆਨ ਨਾ ਦਿੱਤਾ ਤਾਂ ਭਵਿੱਖ ਵਿੱਚ ਹਾਲਾਤ ਹੋਰ ਵੀ ਖਰਾਬ ਹੋ ਸਕਦੇ ਹਨ। ਇਸ ਲਈ ਇਹ ਸਾਡੀ ਸਾਂਝੀ ਜ਼ਿੰਮੇਵਾਰੀ ਹੈ ਕਿ ਅਸੀਂ ਪਾਣੀ ਦੀ ਕਦਰ ਕਰੀਏ ਅਤੇ ਇਸਦੀ ਸੰਭਾਲ ਲਈ ਯਤਨ ਕਰੀਏ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਇਹ ਅਨਮੋਲ ਧਰੋਹਰ ਬਚੀ ਰਹੇ।

**ਡਾ. ਰਾਏ ਸਿੰਘ ਢਿੱਲੋਂ**
**(9501889375)**
**ਪਿੰਡ ਸੰਗਤਪੁਰਾ ਜ਼ਿਲਾ ਫਰੀਦਕੋਟ**

# 10ਵੀਂ ਕਲਾਸ ਤੋਂ ਬਾਅਦ ਕੀ ਕਰਨਾ ਚਾਹੀਦਾ ਹੈ, ਪੜ੍ਹਾਈ ਲਈ ਕੀ-ਕੀ ਹਨ ਵਿਕਲਪ

10ਵੀਂ ਕਲਾਸ ਵਿਦਿਆਰਥੀ ਦੇ ਜੀਵਨ ਦਾ ਬਹੁਤ ਮਹੱਤਵਪੂਰਨ ਮੋੜ ਹੁੰਦੀ ਹੈ। ਇਸ ਪੜਾਅ ਤੋਂ ਬਾਅਦ ਵਿਦਿਆਰਥੀ ਦੇ ਸਾਹਮਣੇ ਕਈ ਰਾਹ ਖੁੱਲ੍ਹਦੇ ਹਨ ਅਤੇ ਇਹੀ ਸਮਾਂ ਹੁੰਦਾ ਹੈ ਜਦੋਂ ਉਹ ਆਪਣੇ ਭਵਿੱਖ ਦੀ ਦਿਸ਼ਾ ਚੁਣਦਾ ਹੈ। 10ਵੀਂ ਤੋਂ ਬਾਅਦ ਅਕਸਰ ਵਿਦਿਆਰਥੀ ਅਤੇ ਮਾਪਿਆਂ ਦੇ ਮਨ ਵਿੱਚ ਇਹ ਸਵਾਲ ਉੱਠਦਾ ਹੈ ਕਿ ਹੁਣ ਅੱਗੇ ਕਿਹੜੀ ਪੜ੍ਹਾਈ ਕੀਤੀ ਜਾਵੇ। ਅਸਲ ਵਿੱਚ 10ਵੀਂ ਤੋਂ ਬਾਅਦ ਪੜ੍ਹਾਈ ਦੇ ਬਹੁਤ ਸਾਰੇ ਵਿਕਲਪ ਹੁੰਦੇ ਹਨ, ਪਰ ਜਰੂਰੀ ਗੱਲ ਇਹ ਹੈ ਕਿ ਵਿਦਿਆਰਥੀ ਆਪਣੀ ਰੁਚੀ, ਯੋਗਤਾ ਅਤੇ ਭਵਿੱਖ ਦੇ ਟੀਚੇ ਨੂੰ ਧਿਆਨ ਵਿੱਚ ਰੱਖ ਕੇ ਸਹੀ ਰਾਹ ਦੀ ਚੋਣ ਕਰੇ।

ਸਭ ਤੋਂ ਆਮ ਅਤੇ ਪ੍ਰਚਲਿਤ ਵਿਕਲਪ ਹੈ +1 ਅਤੇ +2 ਦੀ ਪੜ੍ਹਾਈ। 10ਵੀਂ ਤੋਂ ਬਾਅਦ ਜ਼ਿਆਦਾਤਰ ਵਿਦਿਆਰਥੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਦਾਖ਼ਲਾ ਲੈ ਕੇ ਆਪਣੀ ਪੜ੍ਹਾਈ ਜਾਰੀ ਰੱਖਦੇ ਹਨ। ਇੱਥੇ ਤਿੰਨ ਮੁੱਖ ਗਰੁੱਪ ਹੁੰਦੇ ਹਨ—ਆਰਟਸ , ਵਿਗਿਆਨ ਅਤੇ ਕਾਮਰਸ । ਹਰ ਗਰੁੱਪ ਦੀ ਆਪਣੀ ਵਿਸ਼ੇਸ਼ਤਾ ਅਤੇ ਮਹੱਤਤਾ ਹੈ।

ਵਿਗਿਆਨ ਗਰੁੱਪ ਉਹਨਾਂ ਵਿਦਿਆਰਥੀਆਂ ਲਈ ਹੁੰਦੀ ਹੈ ਜਿਨ੍ਹਾਂ ਦੀ ਦਿਲਚਸਪੀ ਗਣਿਤ, ਭੌਤਿਕ ਵਿਗਿਆਨ, ਰਸਾਇਣ ਵਿਗਿਆਨ ਅਤੇ ਜੀਵ ਵਿਗਿਆਨ ਵਿੱਚ ਹੁੰਦੀ ਹੈ। ਜੇ ਵਿਦਿਆਰਥੀ ਅੱਗੇ ਚੱਲ ਕੇ ਡਾਕਟਰ, ਇੰਜੀਨੀਅਰ, ਵਿਗਿਆਨੀ ਜਾਂ ਫਾਰਮਾਸਿਸਟ ਬਣਨਾ ਚਾਹੁੰਦੇ ਹਨ ਤਾਂ ਇਹ ਗਰੁੱਪ ਉਨ੍ਹਾਂ ਲਈ ਬਹੁਤ ਲਾਭਦਾਇਕ ਹੁੰਦੀ ਹੈ। ਵਿਗਿਆਨ ਦੀ ਪੜ੍ਹਾਈ ਮਿਹਨਤ ਅਤੇ ਧੀਰਜ ਮੰਗਦੀ ਹੈ, ਪਰ ਇਸ ਨਾਲ ਅੱਗੇ ਕਈ ਵੱਡੇ ਮੌਕੇ ਪ੍ਰਾਪਤ ਹੁੰਦੇ ਹਨ।

ਕਾਮਰਸ ਗਰੁੱਪ ਉਹਨਾਂ ਵਿਦਿਆਰਥੀਆਂ ਲਈ ਉਚਿਤ ਹੈ ਜਿਨ੍ਹਾਂ ਦੀ ਦਿਲਚਸਪੀ ਅਕਾਊਂਟਸ , ਕਾਰੋਬਾਰ ਅਤੇ ਅਰਥਸ਼ਾਸਤਰ ਵਿੱਚ ਹੁੰਦੀ ਹੈ। ਇਸ ਗਰੁੱਪ ਰਾਹੀਂ ਵਿਦਿਆਰਥੀ ਅੱਗੇ ਚੱਲ ਕੇ ਚਾਰਟਰਡ ਅਕਾਉਂਟੈਂਟ , ਕੰਪਨੀ ਸੈਕਰੇਟਰੀ, ਬੈਂਕ ਅਧਿਕਾਰੀ, ਬਿਜ਼ਨਸਮੈਨ ਜਾਂ ਮੈਨੇਜਮੈਂਟ ਦੇ ਖੇਤਰ ਵਿੱਚ ਆਪਣਾ ਕਰੀਅਰ ਬਣਾ ਸਕਦੇ ਹਨ।

ਆਰਟਸ ਗਰੁੱਪ ਵੀ ਬਹੁਤ ਵਿਸ਼ਾਲ ਖੇਤਰ ਹੈ। ਇਸ ਵਿੱਚ ਇਤਿਹਾਸ, ਰਾਜਨੀਤੀ ਵਿਗਿਆਨ, ਭੂਗੋਲ, ਪੰਜਾਬੀ, ਅੰਗਰੇਜ਼ੀ, ਅਰਥਸ਼ਾਸਤਰ ਆਦਿ ਵਿਸ਼ੇ ਸ਼ਾਮਲ ਹੁੰਦੇ ਹਨ। ਆਰਟਸ ਗਰੁੱਪ ਰਾਹੀਂ ਵਿਦਿਆਰਥੀ ਅੱਗੇ ਚੱਲ ਕੇ ਅਧਿਆਪਕ, ਪੱਤਰਕਾਰ, ਲੇਖਕ, ਵਕੀਲ ਜਾਂ ਪ੍ਰਸ਼ਾਸਨਿਕ ਸੇਵਾਵਾਂ ਵਿੱਚ ਜਾ ਸਕਦੇ ਹਨ। ਅੱਜ ਦੇ ਸਮੇਂ ਵਿੱਚ ਆਰਟਸ ਗਰੁੱਪ ਦੀ ਮਹੱਤਤਾ ਵੀ ਕਾਫ਼ੀ ਵਧ ਗਈ ਹੈ।

ਇਸ ਤੋਂ ਇਲਾਵਾ 10ਵੀਂ ਤੋਂ ਬਾਅਦ ਇੱਕ ਹੋਰ ਮਹੱਤਵਪੂਰਨ ਵਿਕਲਪ ਹੈ ਟੈਕਨੀਕਲ ਸਿੱਖਿਆ। ਕਈ ਵਿਦਿਆਰਥੀ ਅਜਿਹੇ ਹੁੰਦੇ ਹਨ ਜੋ ਸਿਧਾਂਤਕ ਪੜ੍ਹਾਈ ਨਾਲੋਂ ਵਧੇਰੇ ਤਕਨੀਕੀ ਜਾਂ ਪ੍ਰਯੋਗਾਤਮਕ ਕੰਮ ਵਿੱਚ ਦਿਲਚਸਪੀ ਰੱਖਦੇ ਹਨ। ਉਹਨਾਂ ਲਈ ਉਦਯੋਗਿਕ ਸਿਖਲਾਈ ਸੰਸਥਾ ਅਤੇ ਪਾਲੀਟੈਕਨਿਕ ਡਿਪਲੋਮਾ ਵਰਗੇ ਕੋਰਸ ਬਹੁਤ ਲਾਭਦਾਇਕ ਹੁੰਦੇ ਹਨ। 9"9 ਵਿੱਚ ਇਲੈਕਟ ?ੀਸ਼ਨ, ਫਿਟਰ, ਵੈਲਡਰ, ਮਕੈਨਿਕ, ਕੰਪਿਊਟਰ ਓਪਰੇਟਰ ਆਦਿ ਕਈ ਤਰ੍ਹਾਂ ਦੇ ਕੋਰਸ ਹੁੰਦੇ ਹਨ। ਇਹ ਕੋਰਸ ਆਮ ਤੌਰ 'ਤੇ ਇੱਕ ਤੋਂ ਦੋ ਸਾਲ ਦੇ ਹੁੰਦੇ ਹਨ ਅਤੇ ਇਨ੍ਹਾਂ ਰਾਹੀਂ ਵਿਦਿਆਰਥੀ ਘੱਟ ਸਮੇਂ ਵਿੱਚ ਹੁਨਰਮੰਦ ਬਣ ਕੇ ਰੋਜ਼ਗਾਰ ਪ੍ਰਾਪਤ ਕਰ ਸਕਦੇ ਹਨ।



ਗਗਨਦੀਪ ਸਿੰਘ ਭੰਗੂ
ਪੰਜਾਬੀ ਮਾਸਟਰ
ਸਰਕਾਰੀ ਹਾਈ ਸਕੂਲ
ਪਿੰਡ ਤਕੀਪੁਰ
(ਸੰਗਰੂਰ)
94174 -53881

ਪਾਲੀਟੈਕਨਿਕ ਡਿਪਲੋਮਾ ਵੀ ਇੱਕ ਚੰਗਾ ਵਿਕਲਪ ਹੈ। ਇਸ ਵਿੱਚ ਤਿੰਨ ਸਾਲਾਂ ਦੇ ਡਿਪਲੋਮਾ ਕੋਰਸ ਹੁੰਦੇ ਹਨ ਜਿਵੇਂ ਕਿ ਸਿਵਲ ਇੰਜੀਨੀਅਰਿੰਗ, ਮਕੈਨਿਕਲ ਇੰਜੀਨੀਅਰਿੰਗ, ਇਲੈਕਟ ?ੀਕਲ ਇੰਜੀਨੀਅਰਿੰਗ ਅਤੇ ਕੰਪਿਊਟਰ ਇੰਜੀਨੀਅਰਿੰਗ। ਡਿਪਲੋਮਾ ਕਰਨ ਤੋਂ ਬਾਅਦ ਵਿਦਿਆਰਥੀ ਸਿੱਧੇ ਨੌਕਰੀ ਕਰ ਸਕਦੇ ਹਨ ਜਾਂ ਅੱਗੇ ਬੀ.ਟੈਕ ਵਰਗੀਆਂ ਉੱਚ ਪੜ੍ਹਾਈਆਂ ਵੀ ਕਰ ਸਕਦੇ ਹਨ।

10ਵੀਂ ਤੋਂ ਬਾਅਦ ਕੰਪਿਊਟਰ ਅਤੇ ਵੋਕੇਸ਼ਨਲ ਕੋਰਸ ਵੀ ਇੱਕ ਵਧੀਆ ਚੋਣ ਹੋ ਸਕਦੇ ਹਨ। ਅੱਜ ਦਾ ਯੁੱਗ ਤਕਨਾਲੋਜੀ ਦਾ ਯੁੱਗ ਹੈ। ਇਸ ਲਈ ਕੰਪਿਊਟਰ ਨਾਲ ਸੰਬੰਧਿਤ ਕੋਰਸ ਜਿਵੇਂ ਕਿ ਡੀ. ਸੀ. ਏ , ਟੈਲੀ , ਗ੍ਰਾਫਿਕ ਡਿਜ਼ਾਈਨਿੰਗ, ਵੈੱਬ ਡਿਜ਼ਾਈਨਿੰਗ ਆਦਿ ਬਹੁਤ ਲਾਭਦਾਇਕ ਸਾਬਤ ਹੋ ਸਕਦੇ ਹਨ। ਇਸ ਤੋਂ ਇਲਾਵਾ ਫੈਸ਼ਨ ਡਿਜ਼ਾਈਨਿੰਗ, ਬਿਊਟੀਸ਼ੀਅਨ, ਮੋਬਾਈਲ ਰਿਪੇਅਰਿੰਗ, ਫੋਟੋਗ੍ਰਾਫੀ ਅਤੇ ਵੀਡੀਓ ਐਡਿਟਿੰਗ ਵਰਗੇ ਕੋਰਸ ਵੀ ਵਿਦਿਆਰਥੀਆਂ ਨੂੰ ਹੁਨਰਮੰਦ ਬਣਾਉਂਦੇ ਹਨ।

ਕੁਝ ਵਿਦਿਆਰਥੀ 10ਵੀਂ ਤੋਂ ਬਾਅਦ ਖੇਡਾਂ ਜਾਂ ਕਲਾ ਦੇ ਖੇਤਰ ਵਿੱਚ ਵੀ ਆਪਣਾ ਕਰੀਅਰ ਬਣਾਉਣ ਦਾ ਫੈਸਲਾ ਕਰਦੇ ਹਨ। ਜੇ ਕਿਸੇ ਵਿਦਿਆਰਥੀ ਵਿੱਚ ਖੇਡਾਂ, ਸੰਗੀਤ, ਨਾਟਕ ਜਾਂ ਚਿੱਤਰਕਲਾ ਦੀ ਖਾਸ ਪ੍ਰਤਿਭਾ ਹੋਵੇ ਤਾਂ ਉਹ ਉਸ ਖੇਤਰ ਵਿੱਚ ਵੀ ਅੱਗੇ ਵਧ ਸਕਦਾ ਹੈ। ਅੱਜ ਦੇ ਸਮੇਂ ਵਿੱਚ ਖੇਡਾਂ ਅਤੇ ਕਲਾ ਦੇ ਖੇਤਰਾਂ ਵਿੱਚ ਵੀ ਵੱਡੇ ਮੌਕੇ ਮੌਜੂਦ ਹਨ।ਇਸ ਦੇ ਨਾਲ ਹੀ ਇਹ ਵੀ ਜਰੂਰੀ ਹੈ ਕਿ ਵਿਦਿਆਰਥੀ ਸਹੀ ਮਾਰਗਦਰਸ਼ਨ ਪ੍ਰਾਪਤ ਕਰਨ। ਮਾਪਿਆਂ ਅਤੇ ਅਧਿਆਪਕਾਂ ਨੂੰ ਚਾਹੀਦਾ ਹੈ ਕਿ ਉਹ ਬੱਚਿਆਂ ਦੀ ਰੁਚੀ ਨੂੰ ਸਮਝ ਕੇ ਉਨ੍ਹਾਂ ਨੂੰ ਸਹੀ ਰਾਹ ਦਿਖਾਉਣ। ਬੱਚਿਆਂ 'ਤੇ ਆਪਣੀਆਂ ਖ਼ਾਹਿਸ਼ਾਂ ਥੋਪਣ ਦੀ ਥਾਂ ਉਨ੍ਹਾਂ ਨੂੰ ਆਪਣੀ ਪਸੰਦ ਦੇ ਖੇਤਰ ਵਿੱਚ ਅੱਗੇ ਵਧਣ ਦਾ ਮੌਕਾ ਦਿੱਤਾ ਜਾਵੇ।ਅੰਤ ਵਿੱਚ ਇਹ ਕਹਿਣਾ ਉਚਿਤ ਹੈ ਕਿ 10ਵੀਂ ਤੋਂ ਬਾਅਦ ਪੜ੍ਹਾਈ ਲਈ ਬੇਅੰਤ ਵਿਕਲਪ ਮੌਜੂਦ ਹਨ। ਲੋੜ ਸਿਰਫ਼ ਇਹ ਹੈ ਕਿ ਵਿਦਿਆਰਥੀ ਆਪਣੀ ਯੋਗਤਾ ਅਤੇ ਰੁਚੀ ਦੇ ਅਨੁਸਾਰ ਸਹੀ ਫੈਸਲਾ ਲੈਣ। ਜੇ ਮਨ ਲਾ ਕੇ ਮਿਹਨਤ ਕੀਤੀ ਜਾਵੇ ਤਾਂ ਕਿਸੇ ਵੀ ਰਾਹ 'ਤੇ ਸਫਲਤਾ ਹਾਸਲ ਕੀਤੀ ਜਾ ਸਕਦੀ ਹੈ। ਇਸ ਲਈ ਵਿਦਿਆਰਥੀਆਂ ਨੂੰ ਚਾਹੀਦਾ ਹੈ ਕਿ ਉਹ ਡਰ ਜਾਂ ਦਬਾਅ ਵਿੱਚ ਆ ਕੇ ਨਹੀਂ, ਸਗੋਂ ਸੋਚ-ਵਿਚਾਰ ਕਰਕੇ ਆਪਣੇ ਭਵਿੱਖ ਦਾ ਰਾਹ ਚੁਣਨ।

ਲੇਖਕ ਆਪਣੀਆਂ ਰਚਨਾਵਾਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਮੋਬਾਇਲ ਨੰਬਰ 79860-87886'ਤੇ ਸੰਪਰਕ ਕਰਨ।

ਰੋਜ਼ਾਨਾ ਆਜ਼ਾਦ ਸੋਚ 'ਚ ਛਪਣ ਵਾਲੀ ਲੇਖ ਸਮਗਰੀ ਲੇਖਕਾਂ ਦੇ ਨਿਜੀ ਵਿਚਾਰ ਹੁੰਦੇ ਹਨ। ਇੰਨਾਂ ਨਾਲ ਅਖਬਾਰ ਦਾ ਕੋਈ ਲੈਣਾ ਦੇਣਾ ਨਹੀਂ ਹੈ। ਪਾਠਕ ਸਾਹਿਬਾਨ ਨੋਟ ਕਰਨ। ਪ੍ਰਕਾਸ਼ਤ ਸਮੱਗਰੀ ਬਾਰੇ ਕੋਈ ਵੀ ਇਤਰਾਜ਼ ਸਬੰਧਤ ਲੇਖਕ ਕੋਲ ਹੀ ਉਠਾਇਆ ਜਾਵੇ।
- ਸੰਪਾਦਕ

# ਪੰਜਾਬ ਸਰਕਾਰ ਦੇ ਸ਼ਾਨਦਾਰ 4 ਸਾਲ : 'ਭਗਵੰਤ ਸਿੰਘ ਮਾਨ ਦੇ ਨਾਲ' ਸੰਵਾਦ ਪ੍ਰੋਗਰਾਮ ਹੋਇਆ

## ਮਾਨ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦੇ ਪੁਗਾਏ : ਹਰਿੰਦਰ ਧਾਲੀਵਾਲ



**ਆਜ਼ਾਦ ਸੋਚ, ਜਗਸੀਰ ਸਿੰਘ ਸੰਧੂ, ਬਰਨਾਲਾ, 28 ਮਾਰਚ :**
=============
ਜ਼ਿਲ੍ਹਾ ਬਰਨਾਲਾ ਦੇ ਵੱਖ ਵੱਖ ਪਿੰਡਾਂ ਵਿਚ ਸਰਕਾਰ ਦੇ ਸ਼ਾਨਦਾਰ 4 ਸਾਲ, 'ਭਗਵੰਤ ਸਿੰਘ ਮਾਨ ਦੇ ਨਾਲ' ਸੰਵਾਦ ਪ੍ਰੋਗਰਾਮ ਕੀਤਾ ਗਿਆ। ਇਸ ਮੌਕੇ ਪਿੰਡ ਕਰਮਗੜ੍ਹ ਅਤੇ ਹਰੀਗੜ੍ਹ ਵਿਚ ਸਬੋਧਨ ਕਰਦੇ ਹਲਕਾ ਇੰਚਾਰਜ ਸ ਹਰਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਦੇ ਲੋਕ ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਤੋਂ ਸੰਤੁਸ਼ਟ ਹਨ। ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਹਨ ਅਤੇ ਲੋਕਾਂ ਦੀਆਂ ਉਮੀਦਾਂ ਅਤੇ ਭਰੋਸੇ ਉੱਤੇ ਖਰੀ ਉੱਤਰੀ ਹੈ।ਉਹਨਾਂ ਵਲੋਂ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਦੌਰਾਨ ਕੀਤੇ ਗਏ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਓਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਕੀਤੇ ਵਾਅਦੇ ਇੱਕ-ਇੱਕ ਕਰਕੇ ਪੂਰੇ ਕੀਤੇ ਗਏ ਹਨ ਅਤੇ ਪੰਜਾਬ ਦੇ ਵਿਕਾਸ ਨੂੰ ਹੋਰ ਤੇਜ਼ੀ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਿਹਤ ਖੇਤਰ ਵਿੱਚ ਲੋਕਾਂ ਨੂੰ ਵੱਡੀ ਰਾਹਤ ਦਿੰਦਿਆਂ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ। ਇਸ ਦੇ ਨਾਲ ਹੀ 65 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਰੋਜ਼ਗਾਰ ਦਿੱਤਾ ਗਿਆ ਅਤੇ ਕੱਚੇ ਕਰਮਚਾਰੀਆਂ ਨੂੰ ਵੱਡੇ ਪੱਧਰ 'ਤੇ ਪੱਕਾ ਕੀਤਾ ਗਿਆ। ਸਰਕਾਰ ਵੱਲੋਂ ਘਰਾਂ ਲਈ 600 ਯੂਨਿਟ ਤੱਕ ਬਿਜਲੀ ਮੁਫ਼ਤ ਕੀਤੀ ਗਈ ਹੈ, ਜਿਸ ਨਾਲ ਲੋਕਾਂ ਦੇ ਬਿਜਲੀ ਬਿੱਲ ਘਟ ਕੇ ਜ਼ੀਰੋ ਤੱਕ ਆ ਰਹੇ ਹਨ। ਇਸ ਦੇ ਨਾਲ ਹੀ ਮੁਹੱਲਾ ਕਲੀਨਿਕਾਂ ਰਾਹੀਂ ਲੋਕਾਂ ਨੂੰ ਮੁਫ਼ਤ ਟੈਸਟ ਅਤੇ ਦਵਾਈਆਂ ਦੀ ਸਹੂਲਤ ਮਿਲ ਰਹੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਨੂੰ ਮੁੜ "ਰੰਗਲਾ ਪੰਜਾਬ"ਬਣਾਉਣ ਲਈ ਯੂਥ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਵੱਡੇ ਪੱਧਰ 'ਤੇ ਸਟੇਡੀਅਮ ਬਣਾਏ ਜਾ ਰਹੇ ਹਨ। ਲਿੰਕ ਸੜਕਾਂ ਦੀ ਮੁਰੰਮਤ ਤੇਜ਼ੀ ਨਾਲ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਅਧੀਨ ਰੋਜ਼ਾਨਾ ਬੱਸਾਂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਦੁਰਗਿਆਨਾ ਮੰਦਰ, ਜਲਿਆਂਵਾਲਾ ਬਾਗ, ਰਾਮ ਤੀਰਥ ਵਾਲਮੀਕੀ ਮੰਦਰ ਅਤੇ ਵਾਹਗਾ ਬਾਰਡਰ ਲਈ ਚੱਲ ਰਹੀਆਂ ਹਨ। ਓਹਨਾਂ ਕਿਹਾ ਕਿ ਇਸੇ ਲੜੀ ਚ ਜ਼ਿਲ੍ਹਾ ਬਰਨਾਲਾ ਵਿੱਚ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਜੀ ਦੀ ਅਗਵਾਈ ਵਿੱਚ ਕਰੋੜਾਂ ਰੁਪਏ ਨਾਲ ਸੜਕਾਂ ਦਾ ਕੰਮ ਚੱਲ ਰਿਹਾ ਹੈ। ਨਹਿਰੀ ਪ੍ਰੋਜੈਕਟ ਲਿਆਂਦੇ ਗਏ ਹਨ ਅਤੇ 94 ਖੇਡ ਮੈਦਾਨਾਂ ਦਾ ਕੰਮ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਪੰਚਾਇਤ ਘਰ, ਆਂਗਨਵਾੜੀ ਕੇਂਦਰ, ਮੰਡੀਆਂ ਵਿੱਚ ਸ਼ੈਡਾਂ ਅਤੇ ਪੁਲਾਂ ਦਾ ਕੰਮ ਕੀਤਾ ਜਾ ਰਿਹਾ ਹੈ ਜਿਸ ਨਾਲ ਜ਼ਿਲ੍ਹੇ ਦੇ ਵਿਕਾਸ ਕਾਰਜ ਵੱਡੇ ਪੱਧਰ ਉੱਤੇ ਹੋ ਰਹੇ ਹਨ। ਇਸ ਮੌਕੇ ਪਾਰਟੀ ਦੇ ਵੱਖ-ਵੱਖ ਆਹੁਦੇਦਾਰ ਅਤੇ ਪਿੰਡਾਂ ਦੇ ਮੋਹਤਵਾਰ ਮੌਜੂਦ ਸਨ।

# ਬੇਅਦਬੀ ਵਿਰੋਧੀ ਸਖ਼ਤ ਕਾਨੂੰਨ ਨਾਲ ਮੰਦਭਾਗੀ ਘਟਨਾਵਾਂ ਨੂੰ ਪਵੇਗੀ ਠੱਲ੍ਹ :ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ

**ਆਜ਼ਾਦ ਸੋਚ, ਸੋਹਨ ਸਿੰਘ ਸੋਢੀ, ਭਵਾਨੀਗੜ੍ਹ, 28 ਮਾਰਚ:**
============
ਪੰਜਾਬ ਦੀ ਰਾਜਨੀਤੀ ਅਤੇ ਸਮਾਜਿਕ ਖੇਤਰ ਵਿੱਚ ਬੇਅਦਬੀ ਦੀਆਂ ਮੰਦਭਾਗੀਆਂ ਘਟਨਾਵਾਂ ਹਮੇਸ਼ਾਂ ਹੀ ਇੱਕ ਸੰਵੇਦਨਸ਼ੀਲ ਅਤੇ ਗੰਭੀਰ ਮੁੱਦਾ ਰਹੀਆਂ ਹਨ। ਇਸੇ ਸੰਦਰਭ ਵਿੱਚ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾਕਟਰ ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ



ਸਰਕਾਰ ਦੇ ਤਾਜ਼ਾ ਫੈਸਲੇ ਦਾ ਭਰਵਾਂ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਬੇਅਦਬੀ ਵਿਰੋਧੀ ਸਖ਼ਤ ਕਾਨੂੰਨ ਆਉਣ ਨਾਲ ਅਜਿਹੇ ਘਿਨਾਉਣੇ ਪਾਪ ਦੇ ਰੁਝਾਨ ਨੂੰ ਪੱਕੇ ਤੌਰ 'ਤੇ ਠੱਲ੍ਹ ਪਵੇਗੀ।
ਉਨ੍ਹਾਂ ਦੱਸਿਆ ਕਿ 'ਜਗਤ ਜੋਤ ਸਤਿਕਾਰ ਗੁਰੂ ਗ੍ਰੰਥ ਸਾਹਿਬ ਐਕਟ' ਵਿੱਚ ਵੱਡੀ ਸੋਧ/ਵਾਧਾ ਕਰਨ ਦੀ ਤਿਆਰੀ ਹੈ। ਇਸ ਤਹਿਤ: ਬੇਅਦਬੀ ਦੇ ਦੋਸ਼ੀਆਂ ਲਈ ਸਜ਼ਾ ਦੀ ਮਿਆਦ ਵਧਾ ਕੇ 10 ਸਾਲ ਤੱਕ ਦੀ ਕੈਦ ਕੀਤੀ ਜਾ ਰਹੀ ਹੈ। ਗੰਭੀਰ ਮਾਮਲਿਆਂ ਵਿੱਚ ਇਹ ਸਜ਼ਾ ਉਮਰ ਕੈਦ ਤੱਕ ਵੀ ਹੋ ਸਕੇਗੀ। ਇਸ ਕਾਨੂੰਨ ਦਾ ਮਕਸਦ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਨ ਵਾਲੇ ਅੰਸਰਾਂ ਦੇ ਮਨਾਂ ਵਿੱਚ ਕਾਨੂੰਨ ਦਾ ਭੈਅ ਪੈਦਾ ਕਰਨਾ ਹੈ।
ਡਾ. ਮਿੰਕੂ ਜਵੰਧਾ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਪੰਜਾਬ ਦੇ ਲੋਕ ਬੇਅਦਬੀ ਦੇ ਮਾਮਲਿਆਂ ਵਿੱਚ ਇਨਸਾਫ਼ ਅਤੇ ਸਖ਼ਤ ਕਾਨੂੰਨ ਦੀ ਮੰਗ ਕਰ ਰਹੇ ਸਨ। ਉਨ੍ਹਾਂ ਕਿਹਾ, "ਗੁਰੂ ਸਾਹਿਬਾਨ ਦੀ ਬੇਅਦਬੀ ਸਿਰਫ਼ ਇੱਕ ਅਪਰਾਧ ਨਹੀਂ, ਬਲਕਿ ਲੱਖਾਂ ਲੋਕਾਂ ਦੀਆਂ ਭਾਵਨਾਵਾਂ ਦਾ ਕਤਲ ਹੈ। ਮਾਨ ਸਰਕਾਰ ਦਾ ਇਹ ਕਦਮ ਸੂਬੇ ਵਿੱਚ ਅਮਨ-ਸ਼ਾਂਤੀ ਅਤੇ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰੇਗਾ।"
ਉਨ੍ਹਾਂ ਅੱਗੇ ਕਿਹਾ ਕਿ ਇਸ ਕਾਨੂੰਨ ਦੇ ਲਾਗੂ ਹੋਣ ਨਾਲ ਕੋਈ ਵੀ ਸ਼ਰਾਰਤੀ ਅਨਸਰ ਪੰਜਾਬ ਦੀ ਸ਼ਾਂਤੀ ਭੰਗ ਕਰਨ ਜਾਂ ਕਿਸੇ ਦੀਆਂ ਧਾਰਮਿਕ ਭਾਵਨਾਵਾਂ ਨਾਲ ਖੇਡਣ ਦੀ ਹਿੰਮਤ ਨਹੀਂ ਕਰੇਗਾ। ਪੰਜਾਬ ਸਰਕਾਰ ਦਾ ਇਹ ਫੈਸਲਾ ਦਰਸਾਉਂਦਾ ਹੈ ਕਿ ਉਹ ਸੂਬੇ ਦੀਆਂ ਧਾਰਮਿਕ ਕਦਰਾਂ-ਕੀਮਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

# ਨਵੀਂ ਅਨਾਜ ਮੰਡੀ ਧੂਰੀ ਵਿਖੇ ਵਪਾਰੀਆਂ ਦੀਆਂ ਮੁਸ਼ਕਲਾਂ ਸੁਣੀਆਂ

## ਨੁੱਕੜ ਮੀਟਿੰਗਾਂ ਨੇ ਵਪਾਰੀਆਂ ਦੇ ਮਸਲੇ ਤੁਰੰਤ ਹੱਲ ਕੀਤੇ: ਚੇਅਰਮੈਨ ਪੁਸ਼ਪਿੰਦਰ ਸ਼ਰਮਾ

**ਆਜ਼ਾਦ ਸੋਚ, ਤਰਸੇਮ ਵਰਮਾ, ਧੂਰੀ, 28 ਮਾਰਚ:**
=============
ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਅਨੁਸਾਰ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਲਈ ਪੰਜਾਬ ਟਰੇਡ ਕਮਿਸ਼ਨ ਵੱਲੋਂ ਸਥਾਨਕ ਪੱਧਰ ਤੇ ਮੀਟਿੰਗਾਂ ਦੀ ਲੜੀ ਜਾਰੀ ਹੈ। ਇਸੇ ਤਹਿਤ ਅੱਜ ਨਵੀਂ ਅਨਾਜ ਮੰਡੀ ਧੂਰੀ ਵਿਖੇ ਪੰਜਾਬ ਟਰੇਡ ਕਮਿਸ਼ਨ ਧੂਰੀ ਦੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਦੀ ਅਗਵਾਈ ਹੇਠ ਵਪਾਰੀਆਂ ਨਾਲ ਨੁੱਕੜ ਮੀਟਿੰਗ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ। ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੇ ਹਿੱਤਾਂ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸੇ ਉਦੇਸ਼ ਨਾਲ ਇਹ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਵਪਾਰੀਆਂ ਨੂੰ ਦਰਪੇਸ਼ ਸਥਾਨਕ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਦੀ ਮੌਜੂਦਗੀ ਨਾਲ ਬਹੁਤੇ ਮਸਲੇ ਤੁਰੰਤ ਹੀ ਨਿਪਟਾਏ ਗਏ। ਜਿਸ ਨਾਲ ਵਪਾਰੀਆਂ ਨੂੰ ਵੱਡੀ ਰਾਹਤ ਮਿਲੀ। ਉਨ੍ਹਾਂ ਇਹ ਵੀ ਕਿਹਾ ਕਿ ਅਜਿਹੀਆਂ ਨੁੱਕੜ ਮੀਟਿੰਗਾਂ ਰਾਹੀਂ ਵਪਾਰੀਆਂ ਨਾਲ ਸਿੱਧਾ ਸੰਪਰਕ ਬਣਾਇਆ ਜਾ ਰਿਹਾ ਹੈ, ਜਿਸ ਨਾਲ ਉਨ੍ਹਾਂ ਦੀਆਂ ਅਸਲ ਸਮੱਸਿਆਵਾਂ ਦੀ ਪਛਾਣ ਕਰਕੇ ਜਲਦ ਹੱਲ ਸੰਭਵ ਬਣਦਾ ਹੈ। ਇਸ ਮੌਕੇ ਪ੍ਰਧਾਨ ਆੜਤੀਆ ਐਸੋਸੀਏਸ਼ਨ ਜਤਿੰਦਰ ਸਿੰਘ ਸੋਨੀ ਮੰਡੇਰ, ਮੈਂਬਰ ਬਸੰਤ ਲਾਲ ਕਾਂਝਲਾ, ਜਸਵੀਰ ਸਿੰਘ, ਦੀਪਕ ਵਰਮਾ, ਕੁਲਦੀਪ ਸਿੰਘ, ਬਿਲਾਲ ਖਾਨ, ਅਮਨ ਖਾਨ ਸਮੇਤ ਵੱਡੀ ਗਿਣਤੀ ਵਿੱਚ ਵਪਾਰੀ ਹਾਜ਼ਰ ਸਨ, ਜਿਨ੍ਹਾਂ ਵੱਲੋਂ ਆਪਣੇ ਮਸਲੇ ਰੱਖੇ ਗਏ ਅਤੇ ਕਮਿਸ਼ਨ ਵੱਲੋਂ ਉਨ੍ਹਾਂ ਦੇ ਹੱਲ ਲਈ ਭਰੋਸਾ ਦਿਵਾਇਆ ਗਿਆ।



# ਸਰਕਾਰੀ ਐਲੀਮੈਂਟਰੀ ਸਕੂਲ ਘਨੌਰ ਦਾ ਨਤੀਜਾ 100%ਰਿਹਾ



**ਆਜ਼ਾਦ ਸੋਚ, ਅਭਿਸ਼ੇਕ ਸੂਦ, ਭਾਗ ਸਿੰਘ, ਘਨੌਰ, 28 ਮਾਰਚ :**
==============
ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੰਜਾਬ ਸਰਕਾਰ ਦੀ ਹਦਾਇਤਾਂ ਅਨੁਸਾਰ ਸਰਕਾਰੀ ਐਲੀਮੈਂਟਰੀ ਸਕੂਲ ਘਨੌਰ ਦਾ ਨਤੀਜਾ ਐਲਾਨਿਆ ਗਿਆ। ਸਕੂਲ ਦੇ ਹੈੱਡ ਮਾਸਟਰ ਸਰਦਾਰ ਮਨਮੋਹਨ ਸਿੰਘ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਾਲ ਬੱਚਿਆਂ ਦਾ ਰਿਜਲਟ 100%ਪ੍ਰਤਿਸਤ ਰਿਹਾ।ਜਿਸ ਵਿੱਚ ਫਸਟ ਕਲਾਸ ਵਿੱਚ ਸ਼ਿਵਾਨਵੀ-ਪਹਿਲਾ ਸਥਾਨ ਹਾਸਲ ਕੀਤਾ,ਗੁਰਮੇਹਰ ਸਿੰਘ,ਅਗਮਜੋਤ ਸਿੰਘ-ਦੂਜਾ,ਈਸ਼ਾ,ਸ਼ਿਵਮ -ਤੀਜਾ ਸਥਾਨ,ਦੂਸਰੀ ਕਲਾਸ,ਰਾਗਿਨੀ -ਪਹਿਲਾ ਸਥਾਨ,ਫ਼ਰਮਾਨ ਖਾਨ-ਦੂਜਾ,ਤਕਦੀਰ ਕੌਰ-ਤੀਜਾ ਸਥਾਨ,ਤੀਸਰੀ ਕਲਾਸ,ਅਰਮਾਨ ਸਿੰਘ -ਪਹਿਲਾ ਸਥਾਨ,ਜੋਤੀ ਕੁਮਾਰੀ -ਦੂਜਾ ਸਥਾਨ,ਗੌਰੀ,ਸੀਰਤ-ਤੀਜਾ ਸਥਾਨ,ਚੌਥੀ ਕਲਾਸ ਚੋਂ ਗਗਨਦੀਪ ਕੌਰ ਪਹਿਲਾ,ਸਥਾਨ,ਸ਼ੁਕਰਗੁਜ਼ਾਰ ਸਿੰਘ -ਦੂਜਾ ਸਥਾਨ,ਰਾਧਾ -ਤੀਜਾ ਸਥਾਨ ਹਾਸਿਲ ਕੀਤਾ।
ਰਿਜਲਟ ਦੀ ਘੋਸ਼ਣਾ ਕਰਨ ਤੋਂ ਬਾਅਦ ਸਕੂਲ ਮੈਨੇਜਮੈਂਟ ਕਮੇਟੀ ਨੇ ਬੱਚਿਆਂ ਦੇ ਮਾਪਿਆਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਅਤੇ ਮਨਮੋਹਨ ਸਿੰਘ ਇੰਚਾਰਜ,ਚੈਅਰਮੈਨ ਬਲਜੀਤ ਕੌਰ, ਲਖਵੀਰ ਸਿੰਘ ਘਨੌਰ ਅਤੇ ਸਾਰੇ ਸਟਾਫ ਵੱਲੋਂ ਬੱਚਿਆਂ ਦੇ ਮਾਪਿਆਂ ਦਾ ਬਹੁਤ ਬਹੁਤ ਧੰਨਵਾਦ ਕੀਤਾ।

# ਮੌਜੋ ਕਲਾਂ ਦੇ ਕਿਸਾਨ ਕੁਲਦੀਪ ਸਿੰਘ ਦੇ ਖੇਤ 'ਚ ਮਨਾਇਆ ਖੇਤ ਦਿਵਸ

**ਆਜ਼ਾਦ ਸੋਚ, ਪਰਿੰਸ ਜਿੰਦਲ, ਭੀਖੀ, 28 ਮਾਰਚ:**
==============
ਨੇੜਲੇ ਪਿੰਡ ਮੌਜੋ ਕਲਾਂ ਦੇ ਕਿਸਾਨ ਕੁਲਦੀਪ ਸਿੰਘ ਦੇ ਖੇਤ ਵਿੱਚ ਆਰ.ਜੀ.ਆਰ. ਸੈੱਲ ਲੁਧਿਆਣਾ ਵੱਲੋਂ ਏਰੀਆ ਮੈਨੇਜਰ ਗੁਰਪ੍ਰੀਤ ਸਿੰਘ ਵਾਲੀਆ ਦੇ ਦਿਸ਼ਾ ਨਿਰਦੇਸ਼ ਅਤੇ ਜ਼ਿਲ੍ਹਾ ਕੋਆਰਡੀਨੇਟਰ ਅਰਸਦੀਪ ਸਿੰਘ ਬਰਾੜ ਦੀ ਅਗਵਾਈ ਹੇਠ ਖੇਤ ਦਿਵਸ ਮਨਾਇਆ ਗਿਆ। ਇਸ ਮੌਕੇ ਖੇਤ ਵਿੱਚ ਝੋਨੇ ਦੀ ਪਰਾਲੀ ਨੂੰ ਬਿਨਾਂ ਅੱਗ ਲਗਾਏ ਹੈਪੀ ਸੀਡਰ ਅਤੇ ਸੂਪਰ ਸੀਡਰ ਨਾਲ ਬਿਜਾਏ ਗਏ ਪ੍ਰਦਰਸ਼ਨੀ ਪਲਾਟ ਵਿੱਚ ਕਣਕ ਦੀ ਫਸਲ ਕਿਸਾਨਾਂ ਨੂੰ ਦਿਖਾਉਂਦਿਆਂ ਫੀਲਡ ਅਸਿਸਟੈਂਟ ਨਰਿੰਦਰ ਸਿੰਘ ਨੇ ਦੱਸਿਆ ਕੇ ਪਰਾਲੀ ਨੂੰ ਅੱਗ ਲਗਾਉਣ ਨਾਲ ਪਹਿਲਾਂ ਤਾਂ ਕਿਸਾਨ ਖੁਦ ਧੂਏਂ ਦੀ ਲਪੇਟ 'ਚ ਆਉਣ ਕਰਕੇ ਸਾਹ ਦੀਆ ਬਿਮਰੀਆਂ ਨਾਲ ਜੂਝਦਾ ਹੈ, ਫਿਰ ਆਪਣੇ ਆਲੇ ਦੁਆਲੇ ਰਹਿ ਰਹੇ ਪਰਿਵਾਰਾਂ, ਪਸ਼ੂ ਪੰਛੀਆਂ ਨੂੰ ਪ੍ਰਭਾਵਿਤ ਕਰਦਾ ਅਤੇ ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੈ। ਇਸ ਤੋਂ ਇਲਾਵਾ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਘਟਦੀ ਹੈ। ਉਹਨਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਸਾਨੂੰ ਸਾਰਿਆਂ ਨੂੰ ਰਲ ਕੇ ਅਜਿਹੇ ਅਗਾਂਹ ਵਧੂ ਕਿਸਾਨਾਂ ਤੋਂ ਸੇਧ ਲੈ ਕੇ ਪਰਾਲੀ ਨੂੰ ਜ਼ਮੀਨ ਵਿੱਚ ਮਿਲਾ ਕੇ ਜਮੀਨ ਦੀ ਉਪਜਾਊ ਸ਼ਕਤੀ ਵਿੱਚ ਵਾਧਾ ਕਰਨਾ ਚਾਹੀਦਾ ਹੈ। ਇਸ ਮੌਕੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਤੋਂ ਖੇਤੀਬਾੜੀ ਵਿਕਾਸ ਅਫਸਰ ਭੀਖੀ ਅਮਨਦੀਪ ਕੌਰ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਜ਼ਮੀਨ ਵਿੱਚ ਮਿਲਾਕੇ ਤੱਤਾਂ ਦੀ ਕਮੀ ਨੂੰ ਪੂਰਾ ਕਰਨ, ਵਾਤਾਵਰਨ ਨੂੰ ਸਾਫ ਰੱਖਣ ਲਈ ਵੱਧ ਤੋਂ ਵੱਧ ਰੁੱਖ ਲਾਉਣ ਅਤੇ ਕਿਸਾਨਾ ਨੂੰ ਖਾਂਦਾ ਤੇ ਕੀਟਨਾਸ਼ਕਾਂ ਦੀ ਵਰਤੋਂ ਯੂਨੀਵਰਸਿਟੀ ਦੀਆਂ ਸਿਫ਼ਾਰਸ਼ਾਂ ਅਨੁਸਾਰ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਮਿੱਟੀ ਹਵਾ ਅਤੇ ਪਾਣੀ ਨੂੰ ਬਚਾਉਣ ਲਈ ਕਿਸਾਨਾਂ ਨੂੰ ਸੇਧ ਦੇਣ ਲਈ ਨੁੱਕੜ ਨਾਟਕ ਵੀ ਪੇਸ਼ ਕੀਤਾ ਗਿਆ। ਇਸ ਸਮੇਂ ਏਟੀਐੱਮ ਗੁਰਜੀਤ ਸਿੰਘ, ਖੇਤੀਦੂਤ ਹਮੀਰ ਸਿੰਘ ਮੱਤੀ, ਜਸਪ੍ਰੀਤ ਸਿੰਘ ਅਤਲਾ ਕਲਾਂ ਆਦਿ ਹਾਜ਼ਰ ਸਨ।



# ਵਿਸ਼ਾਲ ਨਿਸ਼ਾਨ ਸ਼ੋਭਾ ਯਾਤਰਾ ਦੌਰਾਨ ਪ੍ਰਭੂ ਸ੍ਰੀ ਰਾਮ ਜੀ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ ਧੂਰੀ ਸ਼ਹਿਰ, ਫੁੱਲਾਂ ਦੀ ਹੋਈ ਵਰਖਾ



**ਆਜ਼ਾਦ ਸੋਚ, ਵਰਮਾ, ਧੂਰੀ, 28 ਮਾਰਚ :**
===========
ਦੇਸ਼ ਭਰ ਵਿਚ ਰਾਮ ਨੌਵੀ ਦਾ ਪਵਿੱਤਰ ਤਿਉਹਾਰ ਬੜੇ ਹੀ ਧੂਮਧਾਮ ਅਤੇ ਸ਼ਰਧਾਪੂਰਵਕ ਮਨਾਇਆ ਗਿਆ। ਚੇਤ ਨਰਾਤਿਆਂ ਦੇ ਸ਼ੁਕਲ ਪੱਖ ਦੀ ਨੌਵੀਂ ਨੂੰ ਭਗਵਾਨ ਰਾਮ ਦਾ ਜਨਮ ਹੋਇਆ ਸੀ ਅਤੇ ਇਸੇ ਦਿਨ ਹਿੰਦੂ ਸਮਾਜ ਰਾਮਨੌਮੀ ਦਾ ਤਿਉਹਾਰ ਮਨਾਉਂਦਾ ਹੈ। ਧਰਮ ਸਾਸਤਰਾਂ ਦੇ ਮੁਤਾਬਕ ਭਗਵਾਨ ਸ੍ਰੀ ਰਾਮ ਜੀ ਭਗਵਾਨ ਵਿਸ਼ਨੂੰ ਜੀ ਦੇ ਸੱਤਵੇਂ ਅਵਤਾਰ ਸਨ।
ਰਾਮ ਨੌਵੀਂ ਦੇ ਮੌਕੇ ਤੇ ਸ਼੍ਰੀ ਰਾਮ ਭਗਤ ਪਰਿਵਾਰ ਅਤੇ ਸ਼੍ਰੀ ਬਾਲਾ ਜੀ ਸ਼੍ਰੀ ਖਾਟੂ ਸ਼ਿਆਮ ਸੇਵਾ ਸੰਮਤੀ ਵੱਲੋ ਸ਼ਹਿਰ ਚ ਇਕ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ। ਇਹ ਸ਼ੋਭਾ ਯਾਤਰਾ ਸਨਾਤਨ ਧਰਮ ਆਸ਼ਰਮ ਤੋ ਸ਼ੁਰੂ ਹੋਕੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾ ਵਿੱਚੋ ਦੀ ਹੁੰਦੀ ਹੋਈ ਸਨਾਤਨ ਧਰਮ ਆਸ਼ਰਮ ਵਿਚ ਸਮਾਪਤ ਹੋਈ। ਇਸ ਸ਼ੋਭਾ ਯਾਤਰਾ ਵਿਚ ਜੈ ਸ਼੍ਰੀ ਰਾਮ ਦੇ ਜੈਕਾਰਿਆ ਨਾਲ ਸ਼ਹਿਰ ਰਾਮ ਨਗਰੀ ਵਿਚ ਬਦਲਿਆ ਨਜ਼ਰ ਆ ਰਿਹਾ ਸੀ। ਇਸ ਸ਼ੋਭਾ ਯਾਤਰਾ ਵਿੱਚ 1100 ਦੇ ਕਰੀਬ ਰਾਮ ਭਗਤ ਰਾਮ ਨਾਮ ਦੇ ਝੰਡੇ ਲੈਕੇ ਸ਼ਾਮਲ ਹੋਏ। ਇਸ ਸ਼ੋਭਾ ਯਾਤਰਾ ਵਿੱਚ ਸਾਰੇ ਸ਼ਹਿਰ ਵਾਸੀਆ ਨੇ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਸ਼ੋਭਾ ਯਾਤਰਾ ਤੇ ਫੁਲਾ ਦੀ ਵਰਖਾ ਕੀਤੀ। ਸ਼ੋਭਾ ਯਾਤਰਾ ਦਾ ਵੱਖ-ਵੱਖ ਬਾਜ਼ਾਰਾ ਵਿਚ ਭਰਵਾ ਸਵਾਗਤ ਕੀਤਾ ਗਿਆ ਅਤੇ ਤਰਾਂ ਤਰਾਂ ਦੇ ਭੰਡਾਰੇ ਲਗਾਏ ਗਏ। ਯਾਤਰਾ ਦੀ ਸਮਾਪਤੀ ਤੇ ਭੰਡਾਰਾ ਅਤੁੱਟ ਵਰਤਾਇਆ ਗਿਆ। ਇਸ ਸ਼ੋਭਾ ਯਾਤਰਾ ਨੂੰ ਕੱਢਣ ਵਿੱਚ ਵਿਮਲ ਮਿੱਤਲ, ਅਸ਼ਵਨੀ ਗੋਇਲ, ਅਮਿਤ ਗਰਗ, ਸੰਜੀਵ ਸ਼ਰਮਾ, ਭੁਪਿੰਦਰ ਪਾਲ ਮਿੱਠਾ, ਯਸ਼ਪਾਲ ਮਿੱਤਲ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਸ਼ੋਭਾ ਯਾਤਰਾ ਵਿੱਚ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਕੈਬ੍ਰਿਜ ਗਰੁੱਪ ਦੇ ਚੇਅਰਮੈਨ ਮੱਖਣ ਲਾਲ ਗਰਗ, ਰਾਜਵੰਤ ਸਿੰਘ ਘੁਲੀ ਚੇਅਰਮੈਨ ਮਾਰਕੀਟ ਕਮੇਟੀ, ਸਤਿੰਦਰ ਚੱਠਾ ਪ੍ਰਧਾਨ ਆਲ ਇੰਡੀਆ ਐਫਸੀਆਈ ਅਤੇ ਉੱਗੇ ਲੀਡਰ ਆਮ ਆਦਮੀ ਪਾਰਟੀ, ਰਣਜੀਤ ਸਿੰਘ ਰੰਧਾਵਾ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ, ਵਿੱਕੀ ਸ਼ਰਮਾ ਕੁਆਡੀਨੇਟਰ ਯੁੱਧ ਨਸ਼ਿਆਂ ਵਿਰੁੱਧ,ਜਨਕ ਰਾਜ ਮੀਮਸਾ, ਧਨਪਤ ਰਾਏ ਧੰਨਾ ਸਮਾਜ ਸੇਵਕ, ਸੁਨੀਲ ਕੁਮਾਰ ਜੱਜ, ਅਸ਼ੋਕ ਕੁਮਾਰ ਕੱਪੜੇ ਵਾਲੇ, ਵਪਾਰ ਮੰਡਲ ਦੇ ਪ੍ਰਧਾਨ ਵਿਕਾਸ ਜੈਨ, ਕਾਂਵੜ ਸੰਘ ਦੇ ਪ੍ਰਧਾਨ ਬਾਬਾ ਸੁਮੇਰ ਚੰਦ, ਸ਼ੁਰੇਸ ਬਾਂਸਲ, ਸਾਬਕਾ ਨਗਰ ਕੌਂਸਲ ਪ੍ਰਧਾਨ ਸੰਦੀਪ ਤਾਇਲ, ਅਗਰਵਾਲ ਸਭਾ ਦੇ ਪ੍ਰਧਾਨ ਮਦਨ ਲਾਲ ਬਾਂਸਲ, ਸੰਦੀਪ ਬਾਂਸਲ ਸੋਨੀ ਸਮਾਜ ਸੇਵਕ, ਭਾਜਪਾ ਆਗੂ ਜਗਦੇਵ ਜਿੰਦਲ, ਸੇਵਾ ਸੰਮਤੀ ਦੇ ਪ੍ਰਧਾਨ ਰਾਕੇਸ਼ ਕੁਮਾਰ, ਅਸ਼ੀਸ਼ ਗਰਗ, ਪ੍ਰਦੀਪ ਗਰਗ, ਕੌਂਸਲਰ ਮਹਾਂਵੀਰ ਫੌਜੀ, ਕੌਂਸਲਰ ਰਾਜੀਵ ਚੋਧਰੀ, ਹਰ ਹਰ ਮਹਾਂਦੇਵ ਕਾਂਵੜ ਸੰਘ ਦੇ ਪ੍ਰਧਾਨ ਅਵਨੀਸ਼ ਗਰਗ, ਆਸ਼ੂਤੋਸ਼ ਬਾਂਸਲ, ਭੀਮ ਗਰਗ, ਅਸ਼ੋਕ ਸਿੰਗਲਾ, ਜਨਕ ਰਾਜ ਮੀਮਸਾ, ਦਰਸ਼ਨ ਖੁਰਮੀ, ਸ਼ਤੀਸ ਕੁਮਾਰ ਅਤੇ ਵੱਡੀ ਗਿਣਤੀ ਵਿੱਚ ਰਾਮ ਭਗਤ ਹਾਜ਼ਰ ਸਨ।

# ਬਸਪਾ ਦੀ ਲਹਿਰ ਮਜ਼ਬੂਤ ਕਰਨ ਲਈ ਜ਼ਿਲ੍ਹਾ ਪੱਧਰੀ ਰੈਲੀਆਂ ਜਾਰੀ : ਪ੍ਰਧਾਨ ਹਰਬੰਸ ਸਿੰਘ ਸੋਨਾ

**ਆਜ਼ਾਦ ਸੋਚ, ਗੁਲਜ਼ਾਰ ਮਦੀਨਾ, ਸਾਦਿਕ, 28 ਮਾਰਚ:**
============
ਬਹੁਜਨ ਸਮਾਜ ਪਾਰਟੀ ਦੀ ਹਾਈ ਕਮਾਂਡ ਵੱਲੋਂ ਮਾਲਵਾ ਖੇਤਰ ਵਿੱਚ ਪਾਰਟੀ ਨੂੰ ਮਜ਼ਬੂਤ ਕਰਨ ਦੇ ਮੱਦੇਨਜ਼ਰ ਲੜੀਵਾਰ ਜ਼ਿਲ੍ਹਾ ਪੱਧਰੀ ਰੈਲੀਆਂ ਆਯੋਜਿਤ ਕੀਤੀਆਂ ਜਾ ਰਹੀਆਂ ਹਨ। ਇਸਦਾ ਮੁੱਖ ਉਦੇਸ਼ ਦੁਆਬਾ ਖੇਤਰ ਦੀ ਤਰ੍ਹਾਂ ਮਾਲਵਾ ਵਿੱਚ ਵੀ ਬਸਪਾ ਦੀ ਲਹਿਰ ਨੂੰ ਮਜ਼ਬੂਤੀ ਦੇਣਾ ਹੈ। ਇਸ ਲੜੀ ਤਹਿਤ ਜ਼ਿਲ੍ਹਾ ਮੋਗਾ ਦੇ ਹਲਕਾ ਨਿਹਾਲ ਸਿੰਘ ਵਾਲਾ ਵਿੱਚ ਹੋਣ ਵਾਲੀ ਰੈਲੀ ਨੂੰ ਕਾਮਯਾਬ ਬਣਾਉਣ ਲਈ 30 ਮਾਰਚ 2026 (ਦਿਨ ਸੋਮਵਾਰ) ਨੂੰ ਸਵੇਰੇ 10 ਵਜੇ ਜ਼ਿਲ੍ਹਾ ਫ਼ਰੀਦਕੋਟ ਦੇ ਤਿੰਨਾਂ ਹਲਕਿਆਂ ਫ਼ਰੀਦਕੋਟ, ਕੋਟਕਪੂਰਾ ਅਤੇ ਜੈਤੋ ਦੇ ਮੌਜੂਦਾ ਅਤੇ ਸਾਬਕਾ ਅਹੁਦੇਦਾਰਾਂ ਅਤੇ ਵਰਕਰਾਂ ਦੀ ਅਹਿਮ ਮੀਟਿੰਗ ਕੋਟਕਪੂਰਾ ਦੇ ਜਲਾਲਿਆਣਾ ਰੋਡ ਸਥਿਤ ਸ਼ਹੀਦੀ ਸਮਾਰਕ ਵਿਖੇ ਬੁਲਾਈ ਗਈ ਹੈ। ਮੀਟਿੰਗ ਦੀ ਪ੍ਰਧਾਨਗੀ ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਸੋਨਾ ਬਰਾੜ ਸਾਦਿਕ ਕਰਨਗੇ, ਜਦਕਿ ਬਹੁਜਨ ਸਮਾਜ ਪਾਰਟੀ ਦੇ ਜਨਰਲ ਸਕੱਤਰ ਪੰਜਾਬ ਗੁਰਬਖਸ਼ ਸਿੰਘ ਚੌਹਾਨ (ਫ਼ਰੀਦਕੋਟ) ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਸੋਨਾ ਬਰਾੜ ਵੱਲੋਂ ਜ਼ਿਲ੍ਹੇ ਦੇ ਸਾਰੇ ਮੌਜੂਦਾ ਅਤੇ ਸਾਬਕਾ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਆਪਣੇ ਸਾਥੀਆਂ ਸਮੇਤ ਇਸ ਮੀਟਿੰਗ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਪਾਰਟੀ ਦੀ ਆਉਣ ਵਾਲੀ ਰੈਲੀ ਨੂੰ ਸਫ਼ਲ ਬਣਾਉਣ ਵਿੱਚ ਯੋਗਦਾਨ ਪਾਉਣ।



# ਦੀਪ ਸਿੰਘ ਵਾਲਾ ਦੇ 4 ਵਿਦਿਆਰਥੀਆਂ ਨੇ ਸੌ ਫੀਸਦੀ ਅੰਕ ਹਾਸਲ ਕਰਕੇ ਮਾਰੀਆਂ ਮੱਲਾਂ

**ਆਜ਼ਾਦ ਸੋਚ, ਗੁਲਜ਼ਾਰ ਮਦੀਨਾ, ਸਾਦਿਕ, 28 ਮਾਰਚ :**
============
ਲਾਗਲੇ ਪਿੰਡ ਦੀਪ ਸਿੰਘ ਵਾਲਾ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਵਿੱਚ ਅੱਜ ਮਾਪੇ-ਅਧਿਆਪਕ ਮਿਲਣੀ ਦੌਰਾਨ ਸਾਰੀਆਂ ਕਲਾਸਾਂ ਦਾ ਨਤੀਜਾ ਘੋਸ਼ਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਅਗਲੀ ਕਲਾਸਾਂ ਵਿੱਚ ਪ੍ਰਵੇਸ਼ ਪ੍ਰਾਪਤ ਕੀਤਾ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸਰਪੰਚ ਸ. ਬਲਜਿੰਦਰ ਸਿੰਘ ਔਲਖ ਅਤੇ ਗ੍ਰਾਮ ਪੰਚਾਇਤ ਦੇ ਮੈਂਬਰ ਸ਼ਾਮਲ ਹੋਏ। ਪੰਜਵੀਂ ਕਲਾਸ ਦੀ ਇੰਚਾਰਜ ਮੈਡਮ ਆਸ਼ਾ ਰਾਣੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੁੱਲ 33 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ, ਜਿਨ੍ਹਾਂ ਵਿੱਚੋਂ ਚਾਰ ਵਿਦਿਆਰਥੀਆਂ ਨਿਸ਼ਾਨ ਸਿੰਘ, ਮੰਨਤ, ਮਨਮੀਤ ਕੌਰ ਅਤੇ ਸਿਮਰਨ ਕੌਰ ਨੇ 500 ਵਿੱਚੋਂ 500 ਅੰਕ ਪ੍ਰਾਪਤ ਕਰਕੇ ਵਿਸ਼ੇਸ਼ ਉਪਲਬਧੀ ਹਾਸਲ ਕੀਤੀ। ਉਨ੍ਹਾਂ ਨੇ ਦੱਸਿਆ ਕਿ ਹੋਰ ਵਿਦਿਆਰਥੀਆਂ ਨੇ ਵੀ ਚੰਗੇ ਅੰਕ ਪ੍ਰਾਪਤ ਕਰਕੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਮੁਖੀ ਮਨਜੀਤ ਸਿੰਘ ਨੇ ਸਾਰੇ ਬੱਚਿਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਗ੍ਰਾਮ ਪੰਚਾਇਤ ਦਾ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਸ. ਬਲਜਿੰਦਰ ਸਿੰਘ ਔਲਖ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਗੁਰਪ੍ਰੀਤ ਸਿੰਘ ਧਾਲੀਵਾਲ ਨੇ ਸਕੂਲ ਸਟਾਫ਼ ਨੂੰ ਅਪੀਲ ਕੀਤੀ ਕਿ ਪੜ੍ਹਾਈ ਦੇ ਨਾਲ-ਨਾਲ ਖੇਡਾਂ 'ਤੇ ਵੀ ਖਾਸ ਧਿਆਨ ਦਿੱਤਾ ਜਾਵੇ ਅਤੇ ਬੱਚਿਆਂ ਲਈ ਲੋੜੀਂਦਾ ਸਾਮਾਨ ਮੁਹੱਈਆ ਕਰਵਾਉਣ ਦਾ ਭਰੋਸਾ ਦਿੱਤਾ। ਗ੍ਰਾਮ ਪੰਚਾਇਤ ਵੱਲੋਂ ਚੰਗੇ ਅੰਕ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਸਟਾਫ਼ ਵੱਲੋਂ ਮੀਟਿੰਗ ਵਿੱਚ ਪਹੁੰਚੇ ਮਾਪਿਆਂ ਦਾ ਧੰਨਵਾਦ ਕੀਤਾ ਗਿਆ। ਇਸ ਸਮੇਂ ਮੁਕੇਸ਼ ਕੁਮਾਰ, ਆਇਨਾ ਰਾਣੀ, ਸਰਬਜੀਤ ਕੌਰ ਗਹਿਰੀ, ਵਰਿੰਦਰ ਕੁਮਾਰ, ਰੁਪਿੰਦਰ ਕੌਰ, ਗੁਰਬਿੰਦਰ ਕੌਰ, ਸੁਖਜਿੰਦਰ ਸਿੰਘ, ਹਰਜਿੰਦਰ ਸਿੰਘ, ਰਾਜੂ ਸਿੰਘ ਅਤੇ ਰਵਿੰਦਰ ਸਿੰਘ (ਐਸ.ਐਮ.ਸੀ. ਮੈਂਬਰ) ਸਮੇਤ ਵੱਡੀ ਗਿਣਤੀ ਵਿੱਚ ਮਾਪੇ ਮੌਜੂਦ ਸਨ।



# ਸਾਦਿਕ ਵਿਖੇ ਹਨੂੰਮਾਨ ਜਯੰਤੀ ਮਹਾਂਉਤਸਵ ਦੇ ਮੌਕੇ 'ਤੇ ਵਿਸ਼ੇਸ਼ ਸਨਮਾਨ ਸਮਾਰੋਹ ਆਯੋਜਿਤ



**ਆਜ਼ਾਦ ਸੋਚ, ਗੁਲਜ਼ਾਰ ਮਦੀਨਾ, ਸਾਦਿਕ, 28 ਮਾਰਚ:**
============
ਹਨੂੰਮਾਨ ਜਯੰਤੀ ਮਹਾਂਉਤਸਵ ਦੀ ਖੁਸ਼ੀ ਵਿੱਚ ਸ੍ਰੀ ਬਾਲਾ ਜੀ ਸੇਵਾ ਮੰਡਲ ਸਾਦਿਕ ਅਤੇ ਮਾਤਾ ਸੁਖਜਿੰਦਰ ਕੌਰ ਢਿੱਲੋਂ ਮੈਮੋਰੀਅਲ ਸੇਵਾ ਸੁਸਾਇਟੀ ਸਾਦਿਕ ਵੱਲੋਂ ਸਾਂਝੇ ਤੌਰ 'ਤੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਸਾਦਿਕ ਵਿਖੇ ਨਵੋਦਿਆ ਵਿਦਿਆਲਿਆ ਪ੍ਰੀਖਿਆ ਪਾਸ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਦੇ ਸਨਮਾਨ ਲਈ ਵਿਸ਼ੇਸ਼ ਸਮਾਰੋਹ ਕਰਵਾਇਆ ਗਿਆ। ਇਸ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਜਗਤਾਰ ਸਿੰਘ ਮਾਨ (ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਫ਼ਰੀਦਕੋਟ-1) ਹਾਜ਼ਰ ਰਹੇ। ਉਨ੍ਹਾਂ ਨਾਲ ਚੇਅਰਮੈਨ ਬਲਾਕ ਸੰਮਤੀ ਲਖਵਿੰਦਰ ਸਿੰਘ ਲੱਖਾ, ਉਪ ਚੇਅਰਮੈਨ ਲਖਵਿੰਦਰ ਸਿੰਘ, ਸਰਪ੍ਰਸਤ ਬਿੱਟੂ ਗਿਰਧਰ ਅਤੇ ਚੇਅਰਮੈਨ ਪ੍ਰਿਤਪਾਲ ਸਿੰਘ ਢਿੱਲੋਂ ਵੀ ਸ਼ਾਮਲ ਹੋਏ। ਇਸ ਮੌਕੇ ਗੁਰਮੀਤ ਸਿੰਘ (ਜਨਰਲ ਸਕੱਤਰ), ਫੁਲਵਿੰਦਰ ਸਿੰਘ ਮੱਕੜ, ਹਰਵਿੰਦਰ ਸਿੰਘ ਕਾਕਾ ਢਿੱਲੋਂ, ਦੀਸ਼ਾ ਸਿੰਘ (ਸਰਪੰਚ ਪਿੰਡ ਸਾਦਿਕ), ਜਸਵਿੰਦਰ ਸਿੰਘ (ਸੈਂਟਰ ਹੈੱਡ ਟੀਚਰ), ਬਲਜੀਤ ਸਿੰਘ (ਚੇਅਰਮੈਨ ਸਕੂਲ ਮੈਨੇਜਮੈਂਟ ਕਮੇਟੀ), ਗੁਰਦਵਿੰਦਰ ਸਿੰਘ ਢਿੱਲੋਂ (ਜ਼ਿਲ੍ਹਾ ਸਮਾਰਟ ਸਕੂਲ ਕੋਆਰਡੀਨੇਟਰ ਫ਼ਰੀਦਕੋਟ), ਓਮ ਪ੍ਰਕਾਸ਼ ਪੰਚ, ਪ੍ਰਗਟ ਸਿੰਘ ਸੰਧੂ (ਆਮ ਆਦਮੀ ਪਾਰਟੀ ਆਗੂ) ਅਤੇ ਬੇਅੰਤ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਸਮਾਰੋਹ ਦੌਰਾਨ ਨਵੋਦਿਆ ਵਿਦਿਆਲਿਆ ਦੀ ਪ੍ਰੀਖਿਆ ਵਿੱਚ ਸਫ਼ਲ ਰਹੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਮਹਿਮਾਨਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਬੱਚਿਆਂ ਦੀ ਇਹ ਉਪਲਬਧੀ ਪਿੰਡ ਅਤੇ ਸਕੂਲ ਲਈ ਮਾਣ ਦੀ ਗੱਲ ਹੈ ਅਤੇ ਇਸ ਤਰ੍ਹਾਂ ਦੇ ਸਮਾਰੋਹ ਹੋਰ ਵਿਦਿਆਰਥੀਆਂ ਨੂੰ ਵੀ ਪ੍ਰੇਰਿਤ ਕਰਦੇ ਹਨ। ਅੰਤ ਵਿੱਚ ਆਯੋਜਕਾਂ ਵੱਲੋਂ ਸਾਰੇ ਮਹਿਮਾਨਾਂ ਅਤੇ ਹਾਜ਼ਰੀਨ ਦਾ ਧੰਨਵਾਦ ਕੀਤਾ ਗਿਆ ਅਤੇ ਸਮਾਜਿਕ ਤੇ ਸਿੱਖਿਆਤਮਕ ਕਾਰਜਾਂ ਨੂੰ ਅੱਗੇ ਵੀ ਜਾਰੀ ਰੱਖਣ ਦਾ ਸੰਕਲਪ ਲਿਆ ਗਿਆ।

# ਪਿੰਡ ਸੈਦਖੇੜੀ ਵਿਖੇ ਨਵੇਂ 'ਆਮ ਆਦਮੀ ਕਲੀਨਿਕ' ਦੀ ਹੋਈ ਸ਼ੁਰੂਆਤ; ਲੋਕਾਂ ਨੂੰ ਮਿਲੇਗਾ ਮੁਫ਼ਤ ਇਲਾਜ

## ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਬਣ ਰਿਹਾ ਹੈ 'ਸਿਹਤਮੰਦ ਪੰਜਾਬ' : ਮਨਿੰਦਰਜੀਤ ਸਿੰਘ ਵਿੱਕੀ ਘਨੌਰ

**ਆਜ਼ਾਦ ਸੋਚ, ਅਭਿਸ਼ੇਕ ਸੂਦ, ਭਾਗ ਸਿੰਘ, ਘਨੌਰ, 28 ਮਾਰਚ:**
===========
ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਸਿਹਤ ਮੰਤਰੀ ਪੰਜਾਬ ਡਾ.ਬਲਵੀਰ ਸਿੰਘ ਵੱਲੋਂ ਸੂਬੇ ਨੂੰ 'ਰੰਗਲਾ ਪੰਜਾਬ' ਬਣਾਉਣ ਅਤੇ ਸਿਹਤ ਸਹੂਲਤਾਂ ਵਿੱਚ ਇਨਕਲਾਬੀ ਸੁਧਾਰ ਲਿਆਉਣ ਦੀ ਮੁਹਿੰਮ ਲਗਾਤਾਰ ਜਾਰੀ ਹੈ। ਇਸੇ ਲੜੀ ਤਹਿਤ ਹਲਕਾ ਘਨੌਰ ਦੇ ਪਿੰਡ ਸੈਦਖੇੜੀ ਵਿਖੇ ਨਵਾਂ 'ਆਮ ਆਦਮੀ ਕਲੀਨਿਕ' (ਮੁਹੱਲਾ ਕਲੀਨਿਕ) ਖੋਲ੍ਹਿਆ ਗਿਆ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਪ੍ਰਧਾਨ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਨੇ ਦੱਸਿਆ ਕਿ ਇਸ ਕਲੀਨਿਕ ਦੇ ਖੁੱਲ੍ਹਣ ਨਾਲ ਇਲਾਕੇ ਦੇ 10 ਤੋਂ 12 ਪਿੰਡਾਂ ਦੇ ਲੋਕਾਂ ਨੂੰ ਸਿੱਧਾ ਲਾਭ ਪਹੁੰਚੇਗਾ ਅਤੇ ਹੁਣ ਉਨ੍ਹਾਂ ਨੂੰ ਮਾਮੂਲੀ ਇਲਾਜ ਲਈ ਦੂਰ-ਦੁਰਾਡੇ ਹਸਪਤਾਲਾਂ ਵਿੱਚ ਖੱਜਲ-ਖੁਆਰ ਨਹੀਂ ਹੋਣਾ ਪਵੇਗਾ। ?ਵਿੱਕੀ ਘਨੌਰ ਨੇ ਅੱਗੇ ਦੱਸਿਆ ਕਿ ਹਲਕਾ ਘਨੌਰ ਵਿੱਚ ਸਿਹਤ ਸਹੂਲਤਾਂ ਦਾ ਜਾਲ ਵਿਛਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਸਮੇਂ ਪੰਜਾਬ ਦੇ ਵਿੱਚ 881 ਮੁਹੱਲਾ ਕਲੀਨਿਕ ਚੱਲ ਰਹੇ ਹਨ ਅਤੇ ਹੁਣ ਪੰਜਾਬ ਸਰਕਾਰ ਦੇ ਵੱਲੋਂ 109 ਹੋਰ ਮੁਹੱਲਾ ਕਲੀਨਿਕ ਦਾ ਉਦਘਾਟਨ ਸਿਹਤ ਕ੍ਰਾਂਤੀ ਤਹਿਤ ਬਦਲਦਾ ਪੰਜਾਬ ਦੌਰਾਨ ਕੀਤੇ ਗਏ ਹਨ ਅਤੇ ਉਹਨਾਂ ਕਿਹਾ ਕਿ ਮੈਨੂੰ ਖੁਸ਼ੀ ਹੈ ਕਿ ਮੇਰੇ ਜ਼ਿਲ੍ਹਾ ਪਟਿਆਲਾ ਦੇ ਵਿੱਚ 109 ਹੋਰ ਮੁਹੱਲਾ ਕਲੀਨਿਕਾਂ ਵਿੱਚੋਂ ਸੱਤ ਮੁਹੱਲਾ ਕਲੀਨਿਕ ਪਟਿਆਲਾ ਜ਼ਿਲ੍ਹੇ ਨੂੰ ਮਿਲੇ ਹਨ। ਜਿੱਥੇ ਲੋਕ ਮੁਫ਼ਤ ਟੈਸਟ ਅਤੇ ਦਵਾਈਆਂ ਦੀ ਸਹੂਲਤ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਮੁੱਖ ਮਕਸਦ ਹਰ ਨਾਗਰਿਕ ਤੱਕ ਮਿਆਰੀ ਸਿਹਤ ਸਹੂਲਤਾਂ ਪਹੁੰਚਾਉਣਾ ਹੈ। ਸੈਦਖੇੜੀ ਵਿਖੇ ਖੋਲ੍ਹੇ ਗਏ ਇਸ ਨਵੇਂ ਕਲੀਨਿਕ ਵਿੱਚ ਜ਼ਰੂਰੀ ਦਵਾਈਆਂ ਦੇ ਨਾਲ-ਨਾਲ ਸਾਰੇ ਅਹਿਮ ਟੈਸਟ ਬਿਲਕੁਲ ਮੁਫ਼ਤ ਕੀਤੇ ਜਾਣਗੇ, ਜਿਸ ਨਾਲ ਆਮ ਲੋਕਾਂ ਦੀ ਜੇਬ 'ਤੇ ਪੈ ਰਿਹਾ ਆਰਥਿਕ ਬੋਝ ਘਟੇਗਾ।



# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਸੋਵਾਲ ਦੇ ਸਾਲਾਨਾ ਪ੍ਰੀਖਿਆਵਾਂ ਨਤੀਜੇ ਘੋਸ਼ਿਤ

**ਆਜ਼ਾਦ ਸੋਚ, ਅੰਕੁਸ਼ ਕੁਮਾਰ, ਸ਼੍ਰੀ ਅਨੰਦਪੁਰ ਸਾਹਿਬ, 28 ਮਾਰਚ:**
============
ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਸੋਵਾਲ ਵਿੱਚ ਸਾਲਾਨਾ ਪ੍ਰੀਖਿਆਵਾਂ ਦੇ ਨਤੀਜੇ ਘੋਸ਼ਿਤ ਕੀਤੇ ਗਏ। ਸਕੂਲ ਦੇ ਵਿਦਿਆਰਥੀਆਂ ਨੇ ਇਸ ਸਾਲ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਉੱਚ ਅੰਕ ਹਾਸਲ ਕੀਤੇ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ।
ਇਸ ਮੌਕੇ ਤੇ ਸਕੂਲ ਪ੍ਰਿੰਸੀਪਲ ਸ੍ਰੀ ਅਵਤਾਰ ਸਿੰਘ ਅਤੇ ਸਮੂਹ ਸਟਾਫ ਮੈਂਬਰਾਂ, ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਸ੍ਰੀ ਜਸਮੇਰ ਸਿੰਘ, ਕਮੇਟੀ ਮੈਂਬਰ ਪੰਡਿਤ ਬਾਲ ਕਿਸ਼ਨ, ਗੁਰਮੀਤ ਸਿੰਘ ਪੰਚਾਇਤ ਮੈਂਬਰ ਬੱਸੋਵਾਲ, ਬੀਰ ਕੌਰ ਚੇਅਰਪਰਸਨ ਬਲਾਕ ਸੰਮਤੀ ਅਤੇ ਰਵੀ ਸ਼ਰਮਾ ਸਰਪੰਚ ਸਜਮੋਰ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਸਕੂਲ ਦੇ ਅਧਿਆਪਕਾਂ ਨੇ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਮਿਹਨਤ, ਮਾਪਿਆਂ ਦੇ ਸਹਿਯੋਗ ਅਤੇ ਅਧਿਆਪਕਾਂ ਦੀ ਲਗਨ ਦਾ ਨਤੀਜਾ ਹਨ। ਉੱਚ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ ਹੋਰ ਵਿਦਿਆਰਥੀਆਂ ਨੂੰ ਵੀ ਅੱਗੇ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ।ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਵੀ ਇਸ ਮੌਕੇ ਤੇ ਹਾਜ਼ਰੀ ਭਰੀ ਅਤੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਕਿਹਾ ਕਿ ਸਕੂਲ ਹਮੇਸ਼ਾਂ ਵਿਦਿਆਰਥੀਆਂ ਦੇ ਸਮੂਹਿਕ ਵਿਕਾਸ ਲਈ ਵਚਨਬੱਧ ਹੈ।ਅੰਤ ਵਿੱਚ ਸਕੂਲ ਪ੍ਰਬੰਧਨ ਨੇ ਸਭ ਨੂੰ ਧੰਨਵਾਦ ਕਰਦਿਆਂ ਕਿਹਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸ਼ਾਨਦਾਰ ਨਤੀਜੇ ਜਾਰੀ ਰਹਿਣਗੇ।



# ਡੇਰਾ ਬਾਬਾ ਭਾਈ ਗੁਰਦਾਸ ਜੀ ਮਾਨਸਾ ਵਿਖੇ ਬਣੇ ਆਮ ਆਦਮੀ ਕਲੀਨਿਕ ਨੂੰ ਕੀਤਾ ਲੋਕ-ਅਰਪਣ

## ਵਿਧਾਇਕ ਮਾਨਸਾ ਨੇ ਆਮ ਆਦਮੀ ਕਲੀਨਿਕ ਦਾ ਕੀਤਾ ਉਦਘਾਟਨ

**ਆਜ਼ਾਦ ਸੋਚ, ਵਿਰੇਂਦਰਪਾਲ ਮੰਤਰੋਂ, ਮਾਨਸਾ, 28 ਮਾਰਚ :**
=============
ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਸਿਹਤ ਮੰਤਰੀ ਡਾ.ਬਲਬੀਰ ਸਿੰਘ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਦੇ ਲੋਕਾਂ ਨੂੰ ਵਧੀਆ ਅਤੇ ਮਿਆਰੀ ਸਿਹਤ ਸਹੂਲਤਾਂ ਉਪਲੱਬਧ ਕਰਵਾਉਣ ਦੀ ਲੜੀ ਤਹਿਤ ਅੱਜ ਮਾਨਸਾ ਵਿਖੇ ਆਮ ਆਦਮੀ ਕਲੀਨਿਕ ਡੇਰਾ ਬਾਬਾ ਭਾਈ ਗੁਰਦਾਸ ਜੀ ਦਾ ਉਦਘਾਟਨ ਹਲਕਾ ਮਾਨਸਾ ਦੇ ਵਿਧਾਇਕ ਡਾ. ਵਿਜੈ ਸਿੰਗਲਾ ਵੱਲੋਂ ਰਿਬਨ ਕੱਟ ਕੇ ਕੀਤਾ ਗਿਆ । ਇਸ ਮੌਕੇ ਬੋਲਦਿਆਂ ਡਾ.ਵਿਜੈ ਸਿੰਗਲਾ ਨੇ ਕਿਹਾ ਕਿ ਲੋਕਾਂ ਨੂੰ ਵਧੀਆ ਅਤੇ ਮਿਆਰੀ ਸਿਹਤ ਸਹੂਲਤਾਂ ਉਪਲੱਬਧ ਕਰਵਾਉਣ ਲਈ ਸਰਕਾਰ ਵਚਨਬੱਧ ਹੈ ਜਿਸ ਤਹਿਤ ਅੱਜ ਮਾਨਯੋਗ ਮੁੱਖ ਮੰਤਰੀ ਸ?. ਭਗਵੰਤ ਸਿੰਘ ਮਾਨ ਵੱਲੋਂ ਸ਼੍ਰੀ ਫਤਹਿਗੜ੍ਹ ਸਾਹਿਬ ਤੋਂ ਪੰਜਾਬ ਲਈ 109 ਆਮ ਆਦਮੀ ਕਲੀਨਿਕ ਹੋਰ ਸਮਰਪਿਤ ਕੀਤੇ ਹਨ ਅੱਜ ਸਮੇਤ ਹੁਣ ਕੁੱਲ ਆਮ ਆਦਮੀ ਕਲੀਨਿਕਾਂ ਦੀ ਗਿਣਤੀ 990 ਹੋ ਗਈ ਹੈ। ਜਿਲ੍ਹਾ ਮਾਨਸਾ ਵਿਖੇ ਅੱਜ ਇਸ ਆਮ ਆਦਮੀ ਕਲੀਨਿਕ ਦਾ ਉਦਘਾਟਨ ਹੋਣ ਨਾਲ ਹੁਣ ਤੱਕ ਮਾਨਸਾ ਜਿਲ੍ਹੇ ਵਿੱਚ 29 ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ ਜਾ ਚੁੱਕੇ ਹਨ ॰ ਉਹਨਾਂ ਕਿਹਾ ਕਿ ਇਹਨਾਂ ਕਲੀਨਿਕਾਂ ਰਾਹੀਂ ਲੋਕਾਂ ਨੂੰ ਮੁਫ਼ਤ ਡਾਕਟਰੀ ਸਹਾਇਤਾ ਦੇ ਨਾਲ-ਨਾਲ ਮੁਫ਼ਤ ਦਵਾਈਆਂ ਅਤੇ ਲੈਬ ਟੈਸਟ ਦੀ ਸੁਵਿਧਾ ਉਪਲੱਬਧ ਹੋਵੇਗੀ ॰ ਉਨ੍ਹਾਂ ਕਿਹਾ ਕਿ ਦਵਾਈਆਂ ਅਤੇ ਸਟਾਫ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ ॰
ਇਸ ਮੌਕੇ ਸਿਵਲ ਸਰਜਨ ਡਾ. ਰਣਜੀਤ ਸਿੰਘ ਰਾਏ ਨੇ ਦੱਸਿਆ ਕਿ ਇਹਨਾਂ ਆਮ ਆਦਮੀ ਕਲੀਨਿਕਾਂ ਵਿਖੇ 107 ਕਿਸਮ ਦੀਆਂ ਦਵਾਈਆਂ ਅਤੇ 47 ਕਿਸਮ ਦੇ ਲੈਬ ਟੈਸਟ ਬਿਲਕੁਲ ਮੁਫਤ ਮੁਹਈਆ ਕਰਵਾਏ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਜਲਦੀ ਹੀ ਜਿਲ੍ਹਾ ਮਾਨਸਾ ਦੇ 3 ਹੋਰ ਆਮ ਆਦਮੀ ਕਲੀਨਿਕ ਬਣ ਕੇ ਤਿਆਰ ਹੋ ਜਾਣਗੇ । ਜਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਕੰਵਲਪ੍ਰੀਤ ਕੌਰ ਬਰਾੜ ਨੇ ਦੱਸਿਆ ਕਿ ਆਮ ਆਦਮੀ ਕਲੀਨਿਕ ਵਿੱਚ ਗਰਭਵਤੀ ਔਰਤਾਂ ਦੀ ਜਾਂਚ ਸਬੰਧੀ ਸੇਵਾਵਾਂ ਅਤੇ ਅਲਟਰਾਸਾਊਂਡ ਇਮਪੈਨਲ ਕੀਤੇ ਗਏ ਅਲਟਰਾ ਸਾਊਂਡ ਸੈਂਟਰਾਂ ਵਿੱਚ ਮੁਫ਼ਤ ਕਰਵਾਏ ਜਾਂਦੇ ਹਨ ॰ ਉਹਨਾਂ ਵੱਲੋਂ ਆਏ ਹੋਏ ਮੁੱਖ ਮਹਿਮਾਨ, ਅਫਸਰ ਸਾਹਿਬਾਨਾਂ ਅਤੇ ਲੋਕਾਂ ਦਾ ਧੰਨਵਾਦ ਕੀਤਾ ਗਿਆ ॰ ਡੇਰੇ ਦੇ ਮਹੰਤ ਕੇਸ਼ਵ ਮੁਨੀ ਜੀ ਵੱਲੋਂ ਲੋਕਾਂ ਨੂੰ ਇਸ ਕਲੀਨਿਕ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਕਿਹਾ ਗਿਆ ॰ ਇਸ ਮੌਕੇ ਲੋਕਾਂ ਨੇ ਸਕਰੀਨ ਉੱਤੇ ਰਾਜ ਪੱਧਰੀ ਸਮਾਗਮ ਦਾ ਸਿੱਧਾ ਪ੍ਰਸਾਰਣ ਦੇਖਿਆ। ਇਸ ਮੌਕੇ ਉਪ ਮੰਡਲ ਮੈਜਿਸਟਰੇਟ ਮਾਨਸਾ ਬਲਜੀਤ ਕੌਰ, ਐਕਸੀਅਨ ਪੰਚਾਇਤੀ ਰਾਜ ਮਹੇਸ਼ ਗਰਗ, ਜਨਰਲ ਸਕੱਤਰ ਪੰਜਾਬ ਕਿਸਾਨ ਵਿੰਗ ਮਾਲਵਾ ਜੋਨ ਸ?. ਚਰਨਜੀਤ ਸਿੰਘ ਅੱਕਾਂਵਾਲੀ, ਆਮ ਆਦਮੀ ਕਲੀਨਿਕ ਦੇ ਡਾ. ਧੀਰਜ ਕੁਮਾਰ,ਜਿਲ੍ਹਾ ਮਾਸ ਮੀਡੀਆ ਅਤੇ ਸੂਚਨਾ ਅਫਸਰ ਪਵਨ ਕੁਮਾਰ, ਜਿਲ੍ਹਾ ਪ੍ਰੋਗਰਾਮ ਮੈਨੇਜਰ ਅਵਤਾਰ ਸਿੰਘ, ਡਿਪਟੀ ਮਾਸ ਮੀਡੀਆ ਅਤੇ ਸੂਚਨਾ ਅਫ਼ਸਰ ਤਿਰਲੋਕ ਸਿੰਘ ਅਤੇ ਸੰਦੀਪ ਸਿੰਘ ਹਾਜ਼ਰ ਸਨ।

# ਡੇਰਾ ਬਾਬਾ ਭਾਈ ਗੁਰਦਾਸ ਵਿਖੇ ਸਿਲਾਈ ਸੈਂਟਰ ਦਾ ਉਦਘਾਟਨ



**ਅਜਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 28 ਮਾਰਚ:**
============
ਇੱਥੋਂ ਨੇੜਲੇ ਪਿੰਡ ਸੇਖੂਵਾਸ ਵਿਖੇ ਪਿੰਡ ਵਾਸੀਆਂ ਦੇ ਸਹਿਯੋਗ ਅਤੇ ਆਗਾਜ਼ ਵੈੱਲਫੇਅਰ ਫਾਊਂਡੇਸ਼ਨ ਸੰਗਰੂਰ ਦੇ ਉੱਦਮ ਸਦਕਾ ਡੇਰਾ ਬਾਬਾ ਭਾਈ ਗੁਰਦਾਸ ਜੀ ਵਿਖੇ ਸਿਲਾਈ ਸੈਂਟਰ ਦਾ ਉਦਘਾਟਨ ਕੀਤਾ ਗਿਆ। ਇਸ ਸੈਂਟਰ ਵਿੱਚ ਪਿੰਡ ਦੇ ਪਤਵੰਤੇ ਸੱਜਣਾਂ ਨੇ ਵਧ ਚੜ੍ਹ ਕੇ ਹਿੱਸਾ ਲਿਆ। ਸੈਂਟਰ ਦਾ ਉਦਘਾਟਨ ਕਰਨ ਲਈ ਕੈਪਟਨ ਹਰਭਜਨ ਸਿੰਘ ਖੇੜੀ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ। ਉਨ੍ਹਾਂ ਆਪਣੇ ਵਿਚਾਰਾਂ ਰਾਹੀਂ ਸਿਲਾਈ ਕਢਾਈ ਦੇ ਕੰਮਾਂ, ਤੇ ਹੋਰ ਸਵੈ ਰੋਜ਼ਗਾਰ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਹਰ ਇਨਸਾਨ ਨੂੰ ਜ਼ਿੰਦਗੀ ਵਿੱਚ ਕੁਝ ਨਾਂ ਕੁਝ ਜਰੂਰ ਕਰਨਾ ਚਾਹੀਦਾ ਹੈ, ਤਾਂ ਕਿ ਆਪਣੇ ਪਰਿਵਾਰ ਨੂੰ ਪਾਲਣ ਲਈ ਮੁਸ਼ਕਲਾਂ ਦਾ ਸਾਹਮਣਾ ਨਾਂ ਕਰਨਾ ਪਵੇ। ਅਸੀ ਪਿੰਡ -ਪਿੰਡ ਜਾ ਕੇ ਉਨ੍ਹਾਂ ਗ਼ਰੀਬ ਪਰਿਵਾਰ ਦੇ ਬੱਚਿਆਂ ਨੂੰ ਸਿਲਾਈ ਸੈਂਟਰ ਖੁੱਲ੍ਹਵਾ ਰਹੇ ਹਾਂ, ਤਾਂ ਕਿ ਉਹ ਸਿਲਾਈ ਕਢਾਈ ਦਾ ਕੰਮ ਸਿੱਖ ਕੇ ਆਪਣੇ ਰੋਜ਼ਗਾਰ ਨੂੰ ਵਧੀਆ ਤਰੀਕੇ ਨਾਲ ਤੋਰ ਸਕਣ।ਇਸ ਸਮੇਂ ਸੰਸਥਾ ਦੇ ਮੁਖੀ ਹਰਦੀਪ ਸਿੰਘ ਬਾਜਵਾ ਨੇ ਸੰਸਥਾ ਵੱਲੋਂ ਚਲਾਏ ਜਾ ਰਹੇ ਕੰਮਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਅਸੀ ਉਹਨਾਂ ਪਿੰਡਾਂ ਵਿੱਚ ਜਾ ਕੇ ਸੈਂਟਰ ਖੁੱਲ੍ਹਵਾ ਰਹੇ ਹਾਂ। ਉਨ੍ਹਾਂ ਕਿਹਾ ਕਿ ਸਾਡੀ ਸੰਸਥਾ ਵੱਲੋਂ ਖ਼ੂਨਦਾਨ ਕੈਂਪ, ਨਸ਼ਾ ਛਡਾਉਣ ਲਈ ਕੈਂਪ, ਗ਼ਰੀਬ ਪਰਿਵਾਰ ਦੀਆਂ ਕੁੜੀਆਂ ਦੇ ਵਿਆਹ ਕਰਨ ਸਬੰਧੀ ਅਤੇ ਸਕੂਲਾਂ ਵਿੱਚ ਗ਼ਰੀਬ ਪਰਿਵਾਰ ਦੇ ਬੱਚਿਆਂ ਨੂੰ ਮੁਫਤ ਕਿਤਾਬਾਂ ਦੇਣਾ ਸੰਸਥਾ ਦੇ ਕੰਮ ਹਨ। ਇਸ ਸਮੇਂ ਸੰਸਥਾ ਦੇ ਆਹੁਦੇਦਾਰਾਂ ਆਪਣੇ ਵਿਚਾਰ ਸਾਂਝੇ ਕੀਤੇ ਗਏ।ਇਸ ਸਮੇਂ ਸੰਸਥਾ ਦੇ ਪੰਜਾਬ ਪ੍ਰਧਾਨ ਜਗਮੇਲ ਸਿੰਘ ਰੋਗਲਾ, ਮੀਤ ਪ੍ਰਧਾਨ ਸੁਮਨ ਲਤਾ ਸੰਗਰੂਰ, ਜਨਰਲ ਸਕੱਤਰ ਗੋਬਿੰਦ ਸਿੰਘ ਤੂੰਗਾ, ਪ੍ਰੈੱਸ ਸਕੱਤਰ ਗੁਰਜੰਟ ਸਿੰਘ ਛਾਂਗਾ, ਜਿਲ੍ਹਾ ਪ੍ਰਧਾਨ ਰਾਜਪਾਲ ਚੋਪੜਾ, ਸੁਪਰਵਾਈਜ਼ਰ ਹਰਜੀਤ ਕੌਰ ਚੋਟੀਆਂ, ਗੁਰਮੀਤ ਕੌਰ ਨੰਗਲਾ, ਸੁਪਰਵਾਈਜ਼ਰ ਹਰਦੀਪ ਕੌਰ ਸੇਖੂਵਾਸ, ਸਿਖਲਾਈ ਟੀਚਰ ਨਿਰਮਲਾ ਦੇਵੀ, ਸੁਪਰਵਾਈਜ਼ਰ ਕਿਰਪਾ ਰਾਣੀ ਦੇਮਰੂ ਖ਼ੁਰਦ (ਮੋਗਾ) ਤੋਂ ਇਲਾਵਾ ਪਿੰਡ ਦੀ ਸਰਪੰਚ ਕੁਲਦੀਪ ਕੌਰ ਸੇਖੂਵਾਸ, ਉਨ੍ਹਾਂ ਦਾ ਸਪੁੱਤਰ ਜਸਪ੍ਰੀਤ ਸਿੰਘ ਜੱਸੀ, ਮੇਜਰ ਸਿੰਘ , ਹਰਬੰਸ ਸਿੰਘ , ਨਿਰਮਲ ਸਿੰਘ, ਜੱਗੀ ਪੰਚ, ਸੰਦੀਪ ਸਿੰਘ ਪੰਚ ਅਤੇ ਪੱਤਵੰਤੇ ਸੱਜਣ ਹਾਜ਼ਰ ਸਨ।

## ਕੈਬਨਿਟ ਮੰਤਰੀ ਸੰਜੀਵ ਅਰੋੜਾ ਵੱਲੋਂ ਰਾਜਪੁਰਾ ਵਿੱਚ ਸ਼੍ਰੀਮਤੀ ਬੈਕਟਰਸ ਫੂਡ ਸਪੈਸ਼ਲਿਟੀਜ਼ ਦੀ ਅਤਿ-ਆਧੁਨਿਕ ਸਹੂਲਤ ਦਾ ਦੌਰਾ



**ਆਜ਼ਾਦ ਸੋਚ,**
**ਰਾਜਪੁਰਾ, 28 ਮਾਰਚ:**
=============

ਪੰਜਾਬ ਦੇ ਉਦਯੋਗ ਅਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਅਤੇ ਸਥਾਨਕ ਸਰਕਾਰਾਂ ਬਾਰੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਅੱਜ ਰਾਜਪੁਰਾ ਵਿਖੇ ਸ਼੍ਰੀਮਤੀ ਬੈਕਟਰਸ ਫੂਡ ਸਪੈਸ਼ਲਿਟੀਜ਼ ਲਿਮਟਿਡ ਦੀ ਅਤਿ-ਆਧੁਨਿਕ ਨਿਰਮਾਣ ਸਹੂਲਤ ਦਾ ਦੌਰਾ ਕੀਤਾ, ਜਿਸ ਨਾਲ ਸੂਬਾ ਸਰਕਾਰ ਦੇ ਉਦਯੋਗਿਕ ਵਿਕਾਸ ਅਤੇ ਨਿਵੇਸ਼ਕਾਂ ਦੇ ਵਿਸ਼ਵਾਸ ਨੂੰ ਮਜ਼ਬੂਤ ??ਕਰਨ 'ਤੇ ਨਿਰੰਤਰ ਧਿਆਨ ਕੇਂਦਰਿਤ ਕੀਤਾ ਗਿਆ।
2018 ਵਿੱਚ ਸਥਾਪਿਤ ਅਤੇ 32 ਏਕੜ ਵਿੱਚ ਫੈਲੀ, ਰਾਜਪੁਰਾ ਯੂਨਿਟ ਦੀ ਮਾਸਿਕ ਉਤਪਾਦਨ ਸਮਰੱਥਾ ਲਗਭਗ 6,200 ਟਨ ਹੈ। ਇਸ ਸਹੂਲਤ ਵਿੱਚ 2,000 ਤੋਂ ਵੱਧ ਕਾਮੇ ਕੰਮ ਕਰਦੇ ਹਨ ਅਤੇ ਇਸਨੇ 350 ਤੋਂ ਵੱਧ ਔਰਤਾਂ ਲਈ ਰੁਜ਼ਗਾਰ ਸਮੇਤ ਮਹੱਤਵਪੂਰਨ ਰੋਜ਼ੀ-ਰੋਟੀ ਦੇ ਮੌਕੇ ਪੈਦਾ ਕੀਤੇ ਹਨ। ਕੰਪਨੀ ਆਪਣੇ ਮਹਿਲਾ ਕਰਮਚਾਰੀਆਂ ਲਈ ਇੱਕ ਸਮਰਪਿਤ ਹੋਸਟਲ ਸਹੂਲਤ ਬਣਾਉਣ ਦੀ ਵੀ ਯੋਜਨਾ ਬਣਾ ਰਹੀ ਹੈ, ਜਿਸ ਨਾਲ ਸਮਾਵੇਸ਼ੀ ਉਦਯੋਗਿਕ ਵਿਕਾਸ ਨੂੰ ਹੋਰ ਉਤਸ਼ਾਹਿਤ ਕੀਤਾ ਜਾ ਸਕੇ। ਭਾਰਤ ਦੇ ਫੂਡ ਪ੍ਰੋਸੈਸਿੰਗ ਸੈਕਟਰ ਵਿੱਚ ਇੱਕ ਮੋਹਰੀ ਨਾਮ, ਸ਼੍ਰੀਮਤੀ ਬੈਕਟਰਸ ਫੂਡ ਸਪੈਸ਼ਲਿਟੀਜ਼ ਨੇ 2026 ਵਿੱਚ ਲਗਭਗ ?2,100 ਕਰੋੜ ਦੀ ਵਿਕਰੀ ਦੀ ਰਿਪੋਰਟ ਦਿੱਤੀ। ਕੰਪਨੀ ਦੇਸ਼ ਭਰ ਵਿੱਚ ਨੌਂ ਪਲਾਂਟਾਂ ਵਿੱਚ ਬਿਸਕੁਟ, ਬਰੈੱਡ, ਬੇਕਰੀ ਆਈਟਮਾਂ ਅਤੇ ਜੰਮੇ ਹੋਏ ਭੋਜਨ ਸਮੇਤ ਉਤਪਾਦਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਦਾ ਨਿਰਮਾਣ ਕਰਦੀ ਹੈ। ਉੱਨਤ ਨਿਰਮਾਣ ਸਹੂਲਤਾਂ ਵਿੱਚ ਲਗਭਗ ?1,500 ਕਰੋੜ ਦੇ ਨਿਵੇਸ਼ ਨਾਲ, ਕੰਪਨੀ 70 ਤੋਂ ਵੱਧ ਦੇਸ਼ਾਂ ਵਿੱਚ ਆਪਣੇ ਉਤਪਾਦਾਂ ਦਾ ਨਿਰਯਾਤ ਕਰਦੀ ਹੈ ਅਤੇ 900 ਤੋਂ ਵੱਧ ਵਿਤਰਕਾਂ ਦੇ ਨੈਟਵਰਕ ਦੁਆਰਾ ਸਮਰਥਤ 5.5 ਲੱਖ ਤੋਂ ਵੱਧ ਪ੍ਰਚੂਨ ਆਉਟਲੈਟਾਂ ਵਿੱਚ ਇੱਕ ਮਜ਼ਬੂਤ ??ਘਰੇਲੂ ਮੌਜੂਦਗੀ ਬਣਾਈ ਰੱਖਦੀ ਹੈ। ਇਹ ਵਰਤਮਾਨ ਵਿੱਚ ਪੰਜਾਬ ਵਿੱਚ ਦੂਜਾ ਸਭ ਤੋਂ ਵੱਡਾ ਬਿਸਕੁਟ ਨਿਰਮਾਤਾ ਹੈ, ਜਿਸਦਾ ਮਾਰਕੀਟ ਸ਼ੇਅਰ 14% ਤੋਂ ਵੱਧ ਹੈ।
ਦੌਰੇ ਦੌਰਾਨ, ਮੰਤਰੀ ਨੇ ਵੱਖ-ਵੱਖ ਵਿਸ਼ੇਸ਼ ਨਿਰਮਾਣ ਇਕਾਈਆਂ ਦਾ ਦੌਰਾ ਕੀਤਾ ਅਤੇ ਕਾਰੀਗਰੀ, ਆਟੋਮੇਸ਼ਨ ਦੇ ਉੱਚ ਮਿਆਰਾਂ, ਅਤੇ ਸਹੂਲਤ ਵਿੱਚ ਬਣਾਈ ਗਈ ਗੁਣਵੱਤਾ ਅਤੇ ਸੁਰੱਖਿਆ ਪ੍ਰੋਟੋਕੋਲ ਦੀ ਸਖਤੀ ਨਾਲ ਪਾਲਣਾ ਦੀ ਸ਼ਲਾਘਾ ਕੀਤੀ। ਇਸ ਮੌਕੇ ਬੋਲਦਿਆਂ, ਮੈਨੇਜਿੰਗ ਡਾਇਰੈਕਟਰ ਅਨੂਪ ਬੈਕਟਰ ਨੇ ਪੰਜਾਬ ਦੇ ਉਦਯੋਗਿਕ ਵਾਤਾਵਰਣ ਪ੍ਰਣਾਲੀ ਵਿੱਚ ਪੂਰਾ ਵਿਸ਼ਵਾਸ ਪ੍ਰਗਟ ਕੀਤਾ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕੰਪਨੀ ਦੇ ਨਿਰੰਤਰ ਨਿਵੇਸ਼ ਘਰੇਲੂ ਅਤੇ ਅੰਤਰਰਾਸ਼ਟਰੀ ਬਾਜ਼ਾਰ ਪਹੁੰਚ ਦਾ ਵਿਸਤਾਰ ਕਰਦੇ ਹੋਏ ਇਸਦੇ ਉਤਪਾਦ ਪੋਰਟਫੋਲੀਓ ਨੂੰ ਹੋਰ ਮਜ਼ਬੂਤ ਕਰਨਗੇ। ਸ੍ਰੀ ਬੈਕਟਰ ਨੇ ਮੰਤਰੀ ਸੰਜੀਵ ਅਰੋੜਾ ਦੀ ਸਰਗਰਮ ਅਗਵਾਈ ਅਤੇ ਕਾਰਜਸ਼ੀਲ ਪਹੁੰਚ ਦੀ ਵੀ ਸ਼ਲਾਘਾ ਕੀਤੀ, ਪੰਜਾਬ ਦੇ ਉਦਯੋਗਿਕ ਪਰਿਵਰਤਨ ਨੂੰ ਅੱਗੇ ਵਧਾਉਣ ਵਿੱਚ ਉਨ੍ਹਾਂ ਦੇ ਯਤਨਾਂ ਨੂੰ ਸਵੀਕਾਰ ਕੀਤਾ। ਉਨ੍ਹਾਂ ਨੇ ਪੰਜਾਬ ਸਰਕਾਰ ਦੀਆਂ ਪ੍ਰਗਤੀਸ਼ੀਲ ਉਦਯੋਗਿਕ ਨੀਤੀਆਂ ਦੀ ਹੋਰ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਪਹਿਲਕਦਮੀਆਂ ਮਾਲੀਆ ਪੈਦਾ ਕਰਨ ਅਤੇ ਪੰਜਾਬ ਨੂੰ ਦੇਸ਼ ਵਿੱਚ ਉਦਯੋਗਿਕ ਵਿਕਾਸ ਲਈ ਇੱਕ ਮੋਹਰੀ ਸਥਾਨ ਵਜੋਂ ਸਥਾਪਤ ਕਰਨ ਲਈ ਤਿਆਰ ਹਨ।ਸਰਕਾਰ ਦੇ ਵਿਜ਼ਨ ਨੂੰ ਦੁਹਰਾਉਂਦੇ ਹੋਏ, ਮੰਤਰੀ ਸੰਜੀਵ ਅਰੋੜਾ ਨੇ ਜ਼ੋਰ ਦੇ ਕੇ ਕਿਹਾ ਕਿ ਮਾਣਯੋਗ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਯੋਗ ਅਗਵਾਈ ਹੇਠ, ਪੰਜਾਬ ਉਦਯੋਗਿਕ ਵਿਸਥਾਰ ਨੂੰ ਸੁਚਾਰੂ ਬਣਾਉਣ ਅਤੇ ਰਾਜ ਵਿੱਚ ਨਵੇਂ ਨਿਵੇਸ਼ਾਂ ਨੂੰ ਆਕਰਸ਼ਿਤ ਕਰਨ ਲਈ ਇੱਕ ਕਾਰੋਬਾਰ-ਅਨੁਕੂਲ ਵਾਤਾਵਰਣ, ਵਿਸ਼ਵ ਪੱਧਰੀ ਬੁਨਿਆਦੀ ਢਾਂਚਾ ਅਤੇ ਨੀਤੀਗਤ ਸਹਾਇਤਾ ਪ੍ਰਦਾਨ ਕਰਨ ਲਈ ਵਚਨਬੱਧ ਹੈ।ਇਸ ਦੌਰੇ ਵਿੱਚ ਪੀਆਰਟੀਸੀ ਦੇ ਵਾਈਸ ਚੇਅਰਮੈਨ ਬਲਵਿੰਦਰ ਸਿੰਘ ਝਾਰਵਾਂ, ਐਸਡੀਐਮ ਨਮਨ, ਜੀਐਮ ਡੀਆਈਸੀ ਅਰਸ਼ਦੀਪ, ਈਓ ਅਵਤਾਰ, ਅਤੇ ਸ਼੍ਰੀਮਤੀ ਬੈਕਟਰਸ ਫੂਡ ਸਪੈਸ਼ਲਿਟੀਜ਼ ਦੇ ਸੀਨੀਅਰ ਪ੍ਰਬੰਧਨ ਵੀ ਉਨ੍ਹਾਂ ਦੇ ਨਾਲ ਸਨ।

## ਜੇਜੀ ਕਾਲਜ ਵਿਖੇ ਨਤੀਜਿਆਂ 'ਚੋਂ ਮੋਹਰੀ ਵਿਦਿਆਰਥੀ ਸਨਮਾਨੇ



**ਅਜ਼ਾਦ ਸੋਚ,**
**ਸ਼ੰਭੂ ਗੋਇਲ,**
**ਲਹਿਰਾਗਾਗਾ, 28 ਮਾਰਚ:**
=============

ਬਾਬਾ ਨਾਨਕ ਐਜੂਕੇਸ਼ਨ ਸੁਸਾਇਟੀ ਚੰਡੀਗੜ੍ਹ ਦੇ ਚੇਅਰਮੈਨ ਇੰਦਰਜੀਤ ਸਿੰਘ ਜੇਜੀ ਅਤੇ ਡਾਇਰੈਕਟਰ ਮੈਡਮ ਹਰਮਨ ਜੇਜੀ ਵੱਲੋਂ ਚਲਾਏ ਜਾ ਰਹੇ ਕਾਲਜ ਜਸਮੇਰ ਸਿੰਘ ਜੇਜੀ ਕਾਲਜ ਵਿਖੇ ਪ੍ਰਿੰਸੀਪਲ ਅਮਨਦੀਪ ਸਿੰਘ ਅਤੇ ਮੁੱਖ ਸਲਾਹਕਾਰ ਪ੍ਰੋ ਹਰਦੀਪ ਸਿੰਘ ਦੀ ਅਗਵਾਈ ਵਿੱਚ ਗਿਆਰਵੀਂ ਕਲਾਸ ਦੇ ਇੰਚਾਰਜ ਪ੍ਰੋਫੈਸਰ ਸੁਖਜਿੰਦਰ ਕੌਰ, ਜਗਸੀਰ ਸਿੰਘ ਅਤੇ ਕਮਰਸ ਵਿਭਾਗ ਦੇ ਇੰਚਾਰਜ ਪ੍ਰੋਫੈਸਰ ਗੀਤਾ ਰਾਣੀ ਅਤੇ ਰਵਿੰਦਰ ਕੌਰ ਵੱਲੋਂ ਅੱਜ ਗਿਆਰਵੀਂ ਕਲਾਸ ਦਾ ਨਤੀਜ਼ਾ ਐਲਾਨਿਆ ਗਿਆ। ਅਲਾਣੇ ਨਤੀਜਿਆਂ ਸਬੰਧੀ ਪ੍ਰਿੰਸੀਪਲ ਅਮਨਦੀਪ ਸਿੰਘ ਨੇ ਦੱਸਿਆ ਕਿ ਆਰਟਸ ਵਿਭਾਗ ਵਿੱਚੋਂ ਨੀਸ਼ਾ ਰਾਣੀ ਨੇ ਫਸਟ, ਰਮਨ ਨੇ ਸੈਕਿੰਡ ਅਤੇ ਗੁਰਮੁਖ ਸਿੰਘ ਨੇ ਥਰਡ ਪੁਜੀਸ਼ਨ ਪ੍ਰਾਪਤ ਕੀਤੀ। ਕਮਰਸ ਵਿਭਾਗ ਵਿੱਚੋਂ ਫਸਟ ਹਰਵੀਨ ਕੌਰ, ਸੈਕਿੰਡ ਜੋਤੀ ਅਤੇ ਥਰਡ ਪੁਜੀਸ਼ਨ ਖੁਸ਼ਪ੍ਰੀਤ ਕੌਰ ਨੇ ਪ੍ਰਾਪਤ ਕੀਤੀ। ਪ੍ਰਿੰਸੀਪਲ ਅਮਨਦੀਪ ਸਿੰਘ ਵੱਲੋਂ ਇਨ੍ਹਾਂ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਆਪਣੀ ਆਉਣ ਵਾਲੇ ਭਵਿੱਖ ਵਿੱਚ ਇਸ ਤੋਂ ਵੀ ਵੱਧ ਮਿਹਨਤ ਕਰਨ ਦੀ ਸਲਾਹ ਦਿੱਤੀ। ਇਸ ਸਮੇਂ ਕਾਲਜ ਦਾ ਸਾਰਾ ਸਟਾਫ ਮੌਜੂਦ ਸੀ।

## ਖ਼ਾਲਸਾ ਸਕੂਲ ਨੇ ਪ੍ਰਾਇਮਰੀ ਵਿੰਗ ਦਾ ਨਤੀਜਾ ਐਲਾਨਿਆ

**ਆਜ਼ਾਦ ਸੋਚ,**
**ਅੰਕੁਸ਼ ਕੁਮਾਰ,**
**ਸ਼੍ਰੀ ਅਨੰਦਪੁਰ ਸਾਹਿਬ, 28 ਮਾਰਚ:**
=============



ਚੀਫ਼ ਖ਼ਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਸਭ ਤੋਂ ਪੁਰਾਤਨ ਵਿੱਦਿਅਕ ਸੰਸਥਾ ਐਸ. ਜੀ. ਐਸ. ਖ਼ਾਲਸਾ ਸੀ ਸੈ ਸਕੂਲ ਵੱਲੋਂ ਅੱਜ ਪ੍ਰਾਇਮਰੀ ਵਿੰਗ ਦਾ ਨਤੀਜਾ ਐਲਾਨਿਆ ਗਿਆ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਨੇ ਦੱਸਿਆ ਕਿ ਅੱਜ ਪਹਿਲੀ ਜਮਾਤ ਤੋਂ ਲੈ ਕੇ ਪੰਜਵੀਂ ਜਮਾਤ ਤੱਕ ਪੰਜਾਬੀ ਮਾਧਿਅਮ ਅਤੇ ਪਹਿਲੀ ਜਮਾਤ ਤੋਂ ਲੈ ਕੇ ਅੱਠਵੀਂ ਜਮਾਤ ਤੱਕ ਅੰਗਰੇਜ਼ੀ ਮਾਧਿਅਮ ਦਾ ਨਤੀਜਾ ਐਲਾਨਿਆ ਗਿਆ । ਅੱਜ ਦੇ ਇਸ ਸਮਾਗਮ ਦੇ ਵਿੱਚ ਸਕੂਲ ਦੇ ਪੱਤਰ ਵਿਹਾਰਕ ਪੱਖਰ ਸਿੰਘ ਭੱਠਲ , ਸਕੂਲ ਮੈਨੇਜਰ ਕੁਲਦੀਪ ਸਿੰਘ ਨੰਬਰਦਾਰ ਅਤੇ ਡਾਇਰੈਕਟਰ ਐਜੂਕੇਸ਼ਨ ਗੁਰਮਿੰਦਰ ਸਿੰਘ ਭੁੱਲਰ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ । ਇਸ ਮੌਕੇ ਉਤੇ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਵੱਲੋਂ ਵੱਡੀ ਗਿਣਤੀ ਵਿੱਚ ਸਕੂਲ ਪਹੁੰਚੇ ਮਾਤਾ-ਪਿਤਾ ਨੂੰ ਜੀ ਆਇਆ ਕਿਹਾ ਗਿਆ । ਉਹਨਾਂ ਨੇ ਮੋਹਰੀ ਸਥਾਨ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਵਿਦਿਆਰਥੀ ਆਉਣ ਵਾਲੀਆਂ ਜਮਾਤਾਂ ਦੇ ਵਿੱਚ ਹੋਰ ਮਿਹਨਤ ਕਰਨ ਅਤੇ ਜ਼ਿੰਦਗੀ ਵਿੱਚ ਕਾਮਯਾਬ ਇਨਸਾਨ ਬਣਨ । ਉਹਨਾਂ ਕਿਹਾ ਕਿ ਸਕੂਲ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵੱਲ ਵਿਸ਼ੇਸ਼ ਧਿਆਨ ਦੇ ਰਿਹਾ ਹੈ । ਐਨਸੀਸੀ ਅਫਸਰ ਰਣਜੀਤ ਸਿੰਘ ਨੇ ਮਾਤਾ ਪਿਤਾ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਕੂਲ ਦੇ ਵਿੱਚ ਸਰਕਾਰੀ ਸਹਾਇਤਾ ਪ੍ਰਾਪਤ ਐਨਸੀਸੀ ਦਾ ਆਰਮੀ ਦਾ ਵਿੰਗ ਚੱਲ ਰਿਹਾ ਹੈ। ਅੱਠਵੀਂ ਜਮਾਤ ਜਾਂ ਇਸ ਤੋਂ ਉੱਪਰ ਵਾਲੇ ਵਿਦਿਆਰਥੀ ਐਨਸੀਸੀ ਦਾ ਫਾਇਦਾ ਜਰੂਰ ਲੈਣ ਕਿਉਂਕਿ ਐਨਸੀਸੀ ਦਾ 'ਏ' ਸਰਟੀਫਿਕੇਟ ਪ੍ਰਾਪਤ ਕੈਡਿਟਾਂ ਨੂੰ ਫੌਜ ਅਤੇ ਨੀਮ ਫ਼ੌਜੀ ਬਲਾਂ ਵਿੱਚ ਭਰਤੀ ਹੋਣ ਵੇਲੇ ਪਹਿਲ ਦਿੱਤੀ ਜਾਂਦੀ ਹੈ। ਇਸ ਮੌਕੇ ਉੱਤੇ ਬੋਲਦਿਆਂ ਸਕੂਲ ਦੇ ਪੱਤਰ ਵਿਹਾਰਕ ਪਾਖਰ ਸਿੰਘ ਭੱਠਲ ਨੇ ਕਿਹਾ ਕਿ ਅੱਜ ਦੇ ਸਮੇਂ ਦੇ ਵਿੱਚ ਮਾਤਾ ਪਿਤਾ ਅਤੇ ਅਧਿਆਪਕਾਂ ਦੇ ਵਿੱਚ ਤਾਲਮੇਲ ਹੋਣਾ ਬਹੁਤ ਜਰੂਰੀ ਹੈ । ਉਹਨਾਂ ਮਾਤਾ ਪਿਤਾ ਨੂੰ ਤਾਕੀਦ ਕੀਤੀ ਕਿ ਉਹ ਸਮੇਂ ਸਮੇਂ ਉੱਤੇ ਸਕੂਲ ਆ ਕੇ ਆਪਣੇ ਬੱਚਿਆਂ ਦੀ ਪ੍ਰਗਤੀ ਰਿਪੋਰਟ ਲੈਂਦੇ ਰਹਿਣ। । ਇਸ ਮੌਕੇ ਉੱਤੇ ਕਾਲਸ ਵਿੱਚ ਪਹਿਲੇ ਸਥਾਨ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ । ਇਸ ਸਮਾਗਮ ਵਿੱਚ ਜਸਪ੍ਰੀਤ ਸਿੰਘ, ਹਰਸ਼ਦੀਪ ਕੌਰ , ਦਲਜੀਤ ਕੌਰ , ਸ਼ੁਭਰਾ ਸ਼ਰਮਾਂ , ਹਰਪ੍ਰੀਤ ਕੌਰ ਸਮੇਤ ਸਮੂਹ ਸਟਾਫ਼ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਅਤੇ ਮਾਤਾ-ਪਿਤਾ ਹਾਜ਼ਰ ਸਨ।

## ਮਾਨਸਾ ਪੁਲਿਸ 22.50 ਗ੍ਰਾਮ ਹੈਰੋਇਨ, 12 ਬੋਤਲਾਂ ਸ਼ਰਾਬ ਠੇਕਾ ਦੇਸੀ ਪੰਜਾਬ ਅਤੇ 30 ਲੀਟਰ ਲਾਹਣ ਬਰਾਮਦ

**ਆਜ਼ਾਦ ਸੋਚ,**
**ਵਿਰੇਂਦਰਪਾਲ ਮੰਤਰੋ,**
**ਮਾਨਸਾ, 28 ਮਾਰਚ:**
=============

ਸ੍ਰੀ ਭਾਗੀਰਥ ਸਿੰਘ ਮੀਨਾ, ਆਈ.ਪੀ.ਐੱਸ. ਸੀਨੀਅਰ ਕਪਤਾਨ ਪੁਲਿਸ ਮਾਨਸਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਡਾਇਰੈਕਟਰ ਜਨਰਲ ਪੁਲਿਸ ਪੰਜਾਬ ਸ੍ਰੀ ਗੌਰਵ ਯਾਦਵ ਆਈ.ਪੀ.ਐੱਸ ਦੇ ਆਦੇਸ਼ਾਂ ਅਤੇ ਸ੍ਰੀ ਹਰਜੀਤ ਸਿੰਘ ਆਈ.ਪੀ.ਐੱਸ. ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਬਠਿੰਡਾ ਰੇਂਜ ਦੀ ਅਗਵਾਈ ਹੇਠ ਮਾਨਸਾ ਪੁਲਿਸ ਵੱਲੋਂ ਵੱਖ ਵੱਖ ਥਾਣਿਆ ਵਿੱਚ 05 ਮੁਕੱਦਮੇ ਦਰਜ ਕਰਕੇ 04 ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾ ਪਾਸੋ 22.50 ਗ੍ਰਾਮ ਹੈਰੋਇਨ, 12 ਬੋਤਲਾਂ ਸ਼ਰਾਬ ਠੇਕਾ ਦੇਸੀ ਪੰਜਾਬ ਅਤੇ 30 ਲੀਟਰ ਲਾਹਣ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ। ਸੀਨੀਅਰ ਕਪਤਾਨ ਪੁਲਿਸ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਹੈ ਕਿ ਥਾਣਾ ਝੁਨੀਰ ਦੀ ਪੁਲਿਸ ਟੀਮ ਨੇ ਸਤਨਾਮ ਸਿੰਘ ਪੁੱਤਰ ਜਗਸੀਰ ਸਿੰਘ ਵਾਸੀ ਨੰਗਲ ਕਲਾਂ ਪਾਸੋ 10 ਗ੍ਰਾਮ ਹੈਰੋਇਨ(ਚਿੱਟਾ) ਬਰਾਮਦ ਹੋਣ 'ਤੇ ਮੁਕੱਦਮਾ ਨੰ. 44 ਮਿਤੀ 27.03.26 ਅ/ਧ 21 ਐਨ.ਡੀ.ਪੀ.ਐਸ ਐਕਟ ਥਾਣਾ ਝੁਨੀਰ ਤਹਿਤ ਦਰਜ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ ਹੈ। ਥਾਣਾ ਬੋਹਾ ਦੀ ਪੁਲਿਸ ਟੀਮ ਨੇ ਕਰਮਜੀਤ ਸਿੰਘ ਉਰਫ ਕੰਮਾ ਪੁੱਤਰ ਉੱਤਮ ਸਿੰਘ ਪੁੱਤਰ ਜੱਗਰ ਸਿੰਘ ਵਾਸੀ ਵਾਰਡ ਨੰਬਰ 07, ਬੋਹਾ ਪਾਸੋ 5.50 ਗ੍ਰਾਮ ਹੈਰੋਇਨ ਬਰਾਮਦ ਹੋਣ 'ਤੇ ਮੁਕੱਦਮਾ ਨੰ. 53 ਮਿਤੀ 27.03.26 ਅ/ਧ 21 ਐਨ.ਡੀ.ਪੀ.ਐਸ ਐਕਟ ਥਾਣਾ ਬੋਹਾ ਤਹਿਤ ਦਰਜ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ। ਥਾਣਾ ਭੀਖੀ ਦੀ ਪੁਲਿਸ ਟੀਮ ਨੇ ਸੁਖਚੈਨ ਸਿੰਘ ਉਰਫ ਸੁੱਖਾ ਪੁੱਤਰ ਹਰਨੇਕ ਸਿੰਘ ਵਾਸੀ ਮੱਤੀ ਪਾਸੋ 12 ਬੋਤਲਾਂ ਸ਼ਰਾਬ ਠੇਕਾ ਦੇਸੀ ਪੰਜਾਬ ਰਾਝਾ ਸੌਫੀ ਬਰਾਮਦ ਹੋਣ 'ਤੇ ਮੁਕੱਦਮਾ ਨੰ. 74 ਮਿਤੀ 27.03.26 ਅ/ਧ 61/1/14 ਆਬਕਾਰੀ ਐਕਟ ਥਾਣਾ ਭੀਖੀ ਤਹਿਤ ਦਰਜ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ। ਥਾਣਾ ਸਦਰ ਮਾਨਸਾ ਦੀ ਪੁਲਿਸ ਟੀਮ ਨੇ ਰਾਜ ਸਿੰਘ ਉਰਫ ਲਾਲੀ ਪੁੱਤਰ ਸਰਵਣ ਸਿੰਘ ਵਾਸੀ ਤਾਮਕੋਟ ਦੇ ਘਰੋਂ 30 ਲੀਟਰ ਲਾਹਣ ਬਰਾਮਦ ਹੋਣ 'ਤੇ ਮੁਕੱਦਮਾ ਨੰ. 96 ਮਿਤੀ 27.03.26 ਅ/ਧ 61/1/14 ਆਬਕਾਰੀ ਐਕਟ ਥਾਣਾ ਸਦਰ ਮਾਨਸਾ ਅਤੇ ਤਹਿਤ ਦਰਜ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਦੀ। ਥਾਣਾ ਸਰਦੂਲਗੜ੍ਹ ਦੀ ਪੁਲਿਸ ਟੀਮ ਨੇ ਸਤਵੀਰ ਪੁੱਤਰ ਜਗਦੀਸ਼ ਪੁੱਤਰ ਸੱਦਤ ਵਾਸੀ ਵਾਰਡ ਨੰਬਰ 09 ਝੰਡਾ ਖੁਰਦ ਪਾਸੋ 07 ਗ੍ਰਾਮ ਹੈਰੋਇਨ ਬਰਾਮਦ ਹੋਣ 'ਤੇ ਮੁਕੱਦਮਾ ਨੰ. 72 ਮਿਤੀ 27.03.26 ਅ/ਧ 21 ਐਨ.ਡੀ.ਪੀ.ਐਸ ਐਕਟ ਥਾਣਾ ਸਰਦੂਲਗੜ੍ਹ ਤਹਿਤ ਦਰਜ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ।

## ਹਰਿਆਣਾ ਵਿੱਚ ਐਲਪੀਜੀ ਸਿਲੰਡਰ ਨਾਲ ਜੁੜੀ ਕੋਈ ਸਮੱਸਿਆ ਨਹੀਂ, ਸਪਲਾਈ ਨਿਰਵਿਘਨ ਜਾਰੀ : ਰਾਜੇਸ਼ ਨਾਗਰ

**ਆਜ਼ਾਦ ਸੋਚ,**
**ਚੰਡੀਗੜ੍ਹ, 28 ਮਾਰਚ :**
=============

ਹਰਿਆਣਾ ਦੇ ਖੁਰਾਕ ਅਤੇ ਸਪਲਾਈ ਮੰਤਰੀ ਸ਼੍ਰੀ ਰਾਜੇਸ਼ ਨਾਗਰ ਨੇ ਕਿਹਾ ਕਿ ਸੂਬੇ ਵਿੱਚ ਐਲਪੀਜੀ ਸਿਲੰਡਰ ਨਾਲ ਜੁੜੀ ਕੋਈ ਸਮੱਸਿਆ ਨਹੀਂ ਹੈ। ਸੂਬੇ ਵਿੱਚ ਗੈਸ ਸਿਲੰਡਰਾਂ ਦੀ ਸਪਲਾਈ ਨਿਰਵਿਘਨ ਜਾਰੀ ਹੈ। ਉਨ੍ਹਾਂ ਨੇ ਸਾਰੇ ਖਪਤਕਾਰਾਂ ਨੂੰ ਅਪੀਲ ਕੀਤੀ ਕਿ ਜਿੱਥੇ-ਜਿੱਥੇ ਪੀਐਨਜੀ ਗੈਸ ਦੀ ਸਪਲਾਈ ਮੌਜੂਦ ਹੈ, ਉੱਥੇ ਵੱਧ ਤੋਂ ਵੱਧ ਖਪਤਕਾਰ ਪੀਐਨਜੀ ਗੈਸ ਦੇ ਕਨੈਕਸ਼ਨ ਲੈਣ। ਮੰਤਰੀ ਸ਼੍ਰੀ ਰਾਜੇਸ਼ ਨਾਗਰ ਨੇ ਦੱਸਿਆ ਕਿ ਅੱਜ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿੱਚ ਕੇਂਦਰੀ ਊਰਜਾ, ਆਵਾਸ ਅਤੇ ਸ਼ਹਿਰੀ ਮਾਮਲੇ ਮੰਤਰੀ ਸ਼੍ਰੀ ਮਨੋਹਰ ਲਾਲ, ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਅਤੇ ਨਵੀਂ ਤੇ ਨਵੀਕਰਣੀ ਊਰਜਾ ਮੰਤਰੀ ਸ਼੍ਰੀ ਪ੍ਰਹਿਲਾਦ ਜੋਸ਼ੀ ਅਤੇ ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰੀ ਨੇ ਸਾਰੇ ਰਾਜਾਂ ਦੇ ਖੁਰਾਕ ਅਤੇ ਸਪਲਾਈ ਮੰਤਰੀਆਂ ਨਾਲ ਮੀਟਿੰਗ ਕੀਤੀ ਅਤੇ ਰਾਜਾਂ ਦੀ ਮੌਜੂਦਾ ਸਥਿਤੀ ਦੀ ਸਮੀਖਿਆ ਕੀਤੀ ਗਈ। ਮੀਟਿੰਗ ਦੌਰਾਨ ਸਭ ਤੋਂ ਸੁਝਾਅ ਲਏ ਗਏ ਅਤੇ ਸੰਭਾਵੀ ਸਮੱਸਿਆਵਾਂ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਰਾਜ ਵਿੱਚ ਐਲਪੀਜੀ ਗੈਸ ਦੀ ਸਪਲਾਈ ਪੂਰੀ ਤਰ੍ਹਾਂ ਆਮ ਹੈ ਅਤੇ ਕਿਤੇ ਵੀ ਕਿਸੇ ਕਿਸਮ ਦੀ ਘਾਟ ਦੀ ਕੋਈ ਸੂਚਨਾ ਨਹੀਂ ਹੈ।ਖੁਰਾਕ ਅਤੇ ਸਪਲਾਈ ਮੰਤਰੀ ਸ਼੍ਰੀ ਰਾਜੇਸ਼ ਨਾਗਰ ਨੇ ਦੱਸਿਆ ਕਿ ਸੂਬੇ ਵਿੱਚ ਫ਼ਸਲ ਦੀ ਖਰੀਦ ਨੂੰ ਲੈ ਕੇ ਮੰਡੀਆਂ ਵਿੱਚ ਸਾਰੇ ਪ੍ਰਬੰਧ ਮੁਕੰਮਲ ਹਨ। ਇਸ ਸਬੰਧੀ ਸਾਰੇ ਜ਼ਿਲ੍ਹਾ ਡਿਪਟੀ ਕਮਿਸ਼ਨਰਾਂ ਨੂੰ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਖੁਦ ਵੀ ਕੁਝ ਮੰਡੀਆਂ ਦਾ ਦੌਰਾ ਕੀਤਾ ਹੈ, ਜਿੱਥੇ ਲਗਭਗ ਸਾਰੇ ਪ੍ਰਬੰਧ ਸਹੀ ਪਾਏ ਗਏ। ਮੰਤਰੀ ਸ਼੍ਰੀ ਰਾਜੇਸ਼ ਨਾਗਰ ਨੇ ਪੈਟਰੋਲ ਅਤੇ ਡੀਜ਼ਲ ਦੀ ਉਪਲਬਧਤਾ ਬਾਰੇ ਸਪੱਸ਼ਟ ਕੀਤਾ ਕਿ ਰਾਜ ਵਿੱਚ ਤੇਲ ਦੀ ਸਪਲਾਈ ਨਿਰਵਿਘਨ ਜਾਰੀ ਹੈ। ਕੁਝ ਪੈਟਰੋਲ ਪੰਪਾਂ 'ਤੇ ਆਈ ਅਸਥਾਈ ਸਮੱਸਿਆ ਵਾਹਨਾਂ ਦੀ ਤਕਨੀਕੀ ਖਰਾਬੀ ਕਾਰਨ ਸੀ, ਜਿਸ ਨੂੰ ਤੁਰੰਤ ਠੀਕ ਕਰ ਲਿਆ ਗਿਆ। ਮੰਤਰੀ ਨਾਗਰ ਨੇ ਭਰੋਸਾ ਜਤਾਇਆ ਕਿ ਜਿਵੇਂ ਰਾਜ ਨੇ ਕੋਵਿਡ-19 ਦੇ ਔਖੇ ਸਮੇਂ ਵਿੱਚ ਇਕਜੁੱਟ ਹੋ ਕੇ ਚੁਣੌਤੀਆਂ ਦਾ ਸਾਹਮਣਾ ਕੀਤਾ ਸੀ, ਉਸੇ ਤਰ੍ਹਾਂ ਮੌਜੂਦਾ ਹਾਲਾਤ ਵਿੱਚ ਵੀ ਸਰਕਾਰ ਅਤੇ ਪ੍ਰਸ਼ਾਸਨ ਪੂਰੀ ਤਰ੍ਹਾਂ ਸੁਚੇਤ ਅਤੇ ਤਿਆਰ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਅਤੇ ਪੂਰੀ ਟੀਮ ਸਥਿਤੀ 'ਤੇ ਲਗਾਤਾਰ ਨਜ਼ਰ ਰੱਖ ਰਹੀ ਹੈ ਅਤੇ ਰਾਜ ਵਿੱਚ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਨਹੀਂ ਹੋਣ ਦਿੱਤੀ ਜਾਵੇਗੀ।

## ਘਨੌਰ ਵਿਖੇ ਪੇਂਡੂ ਚੌਕੀਦਾਰ ਯੂਨੀਅਨ ਦੀ ਪੰਜਾਬ ਬਾਡੀ ਦੀ ਚੋਣ, ਰਾਮ ਮੂਰਤੀ ਸੋਗਲਪੁਰ ਸੂਬਾ ਪ੍ਰਧਾਨ ਚੁਣੇ



**ਆਜ਼ਾਦ ਸੋਚ,**
**ਭਾਗ ਸਿੰਘ ਅੰਟਾਲ,**
**ਅਭਿਸ਼ੇਕ ਸੂਦ,**
**ਘਨੌਰ, 28 ਮਾਰਚ :**
=============

ਪੇਂਡੂ ਚੌਕੀਦਾਰ ਯੂਨੀਅਨ ਦੀ ਪੰਜਾਬ ਬਾਡੀ ਅਤੇ ਹੋਰ ਆਗੂਆਂ ਦੀ ਇੱਕ ਅਹਿਮ ਮੀਟਿੰਗ ਸਬ ਤਹਿਸੀਲ ਘਨੌਰ ਵਿਖੇ ਹੋਈ, ਜਿਸ ਵਿੱਚ ਯੂਨੀਅਨ ਦੇ ਅਹੁਦੇਦਾਰਾਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ। ਇਹ ਨਵੀਂ ਟੀਮ ਅਗਲੇ ਪੰਜ ਸਾਲਾਂ ਲਈ ਆਪਣੀਆਂ ਜ਼ਿੰਮੇਵਾਰੀਆਂ ਨਿਭਾਏਗੀ। ਚੋਣ ਦੌਰਾਨ ਫਕੀਰ ਸਿੰਘ ਮੈਹਸ ਸਰਪ੍ਰਸਤ ਅਤੇ ਰਾਮ ਮੂਰਤੀ ਸੋਗਲਪੁਰ ਨੂੰ ਸੂਬਾ ਪ੍ਰਧਾਨ ਚੁਣਿਆ ਗਿਆ। ਇਸ ਤੋਂ ਇਲਾਵਾ ਧੰਨਾ ਸਿੰਘ ਜੰਡਮੰਘੋਲੀ ਸੀ,ਮੀਤ ਪ੍ਰਧਾਨ ਅਤੇ ਬੋਧ ਰਾਜ ਪਠਾਨਕੋਟ ਨੂੰ ਮੀਤ ਪ੍ਰਧਾਨ ਬਣਾਇਆ ਗਿਆ।ਇਸੇ ਤਰ੍ਹਾਂ ਸੋਮ ਨਾਥ ਕਾਮੀ ਕਲਾਂ ਨੂੰ ਜਨਰਲ ਸੈਕਟਰੀ ਅਤੇ ਕੇਸਰ ਸਿੰਘ ਚਪੜ ਨੂੰ ਖਜਾਨਚੀ ਚੁਣਿਆ ਗਿਆ। ਇਸ ਤੋਂ ਇਲਾਵਾ ਨਿਰਮੈਲ ਸਿੰਘ ਮੰਡਿਆਣਾ ਮੈਂਬਰ, ਰਘਬੀਰ ਦਾਸ ਪਠਾਨਕੋਟ ਮੈਂਬਰ, ਹਰਵਿੰਦਰ ਸਿੰਘ ਮੂੰਡਖੇੜਾ ਸਹਾਇਕ ਖਜਾਨਚੀ, ਅਵਤਾਰ ਸਿੰਘ ਸਰਾਲਾ ਕਲਾਂ ਮੈਂਬਰ, ਸੁਖਦੇਵ ਸਿੰਘ ਕਾਮੀ ਖੁਰਦ ਮੈਂਬਰ, ਹਜ਼ੂਰਾ ਸਿੰਘ ਹਰਪਾਲਪੁਰ ਸੀ.ਮੈਂਬਰ ਅਤੇ ਜਤਿੰਦਰ ਸਿੰਘ ਕੱਕੜਵਾਲ (ਸੰਗਰੂਰ) ਨੂੰ ਮੈਂਬਰ ਚੁਣਿਆ ਗਿਆ।ਮੀਟਿੰਗ ਦੌਰਾਨ ਚੌਕੀਦਾਰਾਂ ਨੂੰ ਦਰਪੇਸ਼ ਸਮੱਸਿਆਵਾਂ ਅਤੇ ਯੂਨੀਅਨ ਨੂੰ ਹੋਰ ਮਜ਼ਬੂਤ ਬਣਾਉਣ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਨਵੇਂ ਚੁਣੇ ਗਏ ਸੂਬਾ ਪ੍ਰਧਾਨ ਰਾਮ ਮੂਰਤੀ ਸੋਗਲਪੁਰ ਨੇ ਕਿਹਾ ਕਿ ਯੂਨੀਅਨ ਵੱਲੋਂ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਚੌਕੀਦਾਰ ਭਾਈਚਾਰੇ ਦੇ ਹੱਕਾਂ ਦੀ ਰੱਖਿਆ ਲਈ ਹਮੇਸ਼ਾ ਅੱਗੇ ਰਹਿਣਗੇ। ਉਨ੍ਹਾਂ ਕਿਹਾ ਕਿ ਯੂਨੀਅਨ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਚੌਕੀਦਾਰਾਂ ਦੀਆਂ ਮੰਗਾਂ ਨੂੰ ਸਰਕਾਰ ਤੱਕ ਪਹੁੰਚਾਉਣ ਲਈ ਸਾਰੇ ਮੈਂਬਰ ਇਕਜੁੱਟ ਹੋ ਕੇ ਕੰਮ ਕਰਨਗੇ।ਇਸ ਸਬੰਧੀ ਜਾਣਕਾਰੀ ਯੂਨੀਅਨ ਦੇ ਸਲਾਹਕਾਰ ਓਮਕਾਰ ਸ਼ਰਮਾ ਵੱਲੋਂ ਦਿੱਤੀ ਗਈ।

## ਦਾਣਾ ਮੰਡੀ ਚੌਂਕ 'ਚ ਭਿਆਨਕ ਹਾਦਸਾ, ਟਿੱਪਰ ਦੀ ਟੱਕਰ ਨਾਲ ਔਰਤ ਦੀ ਮੌਤ

**ਆਜ਼ਾਦ ਸੋਚ,**
**ਤਰਸੇਮ ਵਰਮਾ,**
**ਧੂਰੀ, 28 ਮਾਰਚ:**
=============



ਸੰਗਰੂਰ ਰੋਡ ਸਥਿਤ ਦਾਣਾ ਮੰਡੀ ਚੌਂਕ ਚ ਇੱਕ ਭਿਆਨਕ ਸੜਕ ਹਾਦਸਾ ਵਾਪਰ ਗਿਆ। ਜਾਣਕਾਰੀ ਅਨੁਸਾਰ ਇੱਕ ਤੇਜ਼ ਰਫ਼ਤਾਰ ਟਿੱਪਰ ਨੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ। ਜਿਸ ਕਾਰਨ ਮੋਟਰਸਾਈਕਲ ਤੇ ਪਿੱਛੇ ਬੈਠੀ ਔਰਤ ਮਨਜੀਤ ਕੌਰ ਪਤਨੀ ਪਰਮਜੀਤ ਸਿੰਘ ਉਮਰ 40 ਸਾਲ ਘਨੌਰੀ ਦੀ ਮੌਕੇ ਤੇ ਹੀ ਮੌਤ ਹੋ ਗਈ। ਜਦਕਿ ਮੋਟਰਸਾਈਕਲ ਚਲਾ ਰਿਹਾ ਵਿਅਕਤੀ ਗੰਭੀਰ ਰੂਪ ਵਿੱਚ ਜਖਮੀ ਹੋ ਗਿਆ। ਹਾਦਸੇ ਤੋਂ ਬਾਅਦ ਟਿੱਪਰ ਚਾਲਕ ਜੋ ਕਿ ਪਿੰਡ ਬੇਨੜੇ ਦਾ ਹੈ ਵਾਹਨ ਸਮੇਤ ਮੌਕੇ ਤੋਂ ਫਰਾਰ ਹੋ ਗਿਆ। ਘਟਨਾ ਦੀ ਸੂਚਨਾ ਮਿਲਣ ਤੇ ਪੁਲਿਸ ਅਤੇ ਸਥਾਨਕ ਲੋਕ ਮੌਕੇ ਤੇ ਪਹੁੰਚੇ ਅਤੇ ਐਂਬੂਲੈਂਸ ਨੂੰ ਬੁਲਾ ਕੇ ਜਖਮੀ ਨੂੰ ਇਲਾਜ ਲਈ ਭੇਜਿਆ ਗਿਆ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਮੰਡੀਆਂ ਵਿੱਚ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਅਸਹੂਲਤ ਨਹੀਂ ਹੋਣੀ ਚਾਹੀਦੀ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਆਜ਼ਾਦ ਸੋਚ,**
**ਚੰਡੀਗੜ੍ਹ, 28 ਮਾਰਚ :**
=============

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਰਬੀ ਖਰੀਦ ਸੀਜ਼ਨ ਸਾਲ 2026-27 ਦੌਰਾਨ ਆਪਣੀ ਫ਼ਸਲ ਵੇਚਣ ਲਈ ਮੰਡੀਆਂ ਵਿੱਚ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਅਸੁਵਿਧਾ ਨਹੀਂ ਹੋਣੀ ਚਾਹੀਦੀ।ਮੁੱਖ ਮੰਤਰੀ ਅੱਜ ਚੰਡੀਗੜ੍ਹ ਵਿੱਚ ਖੁਰਾਕ ਵਿਭਾਗ ਅਤੇ ਫ਼ਸਲ ਖਰੀਦ ਨਾਲ ਜੁੜੀਆਂ ਹੋਰ ਏਜੰਸੀਆਂ ਦੇ ਅਧਿਕਾਰੀਆਂ ਦੀ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਇਸ ਮੌਕੇ ਉਨ੍ਹਾਂ ਰਬੀ ਖਰੀਦ ਸੀਜ਼ਨ ਦੌਰਾਨ ਕੀਤੇ ਗਏ ਪ੍ਰਬੰਧਾਂ ਦੀ ਸਮੀਖਿਆ ਵੀ ਕੀਤੀ। ਮੀਟਿੰਗ ਵਿੱਚ ਮੁੱਖ ਮੰਤਰੀ ਨੂੰ ਜਾਣਕਾਰੀ ਦਿੱਤੀ ਗਈ ਕਿ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਰਬੀ ਦੌਰਾਨ ਰਾਜ ਦੀਆਂ ਮੰਡੀਆਂ ਵਿੱਚ ਆਉਣ ਵਾਲੇ ਅਨਾਜ ਦੀ ਖਰੀਦ ਭਾਰਤ ਸਰਕਾਰ ਵੱਲੋਂ ਨਿਰਧਾਰਤ ਘੱਟੋ-ਘੱਟ ਸਮਰਥਨ ਮੁੱਲ 'ਤੇ ਕੀਤੀ ਜਾਵੇਗੀ। ਆਉਂਦੀ 1 ਅਪ੍ਰੈਲ, 2026 ਤੋਂ ਕਣਕ ਦੀ ਖਰੀਦ ਸ਼ੁਰੂ ਕੀਤੀ ਜਾ ਰਹੀ ਹੈ ਅਤੇ ਭਾਰਤ ਸਰਕਾਰ ਵੱਲੋਂ ਇਸ ਰਬੀ ਖਰੀਦ ਸੀਜ਼ਨ ਲਈ 72 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਦਾ ਟੀਚਾ ਨਿਰਧਾਰਤ ਕੀਤਾ ਗਿਆ ਹੈ।ਮੀਟਿੰਗ ਵਿੱਚ ਦੱਸਿਆ ਗਿਆ ਕਿ ਸਰ੍ਹੋਂ ਦੀ ਖਰੀਦ ਦਾ ਕੰਮ ਅੱਜ 28 ਮਾਰਚ ਤੋਂ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਸਾਲ ਰਾਜ ਸਰਕਾਰ ਵੱਲੋਂ ਲਗਭਗ 13 ਲੱਖ ਟਨ ਸਰ੍ਹੋਂ ਦੀ ਖਰੀਦ ਕੀਤੀ ਜਾਣੀ ਹੈ, ਜਿਸ ਵਿੱਚੋਂ 25 ਫੀਸਦੀ 'ਪ੍ਰਾਈਸ ਸਪੋਰਟ ਸਕੀਮ' ਤਹਿਤ ਕੇਂਦਰ ਸਰਕਾਰ ਦੀਆਂ ਏਜੰਸੀਆਂ (ਨੈਫੇਡ ਅਤੇ ਐਨ.ਸੀ.ਸੀ.ਐਫ.) ਅਤੇ ਬਾਕੀ 75 ਫੀਸਦੀ ਰਾਜ ਦੀਆਂ ਖਰੀਦ ਸੰਸਥਾਵਾਂ (ਹੈਫੇਡ ਅਤੇ ਹਰਿਆਣਾ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਵੱਲੋਂ 50:50 ਫੀਸਦੀ) ਵੱਲੋਂ ਕੀਤੀ ਜਾਵੇਗੀ।ਮੁੱਖ ਮੰਤਰੀ ਨੂੰ ਅਧਿਕਾਰੀਆਂ ਨੇ ਜਾਣਕਾਰੀ ਦਿੱਤੀ ਕਿ ਇਸ ਸਾਲ ਕਣਕ ਦੀ ਖਰੀਦ ਲਈ ਰਾਜ ਵਿੱਚ 416, ਸਰ੍ਹੋਂ ਲਈ 112, ਜੌਂ ਲਈ 25, ਛੋਲਿਆਂ ਲਈ 11 ਅਤੇ ਮਸਰਾਂ ਲਈ 7 ਮੰਡੀਆਂ ਤੈਅ ਕੀਤੀਆਂ ਗਈਆਂ ਹਨ।ਅਧਿਕਾਰੀਆਂ ਨੇ ਦੱਸਿਆ ਕਿ ਰਾਜ ਵਿੱਚ ਰਬੀ ਦੀਆਂ ਫ਼ਸਲਾਂ ਦੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਚਲਾਉਣ ਲਈ ਰਾਜ ਸਰਕਾਰ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਪੋਰਟਲਾਂ ਵਿੱਚ ਕਈ ਸੁਧਾਰ ਕੀਤੇ ਗਏ ਹਨ। ਇਨ੍ਹਾਂ ਵਿੱਚ ਰਾਜ ਦੇ ਸਾਰੇ ਕਿਸਾਨ ਜੋ ਆਪਣੀ ਉਪਜ ਵੇਚਣ ਲਈ ਜਿਹੜਾ ਵੀ ਵਾਹਨ ਮੰਡੀਆਂ ਵਿੱਚ ਲੈ ਕੇ ਆਉਣਗੇ, ਉਨ੍ਹਾਂ ਵਾਹਨਾਂ 'ਤੇ ਵਾਹਨ ਨੰਬਰ ਸਪਸ਼ਟ ਲਿਖਿਆ ਹੋਣਾ ਲਾਜ਼ਮੀ ਕੀਤਾ ਗਿਆ ਹੈ। ਇਸ ਸਾਲ ਸਾਰੀਆਂ ਮੰਡੀਆਂ ਵਿੱਚ ਖਰੀਦ ਕਾਰਜਾਂ ਲਈ ਜੀਓ-ਫੈਂਸਡ ਕੀਤੀ ਗਈ ਹੈ। ਕਿਸਾਨਾਂ ਦੀ ਆਮਦ ਦੇ ਸਾਰੇ ਗੇਟ ਪਾਸ 'ਈ-ਖਰੀਦ' ਮੋਬਾਈਲ ਐਪ ਰਾਹੀਂ ਕੱਟੇ ਜਾਣਗੇ।ਇਸੇ ਤਰ੍ਹਾਂ, ਇਸ ਸਾਲ ਕਿਸਾਨਾਂ ਦੀ ਉਪਜ ਦੀ ਬੋਲੀ ਸਮੇਂ "ਮੇਰੀ ਫਸਲ ਮੇਰਾ ਬਿਓਰਾ" ਪੋਰਟਲ 'ਤੇ ਰਜਿਸਟਰਡ ਕਿਸਾਨ ਜਾਂ ਉਸ ਦੇ ਤਿੰਨ ਪ੍ਰਤੀਨਿਧੀਆਂ ਵਿੱਚੋਂ ਕਿਸੇ ਇੱਕ ਦੀ ਬਾਇਓਮੈਟ੍ਰਿਕ ਪ੍ਰਸ਼ਟੀ ਹੋਣੀ ਜ਼ਰੂਰੀ ਹੈ। ਬਾਇਓਮੈਟ੍ਰਿਕ ਪ੍ਰਸ਼ਟੀ ਲਈ ਹਰਿਆਣਾ ਰਾਜ ਦੀਆਂ ਸਾਰੀਆਂ ਮੰਡੀਆਂ ਵਿੱਚ ਪ੍ਰਬੰਧ ਕੀਤੇ ਜਾ ਚੁੱਕੇ ਹਨ। ਖਰੀਦ ਕਾਰਜਾਂ ਦੌਰਾਨ ਸਾਰੇ ਕਿਸਮ ਦੇ ਗੇਟ ਪਾਸ ਅਤੇ ਹੋਰ ਖਰੀਦ ਕੰਮ ਮੋਬਾਈਲ ਐਪ ਰਾਹੀਂ ਹੀ ਚਲਾਏ ਜਾਣਗੇ।ਇਸ ਤੋਂ ਇਲਾਵਾ, ਰਾਜ ਦੀਆਂ ਸਾਰੀਆਂ ਮੰਡੀਆਂ ਦੇ ਆਉਣ ਅਤੇ ਜਾਣ ਵਾਲੇ ਗੇਟਾਂ 'ਤੇ ਸੀ.ਸੀ.ਟੀ.ਵੀ. ਕੈਮਰੇ ਲਗਾਏ ਗਏ ਹਨ, ਜਿਨ੍ਹਾਂ ਦੀ ਹਾਲਤ ਅਤੇ ਦਿਸ਼ਾ ਸਹੀ ਹੋਣ ਨੂੰ ਯਕੀਨੀ ਬਣਾਉਣ ਲਈ ਸਾਰੇ ਅਧਿਕਾਰੀਆਂ ਨੂੰ ਨਿਰਦੇਸ਼ ਵੀ ਦਿੱਤੇ ਗਏ ਹਨ।ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਰਾਜ ਦੀਆਂ ਸਾਰੀਆਂ ਮੰਡੀਆਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਫ਼ਸਲ ਵੇਚਣ ਵਾਲੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਮੀਟਿੰਗ ਵਿੱਚ ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਸ੍ਰੀ ਅਰੁਣ ਗੁਪਤਾ, ਵਧੀਕ ਮੁੱਖ ਸਕੱਤਰ ਸ੍ਰੀ ਵਿਜੇਂਦਰ ਕੁਮਾਰ, ਮੁੱਖ ਮੰਤਰੀ ਦੇ ਵਧੀਕ ਪ੍ਰਧਾਨ ਸਕੱਤਰ ਡਾ. ਸਾਕੇਤ ਕੁਮਾਰ, ਖੇਤੀਬਾੜੀ ਵਿਭਾਗ ਦੇ ਡਾਇਰੈਕਟਰ ਜਨਰਲ ਸ੍ਰੀ ਰਾਜਨਾਰਾਇਣ ਕੌਸ਼ਿਕ ਸਮੇਤ ਹੋਰ ਅਧਿਕਾਰੀ ਹਾਜ਼ਰ ਸਨ।

## ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅਯੋਧਿਆ ਲਈ ਤੀਰਥ ਯਾਤਰੀਆਂ ਦੀ ਅੰਬਾਲਾ ਤੋਂ ਵਿਸ਼ੇਸ਼ ਟ੍ਰੇਨ ਨੂੰ ਕੀਤਾ ਰਵਾਨਾ

**ਆਜ਼ਾਦ ਸੋਚ,**
**ਚੰਡੀਗੜ੍ਹ, 28 ਮਾਰਚ :**
=============

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅੱਜ ਅੰਬਾਲਾ ਤੋਂ ਅਯੋਧਿਆ ਲਈ ਤੀਰਥ ਯਾਤਰੀਆਂ ਦੀ ਵਿਸ਼ੇਸ਼ ਟ੍ਰੇਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਅਗਲੇ ਮਹੀਨੇ ਅਪ੍ਰੈਲ ਦੇ ਆਖਰੀ ਹਫ਼ਤੇ ਸ੍ਰੀ ਹਜ਼ੂਰ ਸਾਹਿਬ ਗੁਰਦੁਆਰਾ (ਨੰਦੇੜ, ਮਹਾਰਾਸ਼ਟਰ) ਲਈ ਤੀਰਥ ਯਾਤਰੀਆਂ ਵਾਸਤੇ ਵਿਸ਼ੇਸ਼ ਟ੍ਰੇਨ ਜਾਵੇਗੀ। ਇਸ ਤੋਂ ਪਹਿਲਾਂ, ਮੁੱਖ ਮੰਤਰੀ ਨੇ ਤੀਰਥ ਯਾਤਰੀਆਂ ਨੂੰ ਸੰਬੋਧਿਤ ਕਰਦਿਆਂ ਕਿਹਾ ਕਿ ਅੱਜ ਦਾ ਦਿਨ ਪੂਰੇ ਹਰਿਆਣਾ ਲਈ ਇੱਕ ਇਤਿਹਾਸਕ ਅਤੇ ਭਾਵੁਕ ਪਲ ਹੈ। ਭਗਵਾਨ ਸ੍ਰੀ ਕ੍ਰਿਸ਼ਨ ਦੀ ਇਸ ਪਵਿੱਤਰ ਧਰਤੀ ਤੋਂ ਭਗਵਾਨ ਸ੍ਰੀ ਰਾਮ ਦੀ ਜਨਮ ਭੂਮੀ, ਅਯੁੱਧਿਆ ਧਾਮ ਲਈ ਇਸ ਵਿਸ਼ੇਸ਼ ਤੀਰਥ ਟ੍ਰੇਨ ਨੂੰ ਰਵਾਨਾ ਕਰ ਰਹੇ ਹਨ, ਤਾਂ ਉਨ੍ਹਾਂ ਨੂੰ ਬਹੁਤ ਮਾਣ ਅਤੇ ਗੌਰਵ ਦਾ ਅਨੁਭਵ ਹੋ ਰਿਹਾ ਹੈ। ਉਨ੍ਹਾਂ ਨੇ ਯਾਤਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਯੋਧਿਆ ਵਿੱਚ ਬਣਿਆ ਭਗਵਾਨ ਸ੍ਰੀ ਰਾਮ ਜੀ ਦਾ ਆਲੀਸ਼ਾਨ, ਵੱਡਾ ਅਤੇ ਨਵਾਂ ਮੰਦਰ ਭਾਰਤ ਦਾ ਮਾਣ ਹੈ। ਇਹ ਸਾਡੇ ਸਾਰਿਆਂ ਦੇ ਪੁੰਨ ਕਰਮਾਂ ਦਾ ਹੀ ਫਲ ਹੈ ਕਿ ਅਸੀਂ ਅਯੋਧਿਆ ਵਿੱਚ ਸ੍ਰੀ ਰਾਮ ਲੱਲਾ ਦੀ ਪ੍ਰਾਣ ਪ੍ਰਤਿਸ਼ਠਾ ਦੇ ਗਵਾਹ ਬਣੇ ਹਾਂ ਅਤੇ ਹੁਣ ਉਨ੍ਹਾਂ ਦੇ ਦਰਸ਼ਨਾਂ ਲਈ ਜਾਣ ਦਾ ਸੁਭਾਗ ਮਿਲਿਆ ਹੈ। ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅਯੋਧਿਆ ਦੀ ਇਹ ਯਾਤਰਾ ਕੇਵਲ ਇੱਕ ਭੌਤਿਕ ਸਫ਼ਰ ਨਹੀਂ ਹੈ, ਇਹ ਇੱਕ ਅਧਿਆਤਮਿਕ ਪਰਿਵਰਤਨ ਦੀ ਯਾਤਰਾ ਹੈ। ਜਦੋਂ ਤੁਸੀਂ ਸਰਯੂ ਨਦੀ ਦੇ ਕੰਢੇ ਖੜ੍ਹੇ ਹੋਵੋਗੇ, ਜਦੋਂ ਤੁਸੀਂ ਹਨੂਮਾਨਗੜ੍ਹੀ ਦੇ ਦਰਸ਼ਨ ਕਰੋਗੇ ਅਤੇ ਜਦੋਂ ਤੁਸੀਂ ਉਸ ਵਿਸ਼ਾਲ ਰਾਮ ਮੰਦਰ ਦੀ ਦਹਿਲੀਜ਼ ਨੂੰ ਛੂਹੋਗੇ, ਤਾਂ ਤੁਹਾਨੂੰ ਉਸ ਊਰਜਾ ਦਾ ਅਨੁਭਵ ਹੋਵੇਗਾ ਜਿਸ ਨੇ ਭਾਰਤ ਨੂੰ 'ਵਿਸ਼ਵ ਗੁਰੂ' ਬਣਾਇਆ ਸੀ। ਉਨ੍ਹਾਂ ਦੱਸਿਆ ਕਿ ਹਰਿਆਣਾ ਸਰਕਾਰ ਨੇ ਤੀਰਥ ਯਾਤਰਾ ਲਈ ਰੇਲਵੇ ਨਾਲ ਅਨੁਬੰਧ ਕੀਤਾ ਹੈ। ਉਸ ਤੋਂ ਬਾਅਦ ਅੱਜ ਪਹਿਲੀ ਟ੍ਰੇਨ ਰਾਹੀਂ ਸੱਤ ਜ਼ਿਲ੍ਹਿਆਂ ਦੇ 700 ਬਜ਼ੁਰਗਾਂ ਨੂੰ ਭੇਜਿਆ ਜਾ ਰਿਹਾ ਹੈ। ਇਸ ਯਾਤਰਾ ਨੂੰ ਆਰਾਮਦਾਇਕ ਬਣਾਉਣ ਲਈ ਟ੍ਰੇਨ ਵਿੱਚ ਖਾਣ-ਪੀਣ ਅਤੇ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਇਸ ਲਈ ਉਹ ਰੇਲਵੇ ਵਿਭਾਗ ਦੇ ਅਧਿਕਾਰੀਆਂ ਦਾ ਵੀ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਵਿਸ਼ੇਸ਼ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਤਾਂ ਜੋ ਸਾਡੇ ਸ਼ਰਧਾਲੂਆਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਨਾ ਹੋਵੇ।ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦਾ ਇਹ ਸੰਕਲਪ ਹੈ ਕਿ ਸੂਬੇ ਦੇ ਬਜ਼ੁਰਗ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਸ਼ਰਧਾਲੂ, ਪੈਸੇ ਦੀ ਘਾਟ ਕਾਰਨ ਤੀਰਥ ਯਾਤਰਾ ਤੋਂ ਵਾਂਝੇ ਨਾ ਰਹਿਣ। ਇਸੇ ਉਦੇਸ਼ ਨਾਲ ਸਰਕਾਰ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦੀ ਸ਼ੁਰੂਆਤ ਕੀਤੀ ਹੈ। ਅੱਜ ਦੀ ਇਹ ਟ੍ਰੇਨ ਉਸੇ ਵਾਅਦੇ ਅਤੇ ਵਿਸ਼ਵਾਸ ਦਾ ਪ੍ਰਤੀਕ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਕੈਥਲ, ਕਰਨਾਲ, ਅੰਬਾਲਾ ਅਤੇ ਜੀਂਦ ਤੋਂ ਬੱਸਾਂ ਰਾਹੀਂ ਅਯੋਧਿਆ ਵਿੱਚ ਸ੍ਰੀ ਰਾਮ ਲੱਲਾ ਦੇ ਦਰਸ਼ਨ ਕਰਵਾਏ ਗਏ ਸਨ।ਉਨ੍ਹਾਂ ਕਿਹਾ ਕਿ ਅਯੋਧਿਆ ਵਰਗੇ ਤੀਰਥ ਭਾਰਤੀ ਸੰਸਕ੍ਰਿਤੀ ਦੇ ਜੀਵਨ ਦੀ ਊਰਜਾ ਦੇ ਸਰੋਤ ਹਨ। ਭਾਰਤੀ ਸਭਿਅਤਾ ਦੀ ਪਾਲਕ ਰਹੀ ਮਾਂ ਸਿੰਧੂ ਨਦੀ ਦੇ ਦਰਸ਼ਨਾਂ ਲਈ ਵੀ 'ਸਵਰਨ ਜਯੰਤੀ ਸਿੰਧੂ ਦਰਸ਼ਨ ਯੋਜਨਾ' ਚਲਾਈ ਜਾ ਰਹੀ ਹੈ। ਇਸ ਦੇ ਤਹਿਤ 10 ਹਜ਼ਾਰ ਰੁਪਏ ਪ੍ਰਤੀ ਤੀਰਥ ਯਾਤਰੀ (ਵੱਧ ਤੋਂ ਵੱਧ 50 ਯਾਤਰੀਆਂ ਤੱਕ) ਸਾਲਾਨਾ ਵਿੱਤੀ ਸਹਾਇਤਾ ਦੇਣ ਦਾ ਪ੍ਰਾਵਧਾਨ ਹੈ। ਇਸੇ ਤਰ੍ਹਾਂ, 'ਕੈਲਾਸ਼ ਮਾਨਸਰੋਵਰ ਯਾਤਰਾ' ਯੋਜਨਾ ਤਹਿਤ 50 ਹਜ਼ਾਰ ਰੁਪਏ ਪ੍ਰਤੀ ਤੀਰਥ ਯਾਤਰੀ (ਵੱਧ ਤੋਂ ਵੱਧ 50 ਯਾਤਰੀਆਂ ਤੱਕ) ਸਾਲਾਨਾ ਵਿੱਤੀ ਸਹਾਇਤਾ ਦੇਣ ਦਾ ਪ੍ਰਾਵਧਾਨ ਕੀਤਾ ਗਿਆ ਹੈ।ਮੁੱਖ ਮੰਤਰੀ ਨੇ ਦੱਸਿਆ ਕਿ ਸਵਰਨ ਜਯੰਤੀ ਗੁਰੂ ਦਰਸ਼ਨ ਯਾਤਰਾ ਯੋਜਨਾ ਤਹਿਤ ਸ੍ਰੀ ਹਜ਼ੂਰ ਸਾਹਿਬ ਗੁਰਦੁਆਰਾ (ਨੰਦੇੜ), ਸ੍ਰੀ ਨਨਕਾਣਾ ਸਾਹਿਬ, ਸ੍ਰੀ ਹੇਮਕੁੰਟ ਸਾਹਿਬ ਅਤੇ ਸ੍ਰੀ ਪਟਨਾ ਸਾਹਿਬ ਜਾਣ ਵਾਲੇ ਸੂਬੇ ਦੇ ਤੀਰਥ ਯਾਤਰੀਆਂ ਨੂੰ 6 ਹਜ਼ਾਰ ਰੁਪਏ ਪ੍ਰਤੀ ਤੀਰਥ ਯਾਤਰੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ। ਉਨ੍ਹਾਂ ਨੇ ਸਾਰੇ ਤੀਰਥ ਯਾਤਰੀਆਂ ਨੂੰ ਮੰਗਲਮਈ ਯਾਤਰਾ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸਾਬਕਾ ਮੰਤਰੀ ਸ੍ਰੀ ਅਸੀਮ ਗੋਇਲ, ਸੂਚਨਾ, ਲੋਕ ਸੰਪਰਕ ਅਤੇ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਨਰਲ ਸ੍ਰੀ ਕੇ. ਮਕਰੰਦ ਪਾਂਡੁਰੰਗ, ਮੁੱਖ ਮੰਤਰੀ ਦੇ ਓ.ਐਸ.ਡੀ. ਸ੍ਰੀ ਵਿਵੇਕ ਕਾਲੀਆ ਸਮੇਤ ਕਈ ਮਾਣਯੋਗ ਵਿਅਕਤੀ ਮੌਜੂਦ ਸਨ।

## ਸਿਹਤਮੰਦ ਅਤੇ ਸ਼ਕਤੀਸ਼ਾਲੀ ਰਾਸ਼ਟਰ ਦੇ ਨਿਰਮਾਣ ਦੀ ਦਿਸ਼ਾ ਵਿੱਚ ਇੱਕ ਜਨ ਅੰਦੋਲਨ ਹੈ ਫਿਟ ਇੰਡੀਆ ਮੁਹਿੰਮ : ਗੌਰਵ ਗੌਤਮ

**ਆਜ਼ਾਦ ਸੋਚ,**
**ਚੰਡੀਗੜ੍ਹ, 28 ਮਾਰਚ :**
=============

ਹਰਿਆਣਾ ਦੇ ਖੇਡ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਸਿਹਤਮੰਦ ਅਤੇ ਸਰਗਰਮ ਜੀਵਨ ਜਿਊਣ ਲਈ ਨਿਯਮਤ ਸਰੀਰਕ ਅਤੇ ਫਿਟਨੈਸ ਗਤੀਵਿਧੀਆਂ ਬਹੁਤ ਜ਼ਰੂਰੀ ਹਨ। ਫਿਟ ਇੰਡੀਆ ਸਿਰਫ ਇੱਕ ਮੁਹਿੰਮ ਨਹੀਂ, ਸਗੋਂ ਸਿਹਤਮੰਦ ਅਤੇ ਸ਼ਕਤੀਸ਼ਾਲੀ ਰਾਸ਼ਟਰ ਦੇ ਨਿਰਮਾਣ ਦੀ ਦਿਸ਼ਾ ਵਿੱਚ ਇੱਕ ਜਨ ਅੰਦੋਲਨ ਹੈ। ਸਾਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਖੇਡਾਂ ਅਤੇ ਸਰੀਰਕ ਗਤੀਵਿਧੀਆਂ ਨੂੰ ਸ਼ਾਮਲ ਕਰਕੇ ਫਿਟਨੈਸ ਨੂੰ ਆਪਣੀ ਆਦਤ ਬਣਾਉਣਾ ਹੋਵੇਗਾ। ਖੇਡ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਨੇ ਇਹ ਗੱਲ ਅੱਜ ਪਲਵਲ ਸਥਿਤ ਨੇਤਾਜੀ ਸੁਭਾਸ਼ ਚੰਦਰ ਬੋਸ ਸਟੇਡੀਅਮ ਵਿੱਚ 'ਫਿਟ ਇੰਡੀਆ-ਫਿਟ ਪਲਵਲ' ਮੁਹਿੰਮ ਦੌਰਾਨ ਕਹੀ। ਉਨ੍ਹਾਂ ਕਿਹਾ ਕਿ ਅਜਿਹੇ ਆਯੋਜਨ ਸਮਾਜ ਵਿੱਚ ਫਿਟਨੈਸ ਪ੍ਰਤੀ ਜਾਗਰੂਕਤਾ ਵਧਾਉਣ ਅਤੇ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਫਿਟ ਇੰਡੀਆ ਮੁਹਿੰਮ ਦਾ ਉਦੇਸ਼ ਸਿਰਫ਼ ਇੱਕ ਦਿਨ ਦਾ ਆਯੋਜਨ ਨਹੀਂ, ਸਗੋਂ ਲੋਕਾਂ ਦੇ ਜੀਵਨ ਵਿੱਚ ਨਿਯਮਤ ਤੌਰ 'ਤੇ ਫਿਟਨੈਸ ਨੂੰ ਸ਼ਾਮਲ ਕਰਨ ਦਾ ਸੰਦੇਸ਼ ਦੇਣਾ ਵੀ ਹੈ। ਉਨ੍ਹਾਂ ਨੇ ਮੌਜੂਦ ਨੌਜਵਾਨਾਂ ਨਾਲ ਸਿੱਧਾ ਸੰਵਾਦ ਕਰਦਿਆਂ ਕਿਹਾ ਕਿ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੇ ਸਾਲ 2047 ਤੱਕ ਭਾਰਤ ਨੂੰ 'ਵਿਕਸਿਤ ਅਤੇ ਆਤਮ-ਨਿਰਭਰ' ਦੇਸ਼ ਬਣਾਉਣ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਫਿੱਟ ਅਤੇ ਸਕਾਰਾਤਮਕ ਊਰਜਾ ਨਾਲ ਭਰਪੂਰ ਨੌਜਵਾਨਾਂ ਦੀ ਅਹਿਮ ਭੂਮਿਕਾ ਰਹੇਗੀ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੀ ਸਕਾਰਾਤਮਕ ਊਰਜਾ ਦੀ ਵਰਤੋਂ ਦੇਸ਼ ਨੂੰ ਅੱਗੇ ਲੈ ਜਾਣ ਅਤੇ ਅੱਗੇ ਵਧਾਉਣ ਵਿੱਚ ਕਰਨ। ਉਨ੍ਹਾਂ ਕਿਹਾ ਕਿ ਹਿੰਮਤ, ਸੰਘਰਸ਼ ਅਤੇ ਸਮਰਪਣ ਦੇ ਪ੍ਰਤੀਕ, ਸਕਾਰਾਤਮਕ ਊਰਜਾ ਨਾਲ ਭਰਪੂਰ ਨੌਜਵਾਨ ਹੀ ਸੂਬੇ ਦੀ ਤਰੱਕੀ, ਸ਼ਕਤੀ ਅਤੇ ਖੁਸ਼ਹਾਲੀ ਦੇ ਮਜ਼ਬੂਤ ਥੰਮ੍ਹ ਹਨ। ਉਨ੍ਹਾਂ ਨੌਜਵਾਨਾਂ ਦੇ ਉੱਜਵਲ, ਸਫਲ ਅਤੇ ਪ੍ਰੇਰਨਾਦਾਇਕ ਭਵਿੱਖ ਦੀ ਕਾਮਨਾ ਕੀਤੀ ਅਤੇ ਜੀਵਨ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਰਾਜ ਸਰਕਾਰ ਖੇਡਾਂ ਅਤੇ ਖਿਡਾਰੀਆਂ ਨੂੰ ਪ੍ਰੋਤਸਾਹਨ ਦੇਣ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਨੌਜਵਾਨਾਂ ਨੂੰ ਪ੍ਰੋਤਸਾਹਿਤ ਕਰਦਿਆਂ ਕਿਹਾ ਕਿ ਫਿੱਟ ਸਰੀਰ ਹੀ ਸਿਹਤਮੰਦ ਸਮਾਜ ਦੀ ਨੀਂਹ ਹੈ ਅਤੇ ਇਸ ਤਰ੍ਹਾਂ ਦੇ ਪ੍ਰੋਗਰਾਮ ਨੌਜਵਾਨਾਂ ਨੂੰ ਸਕਾਰਾਤਮਕ ਦਿਸ਼ਾ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਸਟੇਡੀਅਮ ਦਾ ਨਿਰੀਖਣ ਕਰਦਿਆਂ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਕਿਹਾ ਕਿ ਜ਼ਿਲ੍ਹੇ ਵਿੱਚ ਖੇਡਾਂ ਨੂੰ ਪ੍ਰੋਤਸਾਹਿਤ ਕਰਨ ਅਤੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਨੇਤਾਜੀ ਸੁਭਾਸ਼ ਚੰਦਰ ਬੋਸ ਸਟੇਡੀਅਮ ਦਾ 20 ਕਰੋੜ ਰੁਪਏ ਦੀ ਲਾਗਤ ਨਾਲ ਕਾਇਆਕਲਪ ਕੀਤਾ ਜਾਵੇਗਾ। ਪ੍ਰੋਗਰਾਮ ਦੇ ਅੰਤ ਵਿੱਚ ਵੱਖ-ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਸਾਰੇ ਪ੍ਰਤੀਭਾਗੀਆਂ ਨੂੰ ਭਵਿੱਖ ਵਿੱਚ ਵੀ ਅਜਿਹੇ ਆਯੋਜਨਾਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ।

## ਨਿਆਂ ਪ੍ਰਣਾਲੀ ਵਿੱਚ ਤਕਨਾਲੋਜੀ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਇੱਕ ਸਹਾਇਕ ਸਾਧਨ ਵਜੋਂ ਹੋਣੀ ਚਾਹੀਦੀ ਹੈ : ਜਸਟਿਸ ਅਗਸਟਿਨ ਜਾਰਜ ਮਸੀਹ

**ਆਜ਼ਾਦ ਸੋਚ,**
**ਚੰਡੀਗੜ੍ਹ, 28 ਮਾਰਚ :**
=============

ਭਾਰਤ ਦੀ ਸੁਪਰੀਮ ਕੋਰਟ ਦੇ ਜੱਜ ਜਸਟਿਸ ਅਗਸਟਿਨ ਜਾਰਜ ਮਸੀਹ ਨੇ ਕਿਹਾ ਕਿ ਨਿਆਂਇਕ ਪ੍ਰਣਾਲੀ ਵਿੱਚ ਤਕਨਾਲੋਜੀ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ (19) ਦੀ ਵਰਤੋਂ ਨਿਆਂ ਪ੍ਰਕਿਰਿਆ ਨੂੰ ਸੁਚਾਰੂ ਅਤੇ ਪ੍ਰਭਾਵੀ ਬਣਾਉਣ ਲਈ ਕੀਤੀ ਜਾਣੀ ਚਾਹੀਦੀ ਹੈ, ਪਰ ਅੰਤਿਮ ਫੈਸਲਾ ਲੈਣ ਦੀ ਜ਼ਿੰਮੇਵਾਰੀ ਹਮੇਸ਼ਾ ਜੱਜਾਂ ਦੀ ਹੋਣੀ ਚਾਹੀਦੀ ਹੈ। ਜਸਟਿਸ ਅਗਸਟਿਨ ਜਾਰਜ ਮਸੀਹ ਨੇ ਇਹ ਗੱਲ ਅੱਜ ਰਾਸ਼ਟਰੀ ਨਿਆਂਇਕ ਅਕਾਦਮੀ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਚੰਡੀਗੜ੍ਹ ਨਿਆਂਇਕ ਅਕਾਦਮੀ ਦੇ ਸਹਿਯੋਗ ਨਾਲ "ਤਕਨਾਲੋਜੀ ਰਾਹੀਂ ਕਾਨੂੰਨ ਦੀ ਭੂਮਿਕਾ ਨੂੰ ਅੱਗੇ ਵਧਾਉਣਾ: ਚੁਣੌਤੀਆਂ ਅਤੇ ਮੌਕੇ" ਵਿਸ਼ੇ 'ਤੇ ਆਯੋਜਿਤ ਖੇਤਰੀ ਕਾਨਫ੍ਰੰਸ ਨੂੰ ਸੰਬੋਧਿਤ ਕਰਦੇ ਹੋਏ ਕਹੀ। ਉਨ੍ਹਾਂ ਕਿਹਾ ਕਿ ਨਿਆਂ ਸਿਰਫ਼ ਮਾਮਲਿਆਂ ਨੂੰ ਤਕਨੀਕੀ ਜਾਂ ਮਕੈਨੀਕਲ ਢੰਗ ਨਾਲ ਨਿਪਟਾਉਣ ਦਾ ਵਿਸ਼ਾ ਨਹੀਂ ਹੈ, ਸਗੋਂ ਇਸ ਵਿੱਚ ਮਨੁੱਖੀ ਦ੍ਰਿਸ਼ਟੀਕੋਣ ਅਤੇ ਸੰਵੇਦਨਸ਼ੀਲਤਾ ਦਾ ਵੀ ਮਹੱਤਵਪੂਰਨ ਸਥਾਨ ਹੈ। ਤਕਨੀਕ, ਐਲਗੋਰਿਦਮ ਅਤੇ ਏਆਈ ਨਿਆਂਇਕ ਪ੍ਰਣਾਲੀ ਨੂੰ ਜਾਣਕਾਰੀ ਮੁਹੱਈਆ ਕਰਵਾਉਣ ਅਤੇ ਪ੍ਰਕਿਰਿਆਵਾਂ ਨੂੰ ਤੇਜ਼ ਕਰਨ ਵਿੱਚ ਸਹਾਇਕ ਹੋ ਸਕਦੇ ਹਨ, ਪਰ ਇਨ੍ਹਾਂ ਨੂੰ ਨਿਆਂ ਦੇਣ ਵਾਲੇ ਦੇ ਰੂਪ ਵਿੱਚ ਨਹੀਂ ਦੇਖਿਆ ਜਾ ਸਕਦਾ। ਮੌਜੂਦਾ ਹਾਲਾਤ ਵਿੱਚ ਨਿਆਂਇਕ ਫੈਸਲੇ ਦਾ ਅਧਿਕਾਰ ਅਤੇ ਜ਼ਿੰਮੇਵਾਰੀ ਜੱਜਾਂ ਕੋਲ ਹੀ ਰਹਿਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਡਿਜੀਟਲ ਅਤੇ ਇਲੈਕਟ੍ਰਾਨਿਕ ਤਕਨੀਕਾਂ ਵਿੱਚ ਅਪਾਰ ਸੰਭਾਵਨਾਵਾਂ ਹਨ ਅਤੇ ਉਹ ਨਿਆਂਇਕ ਪ੍ਰਣਾਲੀ ਵਿੱਚ ਪਾਰਦਰਸ਼ਤਾ ਅਤੇ ਕੁਸ਼ਲਤਾ ਵਧਾਉਣ ਵਿੱਚ ਮਦਦ ਕਰ ਸਕਦੀਆਂ ਹਨ। ਹਾਲਾਂਕਿ ਇਹ ਵੀ ਜ਼ਰੂਰੀ ਹੈ ਕਿ ਇਨ੍ਹਾਂ ਤਕਨੀਕਾਂ ਦਾ ਲਾਭ ਆਮ ਨਾਗਰਿਕਾਂ ਅਤੇ ਮੁਕੱਦਮੇਬਾਜ਼ਾਂ ਤੱਕ ਪ੍ਰਭਾਵੀ ਢੰਗ ਨਾਲ ਪਹੁੰਚੇ ਅਤੇ ਉਨ੍ਹਾਂ ਨੂੰ ਇਨ੍ਹਾਂ ਦੀ ਵਰਤੋਂ ਬਾਰੇ ਲੋੜੀਂਦੀ ਜਾਣਕਾਰੀ ਅਤੇ ਸਿਖਲਾਈ ਦਿੱਤੀ ਜਾਵੇ। ਜਸਟਿਸ ਅਗਸਟਿਨ ਜਾਰਜ ਮਸੀਹ ਨੇ ਕਿਹਾ ਕਿ ਤਕਨੀਕ ਦਾ ਉਦੇਸ਼ ਨਿਆਂ ਨੂੰ ਬਦਲਣਾ ਨਹੀਂ, ਸਗੋਂ ਨਿਆਂਇਕ ਪ੍ਰਕਿਰਿਆ ਨੂੰ ਵਧੇਰੇ ਪ੍ਰਭਾਵੀ, ਪਾਰਦਰਸ਼ੀ ਅਤੇ ਸਮਾਂਬੱਧ ਬਣਾਉਣਾ ਹੋਣਾ ਚਾਹੀਦਾ ਹੈ। ਜਸਟਿਸ ਮਸੀਹ ਨੇ ਨਿਆਂਪਾਲਿਕਾ, ਕਾਰਜਪਾਲਿਕਾ ਅਤੇ ਹੋਰ ਸੰਸਥਾਵਾਂ ਵਿੱਚ ਸਹਿਯੋਗ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਨਿਆਂਇਕ ਪ੍ਰਣਾਲੀ ਨਾਲ ਜੁੜੀਆਂ ਚੁਣੌਤੀਆਂ ਦੇ ਹੱਲ ਲਈ ਸਿਰਫ਼ ਸਮੱਸਿਆਵਾਂ ਨੂੰ ਸਾਹਮਣੇ ਲਿਆਉਣਾ ਹੀ ਕਾਫ਼ੀ ਨਹੀਂ ਹੈ, ਸਗੋਂ ਠੋਸ ਅਤੇ ਵਿਹਾਰਕ ਹੱਲ ਵੀ ਪੇਸ਼ ਕਰਨੇ ਹੋਣਗੇ।ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਸ਼ੀਲ ਨਾਗੂ ਨੇ ਨਿਆਂਇਕ ਖੇਤਰ ਵਿੱਚ ਤਕਨਾਲੋਜੀ ਦੀ ਵਧ ਰਹੀ ਭੂਮਿਕਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਤਕਨੀਕ ਨਿਆਂ ਪ੍ਰਣਾਲੀ ਨੂੰ ਵਧੇਰੇ ਪ੍ਰਭਾਵੀ, ਪਾਰਦਰਸ਼ੀ ਅਤੇ ਸੁਲਭ ਬਣਾਉਣ ਦਾ ਇੱਕ ਮਹੱਤਵਪੂਰਨ ਜ਼ਰੀਆ ਬਣ ਰਹੀ ਹੈ, ਪਰ ਇਸ ਦੀ ਵਰਤੋਂ ਵਿੱਚ ਨਿਆਂ ਦੇ ਮੂਲ ਸਿਧਾਂਤਾਂ ਦੀ ਰੱਖਿਆ ਵੀ ਉਨੀ ਹੀ ਜ਼ਰੂਰੀ ਹੈ। ਮੁੱਖ ਜੱਜ ਨੇ ਕਿਹਾ ਕਿ ਕਾਨੂੰਨ ਦਾ ਸ਼ਾਸਨ ਸਿਰਫ਼ ਇੱਕ ਸਿਧਾਂਤ ਨਹੀਂ ਹੈ, ਸਗੋਂ ਸਮਾਜ ਦੇ ਹਰ ਨਾਗਰਿਕ ਲਈ ਨਿਆਂ, ਨਿਰਪੱਖਤਾ ਅਤੇ ਸਮਾਨਤਾ ਦਾ ਭਰੋਸਾ ਹੈ। ਉਨ੍ਹਾਂ ਕਿਹਾ ਕਿ ਅਦਾਲਤਾਂ ਦੇ ਹਰ ਹੁਕਮ ਅਤੇ ਹਰ ਕਾਰਵਾਈ ਦਾ ਉਦੇਸ਼ ਇਸੇ ਭਰੋਸੇ ਨੂੰ ਮਜ਼ਬੂਤ ਕਰਨਾ ਹੁੰਦਾ ਹੈ। ਮੌਜੂਦਾ ਸਮੇਂ ਵਿੱਚ ਤਕਨਾਲੋਜੀ ਨੇ ਜੀਵਨ ਦੇ ਲਗਭਗ ਹਰ ਖੇਤਰ ਨੂੰ ਪ੍ਰਭਾਵਿਤ ਕੀਤਾ ਹੈ ਅਤੇ ਨਿਆਂ ਪ੍ਰਣਾਲੀ ਵੀ ਇਸ ਤੋਂ ਅਛੂਤੀ ਨਹੀਂ ਹੈ। ਅਦਾਲਤਾਂ ਵਿੱਚ ਪ੍ਰਕਿਰਿਆਵਾਂ ਦਾ ਡਿਜੀਟਲੀਕਰਨ, ਰਿਕਾਰਡਾਂ ਦੀ ਇਲੈਕਟ੍ਰਾਨਿਕ ਰੂਪ ਵਿੱਚ ਸੰਭਾਲ ਅਤੇ ਸੰਚਾਰ ਦੇ ਆਧੁਨਿਕ ਸਾਧਨਾਂ ਨੇ ਨਿਆਂਇਕ ਕੰਮਕਾਜ ਨੂੰ ਵਧੇਰੇ ਤੇਜ਼ ਅਤੇ ਪ੍ਰਭਾਵੀ ਬਣਾਇਆ ਹੈ।ਉਨ੍ਹਾਂ ਕਿਹਾ ਕਿ ਤਕਨੀਕੀ ਤਰੱਕੀ ਦੇ ਨਾਲ-ਨਿਆਂ ਪ੍ਰਣਾਲੀ ਦੇ ਮੂਲ ਸਿਧਾਂਤ - ਨਿਰਪੱਖਤਾ, ਪਾਰਦਰਸ਼ਤਾ, ਪਹੁੰਚਯੋਗਤਾ ਅਤੇ ਤਰਕਸੰਗਤ ਫੈਸਲੇ ਹਮੇਸ਼ਾ ਸਰਵਉੱਚ ਰਹਿਣੇ ਚਾਹੀਦੇ ਹਨ। ਤਕਨੀਕ ਨਿਆਂਇਕ ਪ੍ਰਕਿਰਿਆ ਵਿੱਚ ਸਹਾਇਕ ਹੋ ਸਕਦੀ ਹੈ, ਪਰ ਅੰਤਿਮ ਫੈਸਲਾ ਅਤੇ ਜ਼ਿੰਮੇਵਾਰੀ ਹਮੇਸ਼ਾ ਜੱਜ ਦੀ ਹੀ ਰਹੇਗੀ। ਤਕਨੀਕ ਨੇ ਪ੍ਰਕਿਰਿਆਵਾਂ ਨੂੰ ਸਰਲ ਬਣਾਇਆ ਹੈ ਅਤੇ ਦੇਰੀ ਨੂੰ ਘੱਟ ਕਰਨ ਵਿੱਚ ਮਦਦ ਕੀਤੀ ਹੈ।

## ਹਰਿਆਣਾ ਵਿੱਚ ਪੈਟਰੋਲ, ਡੀਜ਼ਲ ਅਤੇ ਰਸੋਈ ਗੈਸ ਦੀ ਕੋਈ ਕਮੀ ਨਹੀਂ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਆਜ਼ਾਦ ਸੋਚ,**
**ਚੰਡੀਗੜ੍ਹ, 28 ਮਾਰਚ :**
=============

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸੂਬੇ ਦੇ ਲੋਕਾਂ ਨੂੰ ਭਰੋਸਾ ਦਿਵਾਇਆ ਹੈ ਕਿ ਮੱਧ-ਏਸ਼ੀਆ ਵਿੱਚ ਬਣੇ ਹਾਲਾਤਾਂ ਦੇ ਮੱਦੇਨਜ਼ਰ ਰਾਜ ਵਿੱਚ ਪੈਟਰੋਲ, ਡੀਜ਼ਲ ਅਤੇ ਰਸੋਈ ਗੈਸ ਦੀ ਕੋਈ ਕਮੀ ਨਹੀਂ ਹੈ, ਉਨ੍ਹਾਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਨੇ ਪੈਟਰੋਲੀਅਮ ਪਦਾਰਥਾਂ ਦੀ ਕਾਲਾਬਾਜ਼ਾਰੀ ਅਤੇ ਜਮ੍ਹਾਂਖੋਰੀ ਕਰਨ ਵਾਲਿਆਂ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਕੋਈ ਇਸ ਮਾਮਲੇ ਵਿੱਚ ਸ਼ਾਮਲ ਪਾਇਆ ਗਿਆ ਤਾਂ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।ਮੁੱਖ ਮੰਤਰੀ ਅੱਜ ਚੰਡੀਗੜ੍ਹ ਵਿੱਚ ਪ੍ਰੈੱਸ ਕਾਨਫੈਂਸ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਸ੍ਰੀ ਅਰੁਣ ਕੁਮਾਰ ਗੁਪਤਾ, ਸੂਚਨਾ, ਲੋਕ ਸੰਪਰਕ ਅਤੇ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਨਰਲ ਸ੍ਰੀ ਕੇ. ਮਕਰੰਦ ਪਾਂਡੁਰੰਗ, ਵਧੀਕ ਡਾਇਰੈਕਟਰ (ਪ੍ਰਸ਼ਾਸਨ) ਸ੍ਰੀਮਤੀ ਵਰਸ਼ਾ ਖਾਂਗਵਾਲ, ਮੁੱਖ ਮੰਤਰੀ ਦੇ ਮੀਡੀਆ ਸਕੱਤਰ ਸ੍ਰੀ ਪ੍ਰਵੀਨ ਅੱਤਰੇ ਮੌਜੂਦ ਸਨ।ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮੱਧ ਏਸ਼ੀਆ ਵਿੱਚ ਯੁੱਧ ਦੀ ਸਥਿਤੀ ਦਰਮਿਆਨ ਕੁਝ ਲੋਕ ਜ਼ਰੂਰੀ ਵਸਤਾਂ ਦੀ ਕਮੀ ਹੋਣ ਦਾ ਭਰਮ ਫੈਲਾ ਰਹੇ ਹਨ, ਜਦੋਂ ਕਿ ਦੇਸ਼ ਅਤੇ ਸੂਬੇ ਵਿੱਚ ਸਭ ਕੁਝ ਆਮ ਵਾਂਗ ਹੈ। ਉਨ੍ਹਾਂ ਨੇ ਪੈਟਰੋਲੀਅਮ ਉਤਪਾਦਾਂ 'ਤੇ ਐਕਸਾਈਜ਼ ਡਿਊਟੀ ਵਿੱਚ ਕਟੌਤੀ ਕਰਨ ਲਈ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਆਮ ਜਨਤਾ ਲਈ ਡੀਜ਼ਲ, ਪੈਟਰੋਲ ਅਤੇ ਗੈਸ ਦੀਆਂ ਕੀਮਤਾਂ ਸਥਿਰ ਰਹਿਣਗੀਆਂ।ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਵੀ ਦੇਸ਼ 'ਤੇ ਕੋਈ ਆਫ਼ਤ ਆਈ ਹੈ, ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਹਮੇਸ਼ਾ "ਰਾਸ਼ਟਰ ਪ੍ਰਥਮ" (ਦੇਸ਼ ਪਹਿਲਾਂ) ਦੇ ਦ੍ਰਿੜ ਸੰਕਲਪ ਨਾਲ ਹਰ ਮੋਰਚੇ 'ਤੇ ਦੇਸ਼ ਵਾਸੀਆਂ ਦੇ ਨਾਲ ਖੜ੍ਹੇ ਰਹੇ ਹਨ।

# ਪਟਿਆਲਾ ਜ਼ਿਲ੍ਹੇ 'ਚ ਮਹਾਂਵੀਰ ਜਯੰਤੀ ਮੌਕੇ ਮੀਟ/ਮੱਛੀ ਅਤੇ ਅੰਡਿਆਂ ਦੀਆਂ ਦੁਕਾਨਾਂ ਬੰਦ ਰੱਖਣ ਦੇ ਹੁਕਮ

**ਆਜ਼ਾਦ ਸੋਚ**
**ਹਰਵਿੰਦਰ ਲਾਲੀ/ਪਟਿਆਲਾ, 28 ਮਾਰਚ**

ਵਧੀਕ ਜ਼ਿਲ੍ਹਾ ਮੈਜਿਸਟਰੇਟ ਪਟਿਆਲਾ ਸ੍ਰੀਮਤੀ ਸਿਮਰਪ੍ਰੀਤ ਕੌਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਮਹਾਵੀਰ ਜਯੰਤੀ ਦੇ ਦਿਹਾੜੇ ਮੌਕੇ 31 ਮਾਰਚ 2026 ਨੂੰ ਪਟਿਆਲਾ ਜ਼ਿਲ੍ਹੇ 'ਚ ਮੀਟ, ਮੱਛੀ ਅਤੇ ਅੰਡਿਆਂ ਦੀਆਂ ਦੁਕਾਨਾਂ, ਮਾਸਾਹਾਰੀ ਹੋਟਲ/ਢਾਬੇ ਅਤੇ ਅਹਾਤੇ ਬੰਦ ਰੱਖਣ ਦੇ ਹੁਕਮ ਜਾਰੀ ਕੀਤੇ ਹਨ।ਹੁਕਮਾਂ ਵਿੱਚ ਕਿਹਾ ਗਿਆ ਹੈ ਕਿ 31 ਮਾਰਚ 2026 ਨੂੰ ਮਹਾਂਵੀਰ ਜਯੰਤੀ ਦਾ ਦਿਹਾੜਾ ਮਨਾਇਆ ਜਾ ਰਿਹਾ ਹੈ। ਇਸ ਦਿਨ ਨੂੰ ਅਹਿੰਸਾ ਦਿਵਸ ਵਜੋਂ ਮਨਾਇਆ ਜਾਣਾ ਹੈ।ਇਸ ਦਿਨ ਕਿਸੇ ਵੀ ਜਾਨਵਰ ਦੀ ਹੱਤਿਆ ਕਰਨਾ ਧਾਰਮਿਕ ਰੀਤੀ ਰਿਵਾਜਾਂ ਅਨੁਸਾਰ ਅਸ਼ੁਭ ਹੈ ਅਤੇ ਜੀਵ ਹੱਤਿਆ ਕਰਨ ਨਾਲ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚ ਸਕਦੀ ਹੈ ਅਤੇ ਸ਼ਰਾਰਤੀ ਅਨਸਰਾਂ ਵੱਲੋਂ ਇਸ ਦਾ ਨਜਾਇਜ਼ ਫਾਇਦਾ ਉਠਾਇਆ ਜਾ ਸਕਦਾ ਹੈ।

ਇਸ ਲਈ ਮਿਤੀ 27 ਮਾਰਚ 2026 ਨੂੰ ਜਾਰੀ ਹੁਕਮਾਂ ਅਨੁਸਾਰ 31 ਮਾਰਚ 2026 ਨੂੰ ਪਟਿਆਲਾ ਜ਼ਿਲ੍ਹੇ ਵਿੱਚ ਮੀਟ/ਮੱਛੀ ਅਤੇ ਅੰਡਿਆਂ ਦੀਆਂ ਦੁਕਾਨਾਂ, ਨਾਨ ਵੈਜੀਟੇਰੀਅਨ ਹੋਟਲ/ਢਾਬੇ, ਅਹਾਤੇ ਬੰਦ ਰਹਿਣਗੇ ।

# ਜ਼ੀਰਕਪੁਰ ਦੇ ਰਾਮਗੜ੍ਹ ਭੁੱਡਾ ਤੇ ਸਨੌਲੀ 'ਚ ਆਮ ਆਦਮੀ ਕਲੀਨਿਕਾਂ ਦੀ ਸ਼ੁਰੂਆਤ

## ਪਿੰਡਾਂ ਤੱਕ ਪਹੁੰਚ ਰਹੀਆਂ ਮੁਫ਼ਤ ਸਿਹਤ ਸੇਵਾਵਾਂ : ਰੰਧਾਵਾ

**ਆਜ਼ਾਦ ਸੋਚ**
**ਅਵਤਾਰ ਸੈਣੀ**
**ਜੀਰਕਪੁਰ , 28 ਮਾਰਚ**

ਜ਼ੀਰਕਪੁਰ ਦੇ ਪਿੰਡ ਰਾਮਗੜ੍ਹ ਭੁੱਡਾ ਅਤੇ ਸਨੌਲੀ ਵਿੱਚ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਘਰ ਦੇ ਨੇੜੇ ਹੀ ਉੱਚ ਦਰਜੇ ਦੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਇੱਕ ਹੋਰ ਵੱਡਾ ਕਦਮ ਚੁੱਕਿਆ ਗਿਆ। ਪਿੰਡ ਰਾਮਗੜ੍ਹ ਭੁੱਡਾ ਵਿੱਚ ਲਗਭਗ 21.38 ਲੱਖ ਰੁਪਏ ਅਤੇ ਸਨੌਲੀ ਵਿੱਚ ਲਗਭਗ 24.23 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਨਵੇਂ ਆਯੂਸ਼ਮਾਨ ਅਰੋਗਿਆ ਕੇਂਦਰ 'ਆਮ ਆਦਮੀ ਕਲੀਨਿਕ' ਹਲਕਾ ਵਿਧਾਇਕ ਸ: ਕੁਲਜੀਤ ਸਿੰਘ ਰੰਧਾਵਾ ਵੱਲੋਂ ਲੋਕਾਂ ਨੂੰ ਸਮਰਪਿਤ ਕੀਤੇ ਗਏ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡ ਪੱਧਰ ਤੱਕ ਸਿਹਤ



ਸੇਵਾਵਾਂ ਦੀ ਪਹੁੰਚ ਯਕੀਨੀ ਬਣਾਉਣ ਲਈ ਵਚਨਬੱਧ ਹੈ। ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਮੁਫ਼ਤ ਚੈੱਕਅੱਪ, ਲੈਬ ਟੈਸਟਾਂ, ਜ਼ਰੂਰੀ ਦਵਾਈਆਂ ਅਤੇ ਡਾਕਟਰੀ ਸਲਾਹ ਦੀ ਸਹੂਲਤ ਬਿਨਾਂ ਕਿਸੇ ਇੰਤਜ਼ਾਰ ਦੇ ਦਿੱਤੀ ਜਾ ਰਹੀ ਹੈ। ਉਨ੍ਹਾਂ ਹੋਰ ਕਿਹਾ ਕਿ "ਮੁੱਖ ਮੰਤਰੀ ਸਿਹਤ ਯੋਜਨਾ "ਤਹਿਤ ਸੂਬੇ ਭਰ ਵਿੱਚ ਸਿਹਤ ਸਹੂਲਤਾਂ ਦਾ ਵਿਸਥਾਰ ਕੀਤਾ ਜਾ ਰਿਹਾ ਹੈ, ਜਿਸ ਨਾਲ ਹਰ ਵਰਗ ਦੇ ਲੋਕਾਂ ਨੂੰ ਮੁਫ਼ਤ ਅਤੇ ਬਿਹਤਰ ਇਲਾਜ ਦੀ ਸਹੂਲਤ ਮਿਲ ਰਹੀ ਹੈ। ਹਸਪਤਾਲਾਂ ਵਿੱਚ ਸੁਵਿਧਾਵਾਂ ਦਾ ਵਾਧਾ, ਡਾਕਟਰਾਂ ਦੀ ਭਰਤੀ ਅਤੇ ਆਧੁਨਿਕ ਮੈਡੀਕਲ ਉਪਕਰਣਾਂ ਦੀ ਉਪਲਬਧਤਾ ਇਸ ਯੋਜਨਾ ਦੇ ਅਹਿਮ ਹਿੱਸੇ ਹਨ। ਇਨ੍ਹਾਂ ਕਲੀਨਿਕਾਂ ਦੇ ਸ਼ੁਰੂ ਹੋਣ ਨਾਲ ਰਾਮਗੜ੍ਹ ਭੁੱਡਾ, ਸਨੌਲੀ ਅਤੇ ਨੇੜਲੇ ਇਲਾਕਿਆਂ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ ਕਿਉਂਕਿ ਹੁਣ ਉਨ੍ਹਾਂ ਨੂੰ ਛੋਟੇ-ਮੋਟੇ ਇਲਾਜ ਲਈ ਦੂਰ-ਦਰਾਜ ਦੇ ਹਸਪਤਾਲਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ।ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂ, ਸਿਹਤ ਵਿਭਾਗ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀ ਮੌਜੂਦ ਰਹੇ।

# ਪੈਟਰੋਲ-ਡੀਜ਼ਲ 'ਤੇ ਐਕਸਾਈਜ਼ ਡਿਊਟੀ ਘਟਾਉਣ 'ਤੇ ਸੰਜੀਵ ਖੰਨਾ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਧੰਨਵਾਦ

ਜੀਰਕਪੁਰ 28 ਮਾਰਚ,(ਅਵਤਾਰ ਸੈਣੀ):- ਪੈਟਰੋਲ-ਡੀਜ਼ਲ 'ਤੇ ਐਕਸਾਈਜ਼ ਡਿਊਟੀ ਘਟਾਉਣ ਦੇ ਕੇਂਦਰ ਸਰਕਾਰ ਦੇ ਫੈਸਲੇ ਦਾ ਵੱਖ-ਵੱਖ ਵਰਗਾਂ ਵੱਲੋਂ ਸਵਾਗਤ ਕੀਤਾ ਜਾ ਰਿਹਾ ਹੈ। ਇਸ ਸਬੰਧੀ ਭਾਰਤੀ ਜਨਤਾ ਪਾਰਟੀ ਦੇ ਹਲਕਾ ਡੇਰਾਬੱਸੀ ਦੇ ਸੀਨੀਅਰ ਆਗੂ ਅਤੇ ਸੂਬਾ ਸਕੱਤਰ ਸੰਜੀਵ ਖੰਨਾ ਨੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਧੰਨਵਾਦ ਪ੍ਰਗਟ ਕੀਤਾ ਹੈ।



ਉਨ੍ਹਾਂ ਕਿਹਾ ਕਿ ਇੱਕ ਪਾਸੇ ਜਿੱਥੇ ਪੂਰੀ ਦੁਨੀਆਂ ਜੰਗ ਵਰਗੇ ਮਾਹੌਲ ਨਾਲ ਚਿੰਤਿਤ ਹੈ, ਉੱਥੇ ਮੋਦੀ ਸਰਕਾਰ ਨੇ ਦੇਸ਼ਵਾਸੀਆਂ ਨੂੰ ਰਾਹਤ ਦੇਣ ਵਾਲਾ ਮਹੱਤਵਪੂਰਨ ਕਦਮ ਚੁੱਕਿਆ ਹੈ। ਸੰਜੀਵ ਖੰਨਾ ਨੇ ਕਿਹਾ ਕਿ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਕਮੀ ਨਾਲ ਆਮ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਦੱਸਿਆ ਕਿ ਮਹਿੰਗਾਈ ਦੇ ਇਸ ਦੌਰ ਵਿੱਚ ਇੰਧਨ ਦੀਆਂ ਕੀਮਤਾਂ ਘਟਣ ਨਾਲ ਆਵਾਜਾਈ ਖਰਚ ਘਟੇਗਾ, ਜਿਸਦਾ ਸਿੱਧਾ ਅਸਰ ਰੋਜ਼ਾਨਾ ਦੀਆਂ ਵਰਤੋਂ ਵਾਲੀਆਂ ਚੀਜ਼ਾਂ ਦੀਆਂ ਕੀਮਤਾਂ 'ਤੇ ਵੀ ਪਵੇਗਾ। ਉਨ੍ਹਾਂ ਹੋਰ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਲਿਆ ਗਿਆ ਇਹ ਫੈਸਲਾ ਲੋਕ-ਹਿਤ ਵਿੱਚ ਹੈ ਅਤੇ ਇਸ ਨਾਲ ਵਪਾਰਕ ਗਤੀਵਿਧੀਆਂ ਨੂੰ ਵੀ ਤਰੱਕੀ ਮਿਲੇਗੀ। ਖੰਨਾ ਨੇ ਉਮੀਦ ਜਤਾਈ ਕਿ ਇਸ ਕਦਮ ਨਾਲ ਦੇਸ਼ ਦੀ ਅਰਥਵਿਵਸਥਾ ਨੂੰ ਮਜ਼ਬੂਤੀ ਮਿਲੇਗੀ ਅਤੇ ਲੋਕਾਂ ਦੀ ਖ਼ਰੀਦ ਸ਼ਕਤੀ ਵਿੱਚ ਵਾਧਾ ਹੋਵੇਗਾ। ਅੰਤ ਵਿੱਚ, ਉਨ੍ਹਾਂ ਪ੍ਰਧਾਨ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਆਮ ਜਨਤਾ ਦੀਆਂ ਸਮੱਸਿਆਵਾਂ ਨੂੰ ਸਮਝਦੇ ਹੋਏ ਲਏ ਗਏ ਫੈਸਲੇ ਹਮੇਸ਼ਾ ਸਵਾਗਤਯੋਗ ਹੁੰਦੇ ਹਨ।

# ਜਿਲਾ ਅੰਮ੍ਰਿਤਸਰ ਵਿਖੇ 7 ਨਵੇਂ ਆਮ ਆਦਮੀ ਕਲੀਨਿਕ ਖੋਲੇ ਗਏ

## 7 ਨਵੇਂ ਆਮ ਆਦਮੀ ਕਲਿਨਿਕ ਸਿਹਤ ਜ਼ਿਲ੍ਹੇ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣਗੇ: ਚੇਅਰਮੈਨ ਹੈਲਥ ਸਿਸਟਮ ਕਾਰਪੋਰੇਸ਼ਨ ਪੰਜਾਬ

**ਆਜ਼ਾਦ ਸੋਚ**
**ਤਰੁਣ ਮਹਿਰਾ**
**ਅੰਮ੍ਰਿਤਸਰ 28 ਮਾਰਚ**

ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਜ਼ਿਲ੍ਹਾ ਅੰਮ੍ਰਿਤਸਰ ਵਿਖੇ 7 ਨਵੇਂ ਆਮ ਆਦਮੀ ਕਲੀਨਕਾ ਦਾ ਉਦਘਾਟਨ ਕੀਤਾ ਗਿਆ। ਇਸ ਤੋਂ ਪਹਿਲਾਂ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਦੇ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ, ਸ੍ਰੀ ਮਨੀਸ਼ ਸੁਸ਼ੋਦੀਆ, ਸਿਹਤ ਮੰਤਰੀ ਪੰਜਾਬ ਡਾ ਬਲਬੀਰ ਸਿੰਘ ਅਤੇ ਆਮ ਆਦਮੀ ਪਾਰਟੀ ਪੰਜਾਬ ਦੀ ਲੀਡਰਸ਼ਿਪ ਵੱਲੋਂ ਇੱਕ ਰਾਜ ਪੱਧਰੀ ਸਮਾਗਮ ਦੌਰਾਨ ਪੰਜਾਬ ਵਿੱਚ 109 ਆਮ ਆਦਮੀ ਕਲੀਨਿਕਾਂ ਦਾ ਰਸਮੀ ਉਦਘਾਟਨ ਕੀਤਾ ਗਿਆ। ਇਸ ਉਪਰੰਤ ਜਿਲਾ ਅੰਮ੍ਰਿਤਸਰ ਵਿਖੇ 7 ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਵੱਖ ਵੱਖ ਥਾਵਾਂ ਤੇ ਕੀਤਾ ਗਿਆ ਅਤੇ ਜਿਲਾ ਪੱਧਰੀ ਉਦਘਾਟਨ ਸਮਾਰੋਹ ਦੌਰਾਨ ਚੇਅਰਮੈਨ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰ ਗੁਰਸ਼ਰਨ ਸਿੰਘ ਛੀਨਾ ਜੀ ਵੱਲੋਂ, ਰਾਣੀ ਕਾ ਬਾਗ ਵਿਖੇ ਇੱਕ ਆਮ ਆਦਮੀ ਕਲੀਨਿਕ ਦਾ



ਉਦਘਾਟਨ ਕਰਕੇ, ਲੋਕ ਅਰਪਣ ਕੀਤਾ ਗਿਆ। ਇਸੇ ਤਰ੍ਹਾਂ ਮਾਨਯੋਗ ਐਮ.ਐਲ.ਏ. ਡਾ ਅਜੇ ਗੁਪਤਾ ਜੀ ਵੱਲੋਂ ਫਤਿਹ ਸਿੰਘ ਕਲੋਨੀ ਨਜਦੀਕ ਦਾਨਾ ਮੰਡੀ ਵਿਖੇ ਇਕ ਆਮ ਆਦਮੀ ਕਲੀਨਿਕ ਦਾ ਰਸਮੀ ਉਦਘਾਟਨ ਕੀਤਾ ਗਿਆ।

ਇਸ ਅਵਸਰ ਤੇ ਸਿਵਲ ਸਰਜਨ ਡਾ ਸਤਿੰਦਰਜੀਤ ਸਿੰਘ ਬਜਾਜ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਜਿੱਥੇ ਲੋਕਾਂ ਨੂੰ ਮਿਆਰੀ ਸਹੂਲਤਾਂ ਪ੍ਰਦਾਨ ਕਰ ਰਹੇ ਹਨ, ਉਹਦੇ ਨਾਲ ਹੀ ਲੋਕਾਂ ਨੂੰ ਘਰਾਂ ਦੇ ਨਜਦੀਕ ਹੀ ਹਰ ਤਰ੍ਹਾਂ ਦੇ ਮੁਫ਼ਤ ਟੈਸਟ ਅਤੇ ਦਵਾਈਆਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ। ਉਹਨਾਂ ਲੋਕਾਂ ਨੂੰ ਅਪੀਲ ਹੈ ਕਿ ਵੱਧ ਤੋਂ ਵੱਧ ਇਹਨਾਂ ਸਹੂਲਤਾਂ ਦਾ ਲਾਭ ਲਿਆ ਜਾਵੇ। ਉਹਨਾਂ ਇਹ ਵੀ ਆਖਿਆ ਕਿ ਇਸ ਨਾਲ ਵੱਡੇ ਹਸਪਤਾਲਾਂ 'ਤੇ ਬੋਝ ਘਟੇਗਾ ਅਤੇ ਲੋਕਾਂ ਨੂੰ ਸਮੇਂ 'ਤੇ ਇਲਾਜ ਮਿਲ ਸਕੇਗਾ।ਇਸ ਅਵਸਰ ਤੇ ਸਹਾਇਕ ਸਿਵਲ ਸਰਜਨ ਡਾ ਰਜਿੰਦਰਪਾਲ ਕੌਰ, ਜਿਲਾ ਐਮ.ਈ.ਆਈ.ਓ ਅਮਰਦੀਪ ਸਿੰਘ, ਰਾਜਾ ਸਾਂਸੀ ਆਮ ਆਦਮੀ ਪਾਰਟੀ ਪ੍ਰਧਾਨ ਸ੍ਰ ਕੁਲਵਿੰਦਰ ਸਿੰਘ, ਡਾ ਅਸ਼ਵਿੰਦਰ ਸਿੰਘ, ਡਾ ਵਨੀਤ ਕੌਰ, ਡਾ ਕਾਵਿਆ, ਰਾਜਵਿੰਦਰ ਕੌਰ,ਗੀਤਾ, ਦਵਿੰਦਰ ਕੌਰ, ਕੁਲਵਿੰਦਰ ਕੌਰ, ਸੁਖਦੀਪ ਕੌਰ, ਸ਼ਿਵਚਰਨ ਸਿੰਘ, ਪਲਵਿੰਦਰ ਸਿੰਘ, ਗੁਰਪ੍ਰੀਤ ਕੌਰ ਅਤੇ ਪਵਨਦੀਪ ਕੌਰ ਸਮੇਤ ਸਮੂਹ ਸਟਾਫ ਹਾਜ਼ਰ ਸਨ।

# ਸਰਕਾਰੀ ਪ੍ਰਾਇਮਰੀ ਸਕੂਲਾਂ ਨੇ ਨਤੀਜੇ ਐਲਾਨੇ ; ਬਲਾਕ ਪਟਿਆਲਾ-2 ਦੇ 11 ਵਿਦਿਆਰਥੀਆਂ ਨੇ 500 ਵਿੱਚੋਂ 500 ਅੰਕ ਕੀਤੇ ਹਾਸਲ

**ਆਜ਼ਾਦ ਸੋਚ**
**ਹਰਵਿੰਦਰ ਲਾਲੀ**
**ਪਟਿਆਲਾ, 28 ਮਾਰਚ**

ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਵੱਖ-ਵੱਖ ਜਮਾਤਾਂ ਦੇ ਨਤੀਜੇ ਐਲਾਨ ਦਿੱਤੇ ਗਏ ਹਨ ਹਨ। ਜਿਸ ਤਹਿਤ ਪ੍ਰੀ ਪ੍ਰਾਇਮਰੀ ਤੋਂ ਲੈ ਕੇ ਪੰ ਜ ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੇ ਨਤੀਜੇ ਵੀ ਐਲਾਨੇ ਗਏ। ਜ਼ਿਲ੍ਹਾ ਪਟਿਆਲਾ ਦੇ ਜ਼ਿਲਾ ਸਿੱਖਿਆ ਅਫਸਰ (ਐਲੀ. ਸਿੱ.)





ਸ਼ਾਲੂ ਮਹਿਰਾ ਅਤੇ ਉਪ ਜਿਲਾ ਸਿੱਖਿਆ ਅਫਸਰ ਮਨਵਿੰਦਰ ਕੌਰ ਭੁੱਲਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਜਿਲੇ ਭਰ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਨਤੀਜੇ ਮੌਕੇ (ਮੈਗਾ ਪੀਟੀਐਮ) ਮਾਪੇ ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਵਿਦਿਆਰਥੀਆਂ ਦੇ ਮਾਪਿਆਂ ਨੇ ਭਰਵੀਂ ਸ਼ਮੂਲੀਅਤ ਕਰਦਿਆਂ ਆਪੋ ਆਪਣੇ ਬੱਚਿਆਂ ਦੇ ਨਤੀਜੇ ਪ੍ਰਾਪਤ ਕੀਤੇ। ਇਸ ਦੇ ਨਾਲ ਹੀ ਬਲਾਕ ਪਟਿਆਲਾ-2 ਦੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ੍ਰ. ਪ੍ਰਿਥੀ ਸਿੰਘ ਵੱਲੋਂ ਵੀ ਬਲਾਕ ਅਧੀਨ ਪੈਂਦੇ ਵੱਖ-ਵੱਖ ਸਕੂਲਾਂ ਦਾ ਦੌਰਾ ਕੀਤਾ ਗਿਆ ਜਿੱਥੇ ਉਨਾਂ ਨੇ ਮਾਪਿਆਂ ਨਾਲ ਸਿੱਧਾ ਰਾਬਤਾ ਕਰਕੇ ਮਾਪਿਆਂ ਨੂੰ ਵਿਦਿਆਰਥੀਆਂ ਦੇ ਚੰਗੇ ਨਤੀਜੇ ਆਉਣ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਗੱਲਬਾਤ ਕਰਦੇ ਹੋਏ ਬੀਪੀਈਓ ਪ੍ਰਿਥੀ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਦੇ ਸ਼ਾਨਦਾਰ ਨਤੀਜੇ ਦੇਖਣ ਨੂੰ ਮਿਲ ਰਹੇ ਹਨ। ਉਹਨਾਂ ਕਿਹਾ ਕਿ ਸਮੂਹ ਸਕੂਲਾਂ ਦੇ ਵਿਦਿਆਰਥੀ ਚੰਗੇ ਅੰਕ ਲੈ ਕੇ ਪਾਸ ਹੋਏ ਹਨ। ਇਸ ਤੋਂ ਇਲਾਵਾ ਉਹਨਾਂ ਕਿਹਾ ਕਿ ਬਲਾਕ ਪਟਿਆਲਾ-2 ਲਈ ਹੋਰ ਵੀ ਮਾਣ ਵਾਲੀ ਗੱਲ ਹੈ ਕਿ ਬਲਾਕ ਵਿਚਲੇ ਵੱਖ-ਵੱਖ ਸਕੂਲਾਂ ਦੇ 11 ਵਿਦਿਆਰਥੀਆਂ ਨੇ 500 ਵਿੱਚੋਂ 500 ਅੰਕ ਪ੍ਰਾਪਤ ਕਰਕੇ ਅਧਿਆਪਕਾਂ ਅਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ ਹੈ। ਇਸ ਦੇ ਨਾਲ ਹੀ ਪਿਛਲੇ ਦਿਨੀ ਨਵੋਦਿਆ ਵਿਦਿਆਲਿਆ ਵਿਚ ਦਾਖ਼ਲੇ ਲਈ ਆਯੋਜਿਤ ਹੋਈ ਪ੍ਰੀਖਿਆ ਦੇ ਆਏ ਨਤੀਜਿਆਂ ਵਿੱਚ ਵੀ ਬਲਾਕ ਪਟਿਆਲਾ-2 ਦੇ ਤਿੰਨ ਵਿਦਿਆਰਥੀਆਂ ਨੇ ਕੁਆਲੀਫਾਈ ਕੀਤਾ ਹੈ। ਜਿਨਾਂ ਦਾ ਵਿਸ਼ੇਸ਼ ਸਨਮਾਨ ਜਲਦ ਹੀ ਕੀਤਾ ਜਾਵੇਗਾ। ਉਹਨਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਮਿਆਰ ਨੂੰ ਉੱਚਾ ਚੱਕਣ ਲਈ ਜੋ ਉਪਰਾਲੇ ਕੀਤੇ ਜਾ ਰਹੇ ਹਨ ਉਹ ਬਹੁਤ ਹੀ ਸ਼ਲਾਘਾਯੋਗ ਹਨ। ਜਿਸ ਦੇ ਚਲਦਿਆਂ ਮੌਜੂਦਾ ਸਮੇਂ ਪੰਜਾਬ ਦੇ ਲੋਕ ਆਪਣੇ ਬੱਚਿਆਂ ਨੂੰ ਨਿੱਜੀ ਸਕੂਲਾਂ ਤੋਂ ਹਟਾ ਕੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾ ਰਹੇ ਹਨ ਜੋ ਕਿ ਆਪਣੇ ਆਪ ਵਿੱਚ ਬਹੁਤ ਹੀ ਮਾਣ ਵਾਲੀ ਗੱਲ ਹੈ। ਉਹਨਾਂ ਕਿਹਾ ਕਿ ਮੌਜੂਦਾ ਸਮੇਂ ਸਰਕਾਰੀ ਸਕੂਲਾਂ ਦੇ ਪੜ੍ਹੇ ਹੋਏ ਵਿਦਿਆਰਥੀ ਆਈਏਐਸ, ਪੀਸੀਐਸ, ਡਾਕਟਰ, ਇੰਜੀਨੀਅਰ, ਪ੍ਰੋਫੈਸਰ, ਲੈਕਚਰਾਰ, ਵਿਗਿਆਨੀ ਆਦਿ ਬਣ ਕੇ ਸਰਕਾਰੀ ਸਕੂਲਾਂ ਦਾ ਨਾਮ ਉੱਚਾ ਕਰ ਰਹੇ ਹਨ। ਉਨਾਂ ਨੇ ਮੁੜ ਤੋਂ ਲੋਕਾਂ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਦੀ ਅਪੀਲ ਕੀਤੀ ਹੈ।

# ਅੰਮ੍ਰਿਤਸਰ ਨਿਵਾਸੀ ਜਸਕੀਰਤ ਸਿੰਘ 12 ਮਾਰਚ ਤੋਂ ਲਾਪਤਾ

**ਆਜ਼ਾਦ ਸੋਚ**
**ਸੁਖਰਾਜ ਸਿੰਘ**
**ਨਵੀਂ ਦਿੱਲੀ, 28 ਮਾਰਚ**

ਜਸਕੀਰਤ ਸਿੰਘ ਜੋ ਬੀਤੀ 12 ਮਾਰਚ 2026 ਨੂੰ ਆਪਣੇ ਘਰ ਤੋਂ ਰਣਜੀਤ ਐਵੀਨਿਊ ਵਿੱਖੇ



ਪ੍ਰਾਈਵੇਟ ਦਫ਼ਤਰ 'ਚ ਨੌਕਰੀ 'ਤੇ ਗਿਆ, ਪ੍ਰੰਤੂ ਅੱਜ ਤੱਕ ਘਰ ਵਾਪਸ ਨਹੀਂ ਆਇਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਸਕੀਰਤ ਸਿੰਘ ਦੀ ਮਾਤਾ ਨੇ ਦੱਸਿਆ ਕਿ ਜਸਕੀਰਤ ਸਿੰਘ ਜੋ 22 ਸਾਲ ਦਾ ਹੈ ਆਪਣੇ ਘਰ ਸੁਲਤਾਨਵਿੰਡ ਰੋਡ ਸਥਿਤ ਸ੍ਰੀ ਗੁਰੂ ਰਾਮਦਾਸ ਨਗਰ ਤੋਂ ਮੋਟਰਸਾਈਕਲ ਨੰ: ਪੀਬੀ02-ਈਐਮ-1326 'ਤੇ ਘਰੋਂ ਨੌਕਰੀ 'ਤੇ ਰਣਜੀਤ ਐਵੀਨਿਊ ਗਿਆ ਸੀ। ਭੇਜੀ ਗਈ ਜਾਣਕਾਰੀ ਅਨੁਸਾਰ ਜਸਕੀਰਤ ਸਿੰਘ ਨੇ ਗੁਲਾਬੀ ਰੰਗ ਦੀ ਦਸਤਾਰ, ਚਿੱਟੀ ਕਮੀਜ਼ ਅਤੇ ਕਾਲੀ ਪੈਂਟ ਪਾਈ ਹੋਈ ਹੈ ਅਤੇ ਉਹ ਖ਼ਬਰ ਲਿਖੇ ਜਾਣ ਤੀਕ ਘਰ ਵਾਪਸ ਨਹੀਂ ਆਇਆ ਹੈ। ਜਸਕੀਰਤ ਸਿੰਘ ਦੇ ਮਾਤਾ ਨੇ ਕਿਹਾ ਕਿ ਸਾਡੇ ਘਰ ਦੇ ਹਾਲਾਤ ਬਹੁਤ ਨਾਜ਼ੁਕ ਹਨ ਅਤੇ ਸਾਰਾ ਪਰਿਵਾਰ ਸਿਹਮਿਆ ਹੋਇਆ ਹੈ। ਉਨ੍ਹਾਂ ਪੁਲਿਸ ਪ੍ਰਸ਼ਾਸਨ ਨੂੰ ਵੀ ਅਪੀਲ ਕੀਤੀ ਕਿ ਉਹ ਮੇਰੇ ਪੁੱਤਰ ਜਸਕੀਰਤ ਸਿੰਘ ਦੀ ਜਲਦੀ ਤੋਂ ਜਲਦੀ ਭਾਲ ਕਰਕੇ ਉਸ ਨੂੰ ਵਾਪਸ ਘਰ ਪਹੁੰਚਾਏ।

# ਗ੍ਰੀਨਵੇਜ ਸਕੂਲ ਰੁੜਕੀ ਹੀਰਾਂ ਵਿਖੇ ਸ਼ੈਸ਼ਨ 2025-2026 ਦਾ ਸਲਾਨਾ ਨਤੀਜਾ ਐਲਾਨ

**ਆਜ਼ਾਦ ਸੋਚ**
**ਰਜਿੰਦਰ**
**ਸ਼੍ਰੀ ਚਮਕੌਰ ਸਾਹਿਬ , 28 ਮਾਰਚ**

ਗ੍ਰੀਨਵੇਜ ਸਕੂਲ ਰੁੜਕੀ ਹੀਰਾਂ ਵਿਖੇ ਸੈਸ਼ਨ 2025-2026 ਦਾ ਸਲਾਨਾ ਸਮਾਗਮ ਕੀਤਾ ਗਿਆ ਜਿਸ ਵਿੱਚ ਬੱਚਿਆਂ ਦੀ ਸਾਲ ਭਰ ਦੀ ਕਾਰਗੁਜ਼ਾਰੀ ਦੇ ਆਧਾਰ ਤੇ ਨਤੀਜਾ 100 % ਪਾਸ ਰਿਹਾ। ਸਭ ਤੋਂ ਪਹਿਲਾਂ ਮੈਨੇਜਿੰਗ ਡਾਇਰੈਕਟਰ ਸ: ਹਰਜਿੰਦਰ ਸਿੰਘ ਮੱਲ੍ਹੀ ਜੀ ਨੇ ਸਾਰੇ ਬੱਚਿਆਂ ਅਤੇ ਮਾਪਿਆਂ ਨੂੰ ਪਾਸ ਹੋਣ ਤੇ ਵਧਾਈ ਦਿੱਤੀ। ਨਾਲ ਹੀ ਮੁੱਢਲੇ ਸਥਾਨ ਪ੍ਰਾਪਤ ਕਰਨ ਵਾਲਿਆਂ ਬੱਚਿਆਂ ਨੂੰ ਸਨਮਾਨਿਤ ਕੀਤਾ। ਜਿਨਾਂ ਵਿੱਚ ਨਰਸਰੀ ਕਲਾਸ ਵਿੱਚ ਜਸਕੀਰਤ ਕੌਰ ਨੇ 99.65% ਅੰਕਾਂ ਨਾਲ ਪਹਿਲਾ , ਦਿਲਰੀਤ ਕੌਰ ਨੇ 99.52% ਦੂਜਾ ਅਤੇ ਗੁਰਵਾਰਿਸ ਸਿੰਘ ਨੇ 98.87% ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਐਲ.ਕੇ.ਜੀ ਅਵਰੀਤ ਕੌਰ 99.90%, ਐਸ਼ਨੂਰ ਕੌਰ 99.42%, ਤਨਵੀਰ ਸਿੰਘ 99.35%, ਯੂ.ਕੇ.ਜੀ ਵਿੱਚ ਹਰਸ਼ਾਨ ਕੌਰ 98.72% , ਗੁਰਮਨ ਕੌਰ 96.92% , ਨਿਮਰਤ ਕੌਰ 96.60% ਇਸੇ ਤਰ੍ਹਾਂ ਪਹਿਲੀ ਕਲਾਸ ਵਿੱਚ ਹਰਤਾਜ ਸਿੰਘ 96.20%, ਹਰਜਸ ਕੌਰ 95.82% ਅਤੇ ਕਰਮਨਵੀਰ ਕੌਰ ਨੇ 95.27% , ਦੂਜੀ ਕਲਾਸ ਵਿੱਚ ਜਪੁਜੀ ਕੌਰ ਨੇ 99.54% , ਰਬਲੀਨ ਕੌਰ 98.34% , ਹਰਤੇਜ ਸਿੰਘ 96.78%, ਤੀਜੀ ਕਲਾਸ ਵਿੱਚ ਐਸ਼ਮੀਤ ਕੌਰ 96.32%, ਗੁਨਦੀਪ ਕੌਰ ਭੰਗੂ 95.86% ਅਤੇ ਹਰਗੁਣ ਸਿੰਘ 95.54% ਅੰਕ ਹਾਸਲ ਕਰ ਕ੍ਰਮਵਾਰ ਪਹਿਲੇ, ਦੂਜੇ ਅਤੇ ਤੀਜੇ ਸਥਾਨ ਪ੍ਰਾਪਤ ਕੀਤੇ। ਇਸੇ ਤਰ੍ਹਾਂ ਚੌਥੀ




ਕਲਾਸ ਵਿੱਚ ਏਕਮਜੋਤ ਕੌਰ 95.76% , ਨਿਮਰਤ ਕੌਰ 94.93% ਅਤੇ ਮਨਰਾਜ ਸਿੰਘ 94.71% , ਪੰਜਵੀਂ ਕਲਾਸ ਵਿੱਚ ਨਵਦੀਪ ਕੌਰ 95.43% , ਮਨਰੀਤ ਕੌਰ 95.05% , ਗਗਨ ਕੌਰ ਨੰਨੂਆਂ 90.78%, ਛੇਵੀਂ ਕਲਾਸ ਵਿੱਚ ਮਨਰੀਤ ਕੌਰ 92.95% , ਜਸਲੀਨ ਕੌਰ 88.86% , ਜਸਨੀਤ ਕੌਰ 87.43% ਸੱਤਵੀਂ ਕਲਾਸ ਵਿੱਚ ਇਮਰਨਪ੍ਰੀਤ ਕੌਰ 92.03% , ਜੈਸਮੀਨ ਕੌਰ 91.01% , ਗੁਰਨੂਰ ਸਿੰਘ 85.51% , ਅੱਠਵੀਂ ਕਲਾਸ ਵਿੱਚ ਨਵਜੋਤ ਕੌਰ 95.85% , ਸਾਹਿਬਜੋਤ ਕੌਰ 93.61% , ਪਰਨੀਤ ਕੌਰ 91.88% , ਨੌਵੀਂ ਕਲਾਸ ਵਿੱਚ ਜਸਮੀਨ ਕੌਰ 96.36% , ਫਤਹਿਵੀਰ ਸਿੰਘ ਮਾਨ 95.80% , ਸੁਖਲੀਨ ਕੌਰ 93.68% , ਗਿਆਰਵੀਂ ਕਲਾਸ ਵਿੱਚ ਸੁਖਮਨ ਕੌਰ 86.58% , ਰਵਜੋਤ ਕੌਰ 81.30% ਅਤੇ ਏਕਮਜੀਤ ਕੌਰ ਨੇ 73.36% ਅੰਕ ਹਾਸਲ ਕਰ ਕ੍ਰਮਵਾਰ ਪਹਿਲੇ, ਦੂਜੇ ਅਤੇ ਤੀਜੇ ਸਥਾਨ ਪ੍ਰਾਪਤ ਕੀਤੇ। ਪ੍ਰਿੰਸੀਪਲ ਸ਼ ?ਰੀ ਮੁਕੇਸ਼ ਕੁਮਾਰ ਅਗਰਵਾਲ ਜੀ ਨੇ ਬੱਚਿਆਂ ਨੂੰ ਭਵਿੱਖ ਵਿੱਚ ਹੋਰ ਜੀਅ ਲਾ ਕੇ ਪੜ੍ਹਾਈ ਕਰਨ ਅਤੇ ਹੋਰ ਪ੍ਰਭਾਵਸ਼ਾਲੀ ਨਤੀਜੇ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਅਤੇ ਸਮੂਹ ਸਟਾਫ ਦੀ ਮਿਹਨਤ ਦੀ ਪ੍ਰਸੰਸਾ ਕੀਤੀ। ਇਸ ਸਮੇਂ ਚੇਅਰਮੈਨ ਸ: ਗੁਰਮੁੱਖ ਸਿੰਘ ਮੱਲ੍ਹੀ ਰਿਟਾਇਰਡ ਫਲਾਇਟ ਲੈਫਟੀਨੈਂਟ, ਮਨੇਜਿੰਗ ਡਾਇਰੈਕਟਰ ਸ ਹਰਜਿੰਦਰ ਸਿੰਘ ਮੱਲ੍ਹੀ, ਸਹਿਮਨਜੀਤ ਸਿੰਘ ਮੱਲ੍ਹੀ , ਪ੍ਰਿੰਸੀਪਲ ਸ਼੍ਰੀ ਮੁਕੇਸ਼ ਕੁਮਾਰ ਅਗਰਵਾਲ, ਐਡਮਿਨ ਸੰਦੀਪ ਕੌਰ, ਵਾਈਸ ਪ੍ਰਿੰਸੀਪਲ ਸ਼ ?ਰੀਮਤੀ ਨੀਸ਼ਾ ਠਾਕੁਰ ਅਤੇ ਸਮੂਹ ਸਟਾਫ ਮੈਂਬਰ, ਮਾਪੇ ਅਤੇ ਵਿਦਿਆਰਥੀ ਹਾਜ਼ਰ ਰਹੇ।

# ਸਰਕਾਰੀ ਹਾਈ ਸਕੂਲ ਗਲਵੱਟੀ (ਨਾਭਾ) ਦਾ ਨਾਨ-ਬੋਰਡ ਕਲਾਸਾਂ ਦਾ ਸਲਾਨਾ ਨਤੀਜਾ ਐਲਾਨਿਆ

**ਆਜ਼ਾਦ ਸੋਚ**
**ਕੁਲਵੰਤ ਸਿੰਘ ਮੁਹਾਲੀ**
**ਅਮਰਗੜ, 28 ਮਾਰਚ**

ਸਰਕਾਰੀ ਹਾਈ ਸਕੂਲ ਗਲਵੱਟੀ ਵਿਖੇ ਸਕੂਲ ਮੁਖੀ ਸ੍ਰੀਮਤੀ ਜੈਕੀ ਬਾਂਸਲ ਵੱਲੋਂ ਸਕੂਲ ਦੀਆਂ ਨਾਨ-ਬੋਰਡ ਜਮਾਤਾਂ ਦਾ ਨਤੀਜਾ ਐਲਾਨਿਆ ਗਿਆ।ਇਸ ਮੌਕੇ ਕਰਵਾਏ ਗਏ ਇੱਕ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਸ. ਹਰਮਿੰਦਰ ਸਿੰਘ ਸਾਬਕਾ ਬੈਂਕ ਮੈਨੇਜਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਸਕੂਲ ਦੇ ਜਮਾਤ ਛੇਵੀਂ, ਸੱਤਵੀਂ ਅਤੇ ਨੌਵੀਂ ਵਿੱਚੋਂ ਪਹਿਲੀਆਂ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਮੁੱਖੀ ਸ੍ਰੀਮਤੀ ਜੈਕੀ ਬਾਂਸਲ ਨੇ ਦੱਸਿਆ ਕਿ ਛੇਵੀਂ ਜਮਾਤ ਵਿੱਚੋਂ ਪਹਿਲਾ ਸਥਾਨ ਸਹਿਜ ਸੋਪਾਲ, ਦੂਜਾ ਸਥਾਨ ਰਮਨਜੋਤ ਕੌਰ ਤੇ ਤੀਜਾ ਸਥਾਨ ਤੇਜਿੰਦਰ ਕੌਰ ਨੇ ਪ੍ਰਾਪਤ ਕੀਤਾ।ਜਮਾਤ ਸੱਤਵੀ ਵਿੱਚੋ ਪਹਿਲਾ ਸਥਾਨ ਗੁਰਨੀਤ ਕੌਰ, ਦੂਜਾ ਸਥਾਨ ਗੁਰਨੂਰ ਕੌਰ ਤੇ ਤੀਜਾ ਸਥਾਨ ਰਮਜੋਤ ਕੌਰ ਨੇ ਪ੍ਰਾਪਤ ਕੀਤਾ।ਇਸੇ ਤਰਾਂ ਜਮਾਤ ਨੌਵੀਂ ਦੇ ਵਿੱਚੋਂ ਪਹਿਲਾਂ ਸਥਾਨ ਗੁਰਨੂਰ ਕੌਰ ਨੇ, ਦੂਜਾ ਸਥਾਨ ਸਾਨੀਆ ਅਤੇ ਤੀਸਰਾ ਸਥਾਨ ਜਸ਼ਨਪ੍ਰੀਤ ਸਿੰਘ ਨੇ ਪ੍ਰਾਪਤ ਕੀਤਾ।ਉਨ੍ਹਾਂ ਦੱਸਿਆ ਕਿ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਅਤੇ ਨਕਦ ਇਨਾਮ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਤੋਂ ਇਲਾਵਾ ਛੇਵੀਂ-ਸੱਤਵੀਂ-ਨੌਵੀਂ ਜਮਾਤ ਵਿੱਚ ਸਭ ਤੋਂ ਵੱਧ ਹਾਜ਼ਰੀਆਂ ਵਾਲੇ ਵਿਦਿਆਰਥੀਆਂ ਨੂੰ ਵੀ ਵਿਸ਼ੇਸ ਤੌਰ ਤੇ ਸਨਮਾਨਿਤ ਕੀਤਾ ਗਿਆ।



ਇਸ ਮੌਕੇ ਸ. ਹਰਮਿੰਦਰ ਸਿੰਘ ਨੇ ਵਿਦਿਆਰਥੀਆਂ ਦੀ ਚੰਗੀ ਕਾਰਗੁਜ਼ਾਰੀ ਦਾ ਸਿਹਰਾ ਸਕੂਲ ਮੁਖੀ ਸ੍ਰੀਮਤੀ ਜੈਕੀ ਬਾਂਸਲ ਅਤੇ ਸਮੂਹ ਸਟਾਫ ਦੀ ਮਿਹਨਤ ਨੂੰ ਦਿੱਤਾ।ਇਸ ਮੌਕੇ ਸਕੂਲ ਦੇ ਮੁੱਖ ਅਧਿਆਪਕਾ ਸ਼੍ਰੀਮਤੀ ਜੈਕੀ ਬਾਂਸਲ ਨੇ ਮੁੱਖ ਮਹਿਮਾਨ,ਪਤਵੰਤੇ ਸੱਜਣਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਦਾ ਸਵਾਗਤ ਕੀਤਾ।ਪ੍ਰੀਖਿਆਵਾਂ ਵਿੱਚ ਚੰਗੀ ਕਾਰਗੁਜ਼ਾਰੀ ਦਿਖਾਉਣ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫਜਾਈ ਕੀਤੀ ਅਤੇ ਵਿਦਿਆਰਥੀਆਂ ਨੂੰ ਅੱਗੇ ਤੋਂ ਹੋਰ ਚੰਗੀ ਕਾਰਗੁਜ਼ਾਰੀ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਮੂਹ ਸਟਾਫ, ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪੇ ਹਾਜ਼ਰ ਸਨ।

**ਪਹਿਲੀਆਂ ਪੁਜ਼ੀਸ਼ਨਾਂ ਲੈਣ ਵਾਲੇ ਵਿਦਿਆਰਥੀਆਂ ਟਰਾਫੀਆਂ ਅਤੇ ਨਕਦ ਇਨਾਮ ਰਾਸ਼ੀ ਨਾਲ ਕੀਤੇ ਸਨਮਾਨਿਤ**

# ਸ਼੍ਰੋਮਣੀ ਕਮੇਟੀ ਨੇ ਸ੍ਰੀ ਗੁਰੂ ਨਾਨਕ ਦੇਵ ਹਸਪਤਾਲ ਵਿੱਖੇ ਮਰੀਜ਼ਾਂ ਲਈ ਲੰਗਰ ਸੇਵਾ ਦੀ ਕੀਤੀ ਸ਼ੁਰੂਆਤ

## ਹਸਪਤਾਲ ਵਿੱਖੇ ਇਲਾਜ ਕਰਵਾਉਣ ਆਏ ਮਰੀਜ਼ਾਂ ਲਈ ਵੱਡਾ ਧਰਵਾਸ ਬਣੇਗੀ ਲੰਗਰ ਸੇਵਾ: ਐਡਵੋਕੇਟ ਧਾਮੀ




**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 28 ਮਾਰਚ**

ਸ੍ਰੀ ਗੁਰੂ ਨਾਨਕ ਦੇਵ ਜੀ ਹਸਪਤਾਲ ਸ੍ਰੀ ਅੰਮ੍ਰਿਤਸਰ ਵਿੱਖੇ ਇਲਾਜ਼ ਕਰਵਾਉਣ ਆਏ ਮਰੀਜ਼ ਅਤੇ ਉਨ੍ਹਾਂ ਦੇ ਨਾਲ ਆਏ ਸਹਿਯੋਗੀ ਸ੍ਰੀ ਗੁਰੂ ਰਾਮਦਾਸ ਜੀ ਦੇ ਦਰ ਤੋਂ ਆਇਆ ਲੰਗਰ ਛੱਕ ਸਕਣਗੇ। ਲੰਗਰ ਸੇਵਾ ਦੀ ਰਸਮੀ ਸ਼ੁਰੂਆਤ ਅੱਜ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਮੂਲਮੰਤਰ ਅਤੇ ਗੁਰਮੰਤਰ ਦੇ ਜਾਪ ਕਰਨ ਮਗਰੋਂ ਅਰਦਾਸ ਉਪਰੰਤ ਕੀਤੀ ਗਈ। ਜ਼ਿਕਰਯੋਗ ਹੈ ਕਿ ਬੀਤੇ ਸਮੇਂ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਇਸ ਕਾਰਜ ਲਈ ਪ੍ਰਵਾਨਗੀ ਦਿੱਤੀ ਸੀ।

ਅੱਜ ਸ੍ਰੀ ਗੁਰੂ ਨਾਨਕ ਦੇਵ ਜੀ ਹਸਪਤਾਲ ਪੁੱਜਣ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੂੰ ਹਸਪਤਾਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਰਾਜੀਵ ਦੇਵਗਨ ਅਤੇ ਮੈਡੀਕਲ ਸੁਪ੍ਰਿੰਟੈਂਡੈਂਟ ਡਾ. ਕਰਮਜੀਤ ਸਿੰਘ ਨੇ ਜੀ-ਆਇਆਂ ਆਖਦਿਆਂ ਸਵਾਗਤ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼ ?ਰੋਮਣੀ ਕਮੇਟੀ ਗੁਰੂ ਸਾਹਿਬਾਨ ਦੇ ਸੰਦੇਸ਼ ਅਤੇ ਪ੍ਰੇਰਣਾ ਦੀ ਰੌਸ਼ਨੀ 'ਚ ਸਦਾ ਹੀ ਮਾਨਵ ਹਿਤਕਾਰੀ ਕਾਰਜਾਂ ਲਈ ਯਤਨਸ਼ੀਲ ਰਹੀ ਹੈ। ਇਸੇ ਤਹਿਤ ਹੀ ਸ੍ਰੀ ਗੁਰੂ ਨਾਨਕ ਦੇਵ ਜੀ ਹਸਪਤਾਲ ਵਿਖੇ ਇਲਾਜ ਕਰਵਾਉਣ ਆਉਣ ਵਾਲੇ ਮਰੀਜ਼ਾਂ ਅਤੇ ਹੋਰ ਲੋੜਵੰਦਾਂ ਲਈ ਲੰਗਰ ਦਾ ਪ੍ਰਬੰਧ ਕਰਨ ਦਾ ਫੈਸਲਾ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇਸ ਦਾ ਮੁੱਖ ਉਦੇਸ਼ ਮਰੀਜ਼ਾਂ ਅਤੇ ਉਨ੍ਹਾਂ ਦੇ ਸਹਿਯੋਗੀਆਂ ਨੂੰ ਸਹਾਰਾ ਪ੍ਰਦਾਨ ਕਰਨਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਇਹ ਉਪਰਾਲਾ ਦੂਰ-ਦੂਰ ਤੋਂ ਸ੍ਰੀ ਅੰਮ੍ਰਿਤਸਰ ਵਿਖੇ ਇਲਾਜ ਕਰਵਾਉਣ ਆਏ ਮਰੀਜ਼ਾਂ ਲਈ ਵੱਡਾ ਧਰਵਾਸ ਬਣੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਸ ਕਾਰਜ ਵਿਚ ਸਹਿਯੋਗ ਕਰਨ ਲਈ ਹਸਪਤਾਲ ਦੇ ਡਾਇਰੈਕਟਰ ਪ੍ਰਿੰਸੀਪਲ, ਮੈਡੀਕਲ ਸੁਪ੍ਰਿੰਟੈਂਡੈਂਟ ਸਮੇਤ ਸਮੁੱਚੇ ਪ੍ਰਬੰਧ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਗੁਰਮੀਤ ਸਿੰਘ ਬੂਹ, ਸ੍ਰੀ ਗੁਰੂ ਨਾਨਕ ਦੇਵ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਹਸਪਤਾਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਰਾਜੀਵ ਦੇਵਗਨ ਅਤੇ ਮੈਡੀਕਲ ਸੁਪ੍ਰਿੰਟੈਂਡੈਂਟ ਡਾ. ਕਰਮਜੀਤ ਸਿੰਘ, ਨਰਸਿੰਘ ਸੁਪ੍ਰਿੰਟੈਂਡੈਂਟ ਬੀਬੀ ਨਵਕਿਰਨ ਕੌਰ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ. ਬਲਵਿੰਦਰ ਸਿੰਘ ਸਮੇਤ ਹੋਰ ਮੌਜੂਦ ਸਨ।

# ਵਿਧਾਇਕ ਕੋਹਲੀ ਵੱਲੋਂ ਮੰਦਿਰ ਸ੍ਰੀ ਕਾਲੀ ਦੇਵੀ ਵਿਖੇ ਆਯੂਸ਼ਮਾਨ ਅਰੋਗਿਆ ਕੇਂਦਰ ਦਾ ਉਦਘਾਟਨ



ਪਟਿਆਲਾ, 28 ਮਾਰਚ (ਹਰਵਿੰਦਰ ਲਾਲੀ):ਪਟਿਆਲਾ ਦੇ ਪ੍ਰਸਿੱਧ ਅਤੇ ਇਤਿਹਾਸਿਕ ਮੰਦਿਰ ਸ੍ਰੀ ਕਾਲੀ ਦੇਵੀ ਵਿਖੇ ਅੱਜ ਵਿਧਾਇਕ ਸ਼੍ਰੀ ਅਜੀਤਪਾਲ ਸਿੰਘ ਕੋਹਲੀ ਵੱਲੋਂ ਆਯੁਸ਼ਮਾਨ ਅਰੋਗਿਆ ਕੇਂਦਰ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਵਿਧਾਇਕ ਸ਼੍ਰੀ ਅਜੀਤਪਾਲ ਸਿੰਘ ਕੋਹਲੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਘਰ-ਘਰ ਤੱਕ ਬਿਹਤਰ ਸਿਹਤ ਸੇਵਾਵਾਂ ਪਹੁੰਚਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਹ ਅਰੋਗਿਆ ਕੇਂਦਰ ਇਲਾਕੇ ਦੇ ਲੋਕਾਂ ਲਈ ਬਹੁਤ ਹੀ ਲਾਭਦਾਇਕ ਸਾਬਤ ਹੋਵੇਗਾ, ਜਿੱਥੇ ਮਰੀਜ਼ਾਂ ਨੂੰ ਮੁਫ਼ਤ ਇਲਾਜ, ਦਵਾਈਆਂ ਅਤੇ ਲੈਬ ਟੈਸਟਾਂ ਦੀ ਸਹੂਲਤ ਮਿਲੇਗੀ। ਉਨ੍ਹਾਂ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਕੇਂਦਰਾਂ ਨਾਲ ਸਿਹਤ ਪ੍ਰਣਾਲੀ ਨੂੰ ਮਜ਼ਬੂਤੀ ਮਿਲੇਗੀ ਅਤੇ ਲੋਕਾਂ ਨੂੰ ਵੱਡੇ ਹਸਪਤਾਲਾਂ ਵੱਲ ਜਾਣ ਦੀ ਲੋੜ ਘੱਟੇਗੀ।

ਉਨ੍ਹਾਂ ਨੇ ਇਹ ਵੀ ਕਿਹਾ ਕਿ ਮੰਦਰ ਵਿੱਚ ਆਉਣ ਵਾਲੇ ਸ਼ਰਧਾਲੂਆਂ ਲਈ ਵੀ ਇਹ ਕੇਂਦਰ ਇੱਕ ਵੱਡੀ ਸਹੂਲਤ ਹੋਵੇਗਾ, ਜਿਸ ਨਾਲ ਉਨ੍ਹਾਂ ਨੂੰ ਜ਼ਰੂਰਤ ਪੈਣ 'ਤੇ ਤੁਰੰਤ ਮੈਡੀਕਲ ਸਹਾਇਤਾ ਮਿਲ ਸਕੇਗੀ। ਵਿਧਾਇਕ ਨੇ ਸਿਹਤ ਵਿਭਾਗ ਦੀ ਟੀਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਹ ਲੋਕਾਂ ਦੀ ਸੇਵਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ।

ਇਸ ਮੌਕੇ ਐਸ ਐਮ ਓ ਡਾ. ਲਵਕੇਸ਼ ਕੁਮਾਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਅਰੋਗਿਆ ਕੇਂਦਰ ਵਿੱਚ ਆਮ ਜਨਤਾ ਅਤੇ ਮੰਦਰ ਵਿੱਚ ਆਉਣ ਵਾਲੇ ਸ਼ਰਧਾਲੂਆਂ ਲਈ ਮੁਫ਼ਤ ਮੈਡੀਕਲ ਸਹੂਲਤਾਂ ਉਪਲਬਧ ਕਰਵਾਈਆਂ ਜਾਣਗੀਆਂ। ਇੱਥੇ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦੇ ਨਾਲ-ਨਾਲ 46 ਤਰ੍ਹਾਂ ਦੇ ਲੈਬ ਟੈਸਟਾਂ ਦੀ ਸਹੂਲਤ ਵੀ ਪ੍ਰਦਾਨ ਕੀਤੀ ਜਾਵੇਗੀ।

ਉਦਘਾਟਨ ਸਮਾਗਮ ਦੌਰਾਨ ਵਾਰਡ ਨੰ 48 ਤੋਂ ਰਾਜੇਸ਼ ਕੁਮਾਰ ਸਾਹਨੀ, ਨਰੇਸ਼ ਕੁਮਾਰ ਕਾਕਾ, ਯੋਗੇਸ਼ ਟੰਡਨ , ਕੌਸ਼ਲ ਚੋਪੜਾ , ਸਿਵਿਲ ਸਰਜਨ ਪਟਿਆਲਾ ਡਾ. ਰਚਨਾ, ਐਸਐਮਓ ਡਾ. ਲਵਕੇਸ਼ ਕੁਮਾਰ, ਡਾ. ਸੰਦੀਪ ਕੰਡਾਰਾ, ਡਾ. ਕਿਰਨਪ੍ਰੀਤ ਕੌਰ, ਡਾ. ਸ਼ਿਵਾਲੀ ਸਮੇਤ ਪੈਰਾਮੈਡੀਕਲ ਸਟਾਫ, ਮੀਡੀਆ ਵਿੰਗ ਦਾ ਸਟਾਫ ਅਤੇ ਆਸ਼ਾ ਵਰਕਰ ਵੀ ਮੌਜੂਦ ਸਨ।

# ਖੰਨਾ ਦੇ ਤਨਿਸ਼ ਸ਼ਾਹੀ ਅਤੇ ਸੁਭਕਰਮਣ ਦਾ ਰਾਸ਼ਟਰੀ ਮੁੱਕੇਬਾਜ਼ੀ ਚੈਂਪੀਅਨਸ਼ਿਪ ਜਿੱਤਣ 'ਤੇ ਸ਼ਾਨਦਾਰ ਸਨਮਾਨ



**ਆਜ਼ਾਦ ਸੋਚ**
**ਜੇ ਐੱਸ ਖੰਨਾ**
**ਖੰਨਾ , 28 ਮਾਰਚ**

ਸਾਗੀ ਰਾਮ ਕ੍ਰਿਸ਼ਨਮ ਰਾਜੂ ਟਰਾਫੀ-2026÷ ਓਪਨ ਅੰਡਰ-23 ਪੁਰਸ਼ ਅਤੇ ਮਹਿਲਾ ਮੁੱਕੇਬਾਜ਼ੀ ਚੈਂਪੀਅਨਸ਼ਿਪ ਆਂਧਰਾ ਪ੍ਰਦੇਸ਼ ਐਮੇਚਿਓਰ ਮੁੱਕੇਬਾਜ਼ੀ ਐਸੋਸੀਏਸ਼ਨ ਦੁਆਰਾ ਇੰਡੀਅਨ ਐਮੇਚਿਓਰ ਮੁੱਕੇਬਾਜ਼ੀ ਫੈਡਰੇਸ਼ਨ ਦੀ ਸਰਪ੍ਰਸਤੀ ਹੇਠ 19 ਮਾਰਚ ਤੋਂ 22 ਮਾਰਚ ਤੱਕ ਆਂਧਰਾ ਪ੍ਰਦੇਸ਼ ਦੇ ਚਿੰਨਾਮੀਰਾਮ, ਭੀਮਾਵਰਮ ਪੇਂਡੂ, ਐਸਆਰਕੇਆਰ ਇੰਜੀਨੀਅਰਿੰਗ ਕਾਲਜ (ਏ) ਵਿਖੇ ਆਯੋਜਿਤ ਕੀਤੀ ਗਈ। ਇਸ ਚੈਂਪੀਅਨਸ਼ਿਪ ਵਿੱਚ ਖੰਨਾ ਦੇ ਰਹਿਣ ਵਾਲੇ ਤਨਿਸ਼ ਸ਼ਾਹੀ ਨੇ ਨੈਸ਼ਨਲ ਬਾਕਸਿੰਗ ਚੈਂਪੀਅਨਸ਼ਿਪ ਵਿੱਚ 57 ਕਿਲੋਗ੍ਰਾਮ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਸ਼ੁਭਕਰਮਣ ਸਿੰਘ ਨੇ ਵੀ 54 ਕਿਲੋਗ੍ਰਾਮ ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ ਤਗਮਾ ਜਿੱਤਿਆ ਅਤੇ ਖੰਨਾ ਸ਼ਹਿਰ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਖੰਨਾ ਦੇ ਗੁਲਮੋਹਰ ਨਗਰ ਵਾਸੀ ਅਮਰਿੰਦਰ ਸਿੰਘ ਚਹਿਲ , ਮੈਡਮ ਪੂਜਾ ਸਾਹਨੇਵਾਲੀਆ , ਬਿੰਨੀ ਮਲਹੋਤਰਾ ਅਤੇ ਸੁਖਵਿੰਦਰ ਬਿੱਲਾ ਨੇ ਵਿਸ਼ੇਸ਼ ਤੌਰ 'ਤੇ ਦੋਵਾਂ ਜੇਤੂਆਂ ਨੂੰ ਭਰਵੇਂ ਇਕੱਠ ਵਿੱਚ ਸਨਮਾਨਿਤ ਕੀਤਾ। ਅਮਰਿੰਦਰ ਸਿੰਘ ਚਾਹਲ ਅਤੇ ਬਿੰਨੀ ਮਲਹੋਤਰਾ ਨੇ ਆਪਣੀ ਟੀਮ ਸਮੇਤ ਦੋਵਾਂ ਜੇਤੂਆਂ ਨੂੰ ਸਨਮਾਨਿਤ ਕੀਤਾ ਅਤੇ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਅਮਰਿੰਦਰ ਸਿੰਘ ਚਾਹਲ ਨੇ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਦੀਆਂ ਹਨ ਅਤੇ ਨੌਜਵਾਨਾਂ ਦੀ ਖੇਡਾਂ ਪ੍ਰਤੀ ਦਿਲਚਸਪੀ ਨੂੰ ਵਧਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਤਨਿਸ਼ ਸ਼ਾਹੀ ਅਤੇ ਸੁਭਕਰਮਣ ਅੱਜ ਦੇ ਨੌਜਵਾਨਾਂ ਲਈ ਇੱਕ ਵੱਡੀ ਉਦਾਹਰਣ ਹਨ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਵੱਲ ਜਾਣਾ ਚਾਹੀਦਾ ਹੈ ਅਤੇ ਆਪਣੇ ਹੁਨਰ ਨੂੰ ਹੋਰ ਨਿਖਾਰਨਾ ਚਾਹੀਦਾ ਹੈ। ਅਮਰਿੰਦਰ ਚਹਿਲ ਨੇ ਦੱਸਿਆ ਕਿ ਅੱਜ ਉਨ੍ਹਾਂ ਦੇ ਕੋਚ ਰਵਿੰਦਰ ਸ਼ਾਹੀ ਦੀ ਕੀਤੀ ਮਿਹਨਤ ਨੂੰ ਵੀ ਬੂਰ ਪਿਆ ਹੈ। ਦੋਹਾਂ ਖਿਡਾਰੀਆਂ ਨੇ ਵੀ ਆਪਣੇ ਕੋਚ ਸਾਬ ?ਹ ਦਾ ਮਾਣ ਸਨਮਾਨ ਕੀਤਾ। ਇਸ ਮੌਕੇ ਉਪ ਪ੍ਰਧਾਨ ਐਡਵੋਕੇਟ ਜਤਿਨ ਮਿੱਤਲ , ਵਿਸ਼ਾਲ ਮਿੱਤਲ , ਜਤਿੰਦਰ ਗੁਲਸ਼ਨ , ਨਿਪੁੰਨ ਮਿੱਤਲ , ਬੱਬੀ ਪੁੰਜ , ਸਚਿਨ ਸ਼ਰਮਾ , ਲਵਿਸ਼ ਵੋਹਰਾ , ਕਵਿਸ਼ ਸਿੰਗਲਾ , ਓਮ ਪ੍ਰਕਾਸ਼ , ਅਸ਼ੋਕ ਨਾਰੰਗ , ਜਯੰਤ ਮਿੱਤਲ , ਹਰਵਿੰਦਰ ਸ਼ਾਹੀ , ਰਾਜੇਸ਼ ਕੁਮਾਰ ਬਿੱਟੂ , ਨਰੇਸ਼ ਨਾਥ , ਬਾਬੂ ਵਾਲੀਆ , ਹਰਸ਼ ਸ਼ਾਹੀ , ਰਾਜ ਕੁਮਾਰ ਸ਼ਾਹੀ , ਯਸ਼ਰਾਜ ਚਾਹਲ , ਹਵਾ ਸਿੰਘ , ਮਨਜੀਤ ਸਿੰਘ ਫੌਜੀ , ਸੁਖਵੀਰ ਸਿੰਘ ,ਸੰਜੀਵ ਮਿੱਤਲ , ਰਾਜਿੰਦਰ ਕੁਮਾਰ , ਪੂਰਨ ਚੰਦ , ਸੁਖਜਿੰਦਰ ਸਿੰਘ ਅਤੇ ਦਿਵਾਂਸ਼ੂ ਤੋਂ ਇਲਾਵਾ ਸ਼ਹਿਰ ਦੀਆਂ ਪ੍ਰਮੁੱਖ ਸਖਸ਼ੀਅਤਾਂ ਨੇ ਖੰਨਾ ਸ਼ਹਿਰ ਦਾ ਮਾਣ ਸਨਮਾਨ ਵਧਾਉਂਣ ਵਾਲੇ ਜੇਤੂ ਖਿਡਾਰੀ ਤਨਿਸ਼ ਸ਼ਾਹੀ , ਸੁਭਕਰਮਣ ਅਤੇ ਉਨ੍ਹਾਂ ਦੇ ਕੋਚ ਰਵਿੰਦਰ ਸ਼ਾਹੀ ਨੂੰ ਇਸ ਵੱਡਮੁੱਲੀ ਪ੍ਰਾਪਤੀ ਤੇ ਮੁਬਾਰਕਬਾਦ ਦਿੱਤੀ ਅਗਲੇ ਕੈਰੀਅਰ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ। ਇਸ ਮੌਕੇ ਦੋਨੋਂ ਜੇਤੂ ਖਿਡਾਰੀਆਂ ਅਤੇ ਉਨ੍ਹਾਂ ਦੇ ਕੋਚ ਨੇ ਇਸ ਸਨਮਾਨ ਦੇ ਲਈ ਸਨਮਾਨ ਕਰਨ ਵਾਲੀਆਂ ਸਮੁੱਚੀਆ ਸਖਸ਼ੀਅਤਾਂ ਅਤੇ ਸ਼ਹਿਰ ਵਾਸੀਆਂ ਦਾ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਅਸੀਂ ਇਸ ਸਨਮਾਨ ਦੇ ਲਈ ਹਮੇਸ਼ਾ ਰਿਣੀ ਰਹਾਂਗੇ।